ਸ'ਚ ਦੀ ਉਭਰਦੀ ਆਵਾਜ਼

ਰੋਜ਼ਾਨਾ ਪੰਜ ਆਬ

www.5aab.media
Rojana 5aab
Sach di ubhardi awaz

ਸੰਪਾਦਕ - ਮਨਜੀਤ ਸਿੰਘ ਭੋਗਲ     ਸਹਿ ਸੰਪਾਦਕ - ਡਾ. ਸੁਰਜੀਤ ਸਿੰਘ ਜਰਮਨੀ

• ਜਰਮਨੀ • ਭਾਰਤ • ਬੁੱਧਵਾਰ 4 ਜੂਨ 2025 • ਮਾਲ 1 • ਅੰਕ 61 • ਪੰਨੇ 8 • Daily online PANJ AAB Newspaper • Germany & India • www.5aab.media

## ਸ੍ਰੀ ਹਰਿਮੰਦਰ ਸਾਹਿਬ ਨੇੜੇ ਹੋਈ ਗੁਟਕਾ ਸਾਹਿਬ ਦੀ ਬੇਅਦਬੀ, ਫਟੇ ਮਿਲੇ ਅੰਗ

**ਅੰਮ੍ਰਿਤਸਰ** : ਆਪ੍ਰੇਸ਼ਨ ਬਲੂ ਸਟਾਰ ਤੋਂ ਦੋ ਦਿਨ ਪਹਿਲਾਂ, ਸ਼ਰਾਰਤੀ ਅਨਸਰਾਂ ਨੇ ਸ੍ਰੀ ਹਰਿ ਮੰਦਿਰ ਸਾਹਿਬ ਨੇੜੇ ਧਾਰਮਿਕ ਕਿਤਾਬ ਗੁਟਕਾ ਸਾਹਿਬ ਪਾੜ ਕੇ ਸੁੱਟ ਦਿੱਤੀ। ਹਾਲਾਂਕਿ, ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ। ਇਹ ਘਟਨਾ ਸੋਮਵਾਰ ਦੇਰ ਰਾਤ ਸ਼੍ਰੀ ਗੁਰੂ ਅਰਜਨ ਨਿਵਾਸ ਸਰਾਏ ਨੇੜੇ ਵਾਪਰੀ। ਘਟਨਾ ਤੋਂ ਦੋ ਦਿਨ ਪਹਿਲਾਂ ਹੀ ਇਲਾਕੇ ਵਿੱਚ ਹਾਈ ਅਲਰਟ ਐਲਾਨ ਦਿੱਤਾ ਗਿਆ ਹੈ।

ਘਟਨਾ ਦੇਖ ਕੇ ਮੌਕੇ 'ਤੇ ਮੌਜੂਦ ਲੋਕ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਨੇ ਦੋਸ਼ੀ ਨੂੰ ਫੜ ਲਿਆ ਅਤੇ ਕੁੱਟਣਾ ਸ਼ੁਰੂ ਕਰ ਦਿੱਤਾ। ਘਟਨਾ ਵਾਲੀ ਥਾਂ ਤੋਂ ਥੋੜ੍ਹੀ ਦੂਰੀ 'ਤੇ ਇੱਕ ਪੁਲਿਸ ਚੌਕ ਪੋਸਟ ਸੀ। ਸੂਚਨਾ ਮਿਲਦੇ ਹੀ ਪੁਲਿਸ ਮੌਕੇ 'ਤੇ ਪਹੁੰਚ ਗਈ ਅਤੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ। ਪੁਲਿਸ ਨੇ ਮੁਲਜ਼ਮ ਦੀ ਪਛਾਣ ਗੁਰਪ੍ਰੀਤ ਸਿੰਘ ਵਜੋਂ ਕੀਤੀ ਹੈ। ਪਤਾ ਲੱਗਾ ਹੈ ਕਿ ਗੁਰਪ੍ਰੀਤ ਸ਼੍ਰੀ ਹਰਿਮੰਦਰ ਸਾਹਿਬ ਦੇ ਨੇੜੇ ਰਹਿੰਦਾ ਹੈ। ਉਹ ਰੋਜ਼ਾਨਾ ਗੁਰਦੁਆਰਾ ਸਾਹਿਬ ਵਿਖੇ ਵੀ ਸੇਵਾ ਕਰਦਾ ਹੈ। ਪੁਲਿਸ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਇਸ ਘਟਨਾ ਵਿੱਚ ਕੌਣ-ਕੌਣ ਸ਼ਾਮਲ ਹਨ। ਗੁਰਪ੍ਰੀਤ ਸਿੰਘ ਤੋਂ ਪੁੱਛਗਿੱਛ ਜਾਰੀ ਹੈ। ਦੱਸਿਆ ਜਾ ਰਿਹਾ ਹੈ ਕਿ ਉਹ ਮਾਨਸਿਕ ਤੌਰ 'ਤੇ ਪਰੇਸ਼ਾਨ ਹੈ। ਇਸ ਦੇ ਬਾਵਜੂਦ, ਪੁਲਿਸ ਨੂੰ ਸ਼ੱਕ ਹੈ ਕਿ (ਬਾਕੀ 2 ਤੇ)

## ਬਾਬਾ ਸਾਹਿਬ ਦੇ ਬੁੱਤ ਨਾਲ ਸ਼ਰਾਰਤੀ ਅਨਸਰਾਂ ਵੱਲੋਂ ਕੀਤੀ ਛੇੜਛਾੜ ਦੀ ਘਟਨਾ ਬਰਦਾਸ਼ਤਯੋਗ ਨਹੀਂ : ਮੋਹਿੰਦਰ ਭਗਤ

**ਜਲੰਧਰ** -(ਬਾਠ) ਉਪ ਮੰਡਲ ਫਿਲੌਰ ਅਧੀਨ ਪੈਂਦੇ ਪਿੰਡ ਨੰਗਲ ਵਿਖੇ ਭਾਰਤੀ ਸੰਵਿਧਾਨ ਨਿਰਮਾਤਾ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਜੀ ਦੇ ਬੁੱਤ ਨਾਲ ਸ਼ਰਾਰਤੀ ਅਨਾਸਰਾਂ ਵੱਲੋਂ ਕੀਤੀ ਗਈ ਛੇੜਛਾੜ ਦੀ ਘਟਨਾ ਨਾ ਸਿਰਫ ਸ਼ਰਮਨਾਕ



ਹੈ, ਸਗੋਂ ਭਾਰਤ ਦੀਆਂ ਲੋਕਤੰਤਰਿਕ ਕਦਰਾਂ ਕੀਮਤਾਂ 'ਤੇ ਸਿੱਧਾ ਹਮਲਾ ਵੀ ਹੈ।

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਬਿਆਨ ਜਾਰੀ ਕਰਦਿਆਂ ਇਸ ਘਟਨਾ ਨੂੰ ਕੱਟੜਪੰਥੀਆਂ ਵੱਲੋਂ ਪੰਜਾਬ ਦੇ ਸ਼ਾਂਤੀਪੂਰਨ ਮਾਹੌਲ ਨੂੰ ਖ਼ਰਾਬ ਕਰਨ ਦੀ ਕੋਸ਼ਿਸ਼ ਦੱਸਿਆ। ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਸੂਬੇ ਵਿੱਚ ਸ਼ਾਂਤੀਪੂਰਨ ਮਾਹੌਲ ਕਾਇਮ ਰੱਖਣ ਲਈ ਵਚਨਬੱਧ ਹੈ ਅਤੇ ਅਜਿਹੀਆਂ ਕੋਝੀਆਂ ਹਰਕਤਾਂ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਸ਼ਰੀ ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਵਿੱਚ (ਬਾਕੀ 2 ਤੇ)



ਅਸਾਮ ਦੇ ਹੋਜਈ ਜ਼ਿਲ੍ਹੇ ਦੇ ਜਮੁਨਾਮੁਖ ਇਲਾਕੇ ਵਿੱਚ ਭਾਰੀ ਮੀਂਹ ਤੋਂ ਬਾਅਦ ਸੜਕ ਦੇ ਡੁੱਬੇ ਹੋਏ ਹਿੱਸੇ ਕੋਲ ਲੋਕ ਉਡੀਕ ਕਰਦੇ ਹੋਏ।

## ਕੁਲਤਾਰ ਸਿੰਘ ਸੰਧਵਾਂ ਵੱਲੋਂ ਹਜ਼ੂਰੀ ਰਾਗੀ ਭਾਈ ਇੰਦਰਜੀਤ ਸਿੰਘ ਬੰਬੇ ਵਾਲਿਆਂ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

**ਚੰਡੀਗੜ੍ਹ** - ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਭਾਈ ਇੰਦਰਜੀਤ ਸਿੰਘ ਬੰਬੇ ਵਾਲਿਆਂ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਹੈ, ਜੋ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ। ਸਪੀਕਰ ਨੇ ਅੱਗੇ ਕਿਹਾ ਕਿ ਉਨ੍ਹਾਂ ਦੇ ਦੇਹਾਂਤ ਦੀ ਖ਼ਬਰ ਸੁਣ ਕੇ ਮੈਨੂੰ ਬਹੁਤ ਦੁੱਖ ਹੋਇਆ ਹੈ। ਉਨ੍ਹਾਂ ਕਿਹਾ ਕਿ ਹਜ਼ੂਰੀ ਰਾਗੀ ਭਾਈ ਇੰਦਰਜੀਤ ਸਿੰਘ ਬੰਬੇ ਵਾਲੇ ਇੱਕ ਮਹਾਨ ਸ਼ਖਸੀਅਤ ਸਨ, ਜਿਨ੍ਹਾਂ ਨੇ ਆਪਣਾ ਸਾਰਾ ਜੀਵਨ ਪੰਥ ਦੀ ਸੇਵਾ ਲੇਖੇ ਲਾਇਆ। (ਬਾਕੀ 2 ਤੇ)

ਆਪ ਸਰਕਾਰ ਵੱਲੋਂ ਇਤਿਹਾਸਕ ਫੈਸਲਾ | ਅਨੁਸੂਚਿਤ ਜਾਤੀ ਭਾਈਚਾਰੇ ਦੇ ਪਰਿਵਾਰਾਂ ਨੂੰ ਵੱਡੀ ਰਾਹਤ

# 67.84 ਕਰੋੜ ਰੁਪਏ ਦੇ ਕਰਜ਼ੇ ਮੁਆਫ਼ ਕੀਤੇ, 4800 ਪਰਿਵਾਰਾਂ ਨੂੰ ਮਿਲਿਆ ਲਾਭ

**ਕਰਜ਼ਾ ਮੁਆਫੀ ਸਕੀਮ ਮਹਿਜ਼ ਸਕੀਮ ਹੀ ਨਹੀਂ ਸਗੋਂ ਭਾਈਚਾਰੇ ਦੇ ਮਾਣ-ਸਤਿਕਾਰ ਨੂੰ ਬਹਾਲ ਕਰਨ, ਇਨਸਾਫ ਦੇਣ ਅਤੇ ਨਵੀਂ ਸ਼ੁਰੂਆਤ ਲਈ ਮੌਕੇ ਪ੍ਰਦਾਨ ਕਰੇਗੀ**

**ਚੰਡੀਗੜ੍ਹ** - ਸੂਬੇ ਵਿੱਚ ਅਨੁਸੂਚਿਤ ਜਾਤੀ (ਐਸ.ਸੀ.) ਭਾਈਚਾਰੇ ਨੂੰ ਵੱਡੀ ਰਾਹਤ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਮੰਤਰੀ ਮੰਡਲ ਨੇ ਅੱਜ 67.84 ਕਰੋੜ ਰੁਪਏ ਦੀ ਕਰਜ਼ਾ ਮੁਆਫ਼ੀ ਨੂੰ ਮਨਜ਼ੂਰੀ ਦਿੱਤੀ ਜਿਸ ਨਾਲ ਤਕਰੀਬਨ 4,800 ਪਰਿਵਾਰਾਂ ਨੂੰ ਲਾਭ ਪਹੁੰਚਿਆ।

ਇਸ ਬਾਰੇ ਫੈਸਲਾ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਉਨ੍ਹਾਂ ਦੀ ਸਰਕਾਰੀ ਰਿਹਾਇਸ਼ 'ਤੇ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ।

ਅੱਜ ਇੱਥੇ ਇਹ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਦਫ਼ਤਰ ਦੇ ਇਕ ਬੁਲਾਰੇ ਨੇ ਦੱਸਿਆ ਕਿ ਮੰਤਰੀ ਮੰਡਲ ਨੇ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਤੇ ਵਿੱਤ ਨਿਗਮ (ਪੀ.ਐਸ.ਸੀ.ਐਫ.ਸੀ.) ਦੇ ਕਰਜ਼ਦਾਰਾਂ ਲਈ 31 ਮਾਰਚ, 2020 ਤੱਕ ਵੰਡੇ ਗਏ ਕਰਜ਼ੇ ਮੁਆਫ਼ ਕਰਨ ਲਈ ਕਾਰਜ-ਬਾਅਦ ਪ੍ਰਵਾਨਗੀ ਦੇ ਦਿੱਤੀ ਹੈ। ਇਹ ਮੁਆਫ਼ੀ ਪੀ.ਐਸ.ਸੀ.ਐਫ.ਸੀ. ਦੁਆਰਾ ਉਪਰੋਕਤ ਮਿਤੀ ਤੱਕ ਵੰਡੇ ਗਏ



ਸਾਰੇ ਕਰਜ਼ਿਆਂ ਲਈ ਹੈ ਜਿਸ ਨਾਲ ਐਸ.ਸੀ. ਭਾਈਚਾਰਾ ਅਤੇ ਦਿਵਿਆਂਗ ਵਰਗ ਦੇ ਕਰਜ਼ਦਾਰਾਂ ਨੂੰ ਅਤਿ ਲੋੜੀਂਦੀ ਰਾਹਤ ਮਿਲੀ ਹੈ। ਇਸ ਕਦਮ ਨਾਲ ਕੁੱਲ 4,727 ਕਰਜ਼ਦਾਰਾਂ ਨੂੰ 67.84 ਕਰੋੜ ਰੁਪਏ ਦੀ ਕੁੱਲ ਰਕਮ ਦਾ ਲਾਭ ਹੋਵੇਗਾ।

ਸਾਰੇ 4,727 ਕਰਜ਼ਦਾਰ ਜਿਨ੍ਹਾਂ ਵਿੱਚ 4,685 ਡਿਫਾਲਟ ਕਰਜ਼ਦਾਰ ਅਤੇ 42 ਰੈਗੂਲਰ ਕਰਜ਼ਦਾਰ ਹਨ, ਇਸ ਕਰਜ਼ਾ ਮੁਆਫ਼ੀ ਯੋਜਨਾ ਹੇਠ ਆਉਣਗੇ। ਇਸ ਲਈ 'ਕੋਈ ਇਤਰਾਜ਼ ਨਹੀਂ' ਸਰਟੀਫਿਕੇਟ (ਨੋ ਡਿਊ ਸਰਟੀਫਿਕੇਟ) ਪੀ. ਐਸ .ਸੀ. ਐਫ.ਸੀ. ਦੇ ਜ਼ਿਲ੍ਹਾ ਮੈਨੇਜਰਾਂ ਦੁਆਰਾ ਜਾਰੀ ਕੀਤੇ ਜਾਣਗੇ। ਬੁਲਾਰੇ ਨੇ ਅੱਗੇ ਦੱਸਿਆ ਕਿ 30 ਅਪ੍ਰੈਲ, 2025 ਤੱਕ ਗਿਣਿਆ ਗਿਆ ਮੂਲ, ਵਿਆਜ ਅਤੇ ਦੰਡ ਵਿਆਜ ਸਮੇਤ ਬਣਦੀ 67.84 ਕਰੋੜ ਦੀ ਪੂਰੀ ਰਕਮ ਸੂਬਾ ਸਰਕਾਰ ਵੱਲੋਂ ਪੀ.ਐਸ.ਸੀ.ਐਫ.ਸੀ. ਨੂੰ ਵਾਪਸ ਕੀਤੀ ਜਾਵੇਗੀ। ਅੰਤਿਮ ਵਿਆਜ ਦੀ ਰਕਮ ਦਾ ਹਿਸਾਬ ਉਸ ਮਿਤੀ ਤੋਂ ਹੋਵੇਗਾ, ਜਿਸ ਦਿਨ ਸਰਕਾਰ ਯੋਜਨਾ ਨੂੰ ਲਾਗੂ ਕਰਨ ਲਈ ਨੋਟੀਫਿਕੇਸ਼ਨ ਜਾਰੀ ਕਰਦੀ ਹੈ।

ਇਸ ਦੇ ਫਲਸਰੂਪ ਕੁੱਲ ਮੁਆਫ਼ੀ ਦੀ ਰਕਮ ਵਧ ਸਕਦੀ ਹੈ ਅਤੇ ਅਜਿਹਾ ਹੋਣ ਦੀ ਸੂਰਤ ਵਿੱਚ ਕਿਸੇ ਵੀ ਵਾਧੇ ਦੀ ਅਦਾਇਗੀ ਸਰਕਾਰ ਦੁਆਰਾ ਕੀਤੀ ਜਾਵੇਗੀ। ਬੁਲਾਰੇ ਨੇ ਅੱਗੇ ਦੱਸਿਆ ਕਿ ਮਹੱਤਵਪੂਰਨ ਗੱਲ ਇਹ ਹੈ ਕਿ ਜਿਨ੍ਹਾਂ ਕਰਜ਼ਦਾਰਾਂ ਨੇ ਪਹਿਲਾਂ ਵੀ ਕਰਜ਼ਾ ਮੁਆਫੀ ਸਕੀਮਾਂ ਲਾਭ ਪ੍ਰਾਪਤ ਕੀਤਾ ਹੈ, ਉਹ ਵੀ ਇਸ ਮੁਆਫੀ ਸਕੀਮ ਦਾ ਲਾਭ ਲੈਣ ਲਈ ਯੋਗ ਮੰਨੇ ਜਾਣਗੇ। ਕਰਜ਼ਾ ਮੁਆਫੀ ਤੋਂ ਬਾਅਦ ਪੀ.ਐਸ.ਸੀ.ਐਫ.ਸੀ. ਦੇ ਨਿਯਮਾਂ ਤਹਿਤ ਕਰਜ਼ਾ ਲੈਣ ਵਾਲਿਆਂ ਵਿਰੁੱਧ ਰਿਕਵਰੀ ਲਈ ਕੋਈ ਕਾਰਵਾਈ ਸ਼ੁਰੂ ਨਹੀਂ ਕੀਤੀ ਜਾਵੇਗੀ। (ਬਾਕੀ 2 ਤੇ)

### CM ਮਾਨ ਦਾ ਭਾਜਪਾ ਨੂੰ ਜਵਾਬ

## ਸਿੰਦੂਰ ਦਾ ਉਡਾਇਆ ਜਾ ਰਿਹਾ ਮਜ਼ਾਕ

**ਚੰਡੀਗੜ**। ਪੰਜਾਬ ਵਿੱਚ ਸਿੰਦੂਰ ਦੇ ਨਾਮ 'ਤੇ ਰਾਜਨੀਤੀ ਗਰਮਾ ਗਈ ਹੈ। ਮੁੱਖ ਮੰਤਰੀ ਨੇ ਹਰ ਘਰ ਵਿੱਚ ਸਿੰਦੂਰ ਭੇਜਣ ਦੇ ਮੁੱਦੇ 'ਤੇ ਭਾਜਪਾ 'ਤੇ ਨਿਸ਼ਾਨਾ ਸਾਧਿਆ ਹੈ। ਉਨ੍ਹਾਂ ਨੇ ਪੁੱਛਿਆ ਹੈ ਕਿ ਕੀ ਇਹ ਇੱਕ ਰਾਸ਼ਟਰ ਤੇ ਇੱਕ ਪਤੀ ਯੋਜਨਾ ਹੈ? ਸਿੰਦੂਰ ਦਾ ਮਜ਼ਾਕ ਉਡਾਇਆ ਜਾ ਰਿਹਾ ਹੈ। ਇਸ ਤੋਂ ਪਹਿਲਾਂ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਵੀ ਭਾਜਪਾ ਨੂੰ ਘੇਰਿਆ ਸੀ। ਉਨ੍ਹਾਂ ਨੇ ਕਿਹਾ ਕਿ ਔਰਤ ਦੇ ਪਤੀ ਦਾ ਸਿੰਦੂਰ ਉੱਤੇ ਹੱਕ ਹੈ। ਉਨ੍ਹਾਂ ਨੇ ਪੰਜਾਬ ਭਾਜਪਾ ਆਗੂਆਂ ਨੂੰ ਸਲਾਹ ਦਿੱਤੀ ਸੀ ਕਿ ਉਹ ਹਰ ਘਰ ਵਿੱਚ ਸਿੰਦੂਰ ਨਾ ਭੇਜਣ, ਨਹੀਂ ਤਾਂ ਪੰਜਾਬੀ ਔਰਤਾਂ ਉਨ੍ਹਾਂ ਨੂੰ (ਬਾਕੀ 2 ਤੇ)

ਰਾਹੁਲ ਗਾਂਧੀ ਦਾ ਤਿੱਖਾ ਹਮਲਾ

# 'ਟਰੰਪ ਦਾ ਫੋਨ ਆਇਆ ਅਤੇ PM ਨੇ ਸਰੈਂਡਰ ਕਰ ਦਿੱਤਾ'

**ਭੋਪਾਲ**। ਕਾਂਗਰਸ ਨੇਤਾ ਰਾਹੁਲ ਗਾਂਧੀ ਮੱਧ ਪ੍ਰਦੇਸ਼ ਦੀ ਰਾਜਧਾਨੀ ਭੋਪਾਲ ਦੇ ਦੌਰੇ 'ਤੇ ਹਨ। ਜਿੱਥੇ ਮੰਗਲਵਾਰ ਨੂੰ ਉਨ੍ਹਾਂ ਨੇ ਸੰਗਠਨ ਦੇ ਨਿਰਮਾਣ ਨੂੰ ਲੈ ਕੇ ਪਾਰਟੀ ਵਿਧਾਇਕਾਂ ਅਤੇ ਜ਼ਿਲ੍ਹਾ ਪ੍ਰਧਾਨਾਂ ਨਾਲ ਮੀਟਿੰਗ ਕੀਤੀ। ਇਸ ਤੋਂ ਬਾਅਦ ਕਾਂਗਰਸ ਵਰਕਰ ਸੰਮੇਲਨ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਨੇ ਕੇਂਦਰ ਦੀ ਮੋਦੀ ਸਰਕਾਰ 'ਤੇ ਨਿਸ਼ਾਨਾ ਸਾਧਿਆ। ਪਹਿਲਗਾਮ ਹਮਲੇ ਤੋਂ ਬਾਅਦ ਫੌਜ ਦੇ ਆਪ੍ਰੇਸ਼ਨ ਸਿੰਦੂਰ ਵੱਲ ਇਸ਼ਾਰਾ ਕਰਦੇ ਹੋਏ ਰਾਹੁਲ ਨੇ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਫੋਨ ਆਇਆ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੁਰੰਤ ਸਰੈਂਡਰ ਹੋ ਗਏ ।

ਵਿਰੋਧੀ ਧਿਰ ਦੇ ਨੇਤਾ ਨੇ ਅੱਗੇ ਕਿਹਾ ਕਿ ਇਤਿਹਾਸ ਗਵਾਹ ਹੈ, ਇਹੀ ਭਾਜਪਾ-ਆਰਐਸਐਸ ਦਾ ਕਿਰਦਾਰ ਹੈ। ਉਹ ਹਮੇਸ਼ਾ ਝੁਕਦੇ ਹਨ। ਭਾਰਤ ਨੇ 1971 ਵਿੱਚ ਅਮਰੀਕਾ ਦੀ ਧਮਕੀ ਦੇ ਬਾਵਜੂਦ ਪਾਕਿਸਤਾਨ ਨੂੰ ਤੋੜਿਆ ਸੀ। ਕਾਂਗਰਸ ਦੇ ਬੱਬਰ ਸ਼ੇਰ ਅਤੇ ਸ਼ੇਰਨੀਆਂ ਸੁਪਰ ਪਾਵਰਾਂ ਨਾਲ ਲੜਦੇ ਹਨ, ਉਹ ਕਦੇ ਨਹੀਂ ਝੁਕਦੇ। ਉਨ੍ਹਾਂ ਨੂੰ ਆਜ਼ਾਦੀ ਦੇ ਸਮੇਂ ਤੋਂ ਹੀ ਸਰੈਂਡਰ ਲੈਟਰ ਲਿਖਣ ਦੀ ਆਦਤ ਹੈ। ਇੱਕ ਸਕਿੰਟ ਵਿੱਚ ਥੋੜ੍ਹਾ ਜਿਹਾ ਦਬਾਅ ਪਿਆ ਨਹੀਂ



ਕਿ ਸਰੈਂਡਰ ਹੋ ਗਏ, ਪਰ ਕਾਂਗਰਸ ਪਾਰਟੀ ਸਰੈਂਡਰ ਨਹੀਂ ਕਰਦੀ। ਗਾਂਧੀ ਜੀ, ਜਵਾਹਰ ਲਾਲ ਨਹਿਰੂ, ਸਰਦਾਰ ਪਟੇਲ, ਇਹ ਉਹ ਲੋਕ ਨਹੀਂ ਹਨ ਜੋ ਸਰੈਂਡਰ ਕਰ ਦਿੰਦੇ ਹਨ। ਇਹ ਉਹ ਲੋਕ ਹਨ ਜੋ ਸੁਪਰ ਪਾਵਰਾਂ ਵਿਰੁੱਧ ਲੜਦੇ ਹਨ।

ਦੇਸ਼ ਦੇ 90 ਪ੍ਰਤੀਸ਼ਤ ਲੋਕਾਂ ਨੂੰ ਪਾਸੇ ਕੀਤਾ ਜਾ ਰਿਹਾ - ਰਾਹੁਲ

ਮਜ਼ਦੂਰਾਂ ਨੂੰ ਸੰਬੋਧਨ ਕਰਦੇ ਹੋਏ ਰਾਹੁਲ ਨੇ ਕਿਹਾ ਕਿ ਦੇਸ਼ ਦੀ ਸਾਰੀ ਦੌਲਤ ਚੁਣੇ ਹੋਏ ਲੋਕਾਂ ਨੂੰ ਸੌਂਪੀ ਜਾ ਰਹੀ ਹੈ। ਹਰ ਜਗ ?ਹਾ ਸਿਰਫ਼ ਦੋ-ਤਿੰਨ ਲੋਕ ਹੀ ਦਿਖਾਈ ਦੇ ਰਹੇ ਹਨ, ਜਿਵੇਂ ਉਨ੍ਹਾਂ ਤੋਂ ਇਲਾਵਾ ਦੇਸ਼ ਵਿੱਚ ਕੋਈ ਹੋਰ ਕਾਰੋਬਾਰੀ ਨਾ ਹੋਵੇ। ਦੇਸ਼ ਦੇ 90 ਪ੍ਰਤੀਸ਼ਤ ਲੋਕਾਂ ਨੂੰ ਪਾਸੇ ਕਰਕੇ ਸਾਰਾ ਪੈਸਾ ਚੁਣੇ ਹੋਏ ਲੋਕਾਂ ਨੂੰ ਸੌਂਪਿਆ ਜਾ ਰਿਹਾ ਹੈ।

'ਕੁਝ ਲੋਕ ਭਾਰਤ ਵਿੱਚ ਚੀਨੀ ਮਾਲ ਵੇਚ ਰਹੇ ਹਨ'

ਉਨ੍ਹਾਂ ਅੱਗੇ ਕਿਹਾ ਕਿ ਕੁਝ ਲੋਕ ਭਾਰਤ ਵਿੱਚ ਚੀਨੀ ਸਾਮਾਨ ਵੇਚਦੇ ਹਨ, ਖੁਦ ਕਮਾਈ ਕਰਦੇ ਹਨ ਅਤੇ ਰੁਜ਼ਗਾਰ ਚੀਨ ਦੇ ਨੌਜਵਾਨਾਂ ਨੂੰ ਮਿਲਦਾ ਹੈ ਜਦੋਂ ਕਿ ਇੱਥੇ ਨੌਜਵਾਨ ਬੇਰੁਜ਼ਗਾਰ ਘੁੰਮ ਰਹੇ ਹਨ। ਇਹ ਭਾਰਤ ਦਾ ਸੱਚ ਹੈ। ਇਸ ਦੇਸ਼ ਦੇ ਨੌਜਵਾਨਾਂ ਨੂੰ ਰੁਜ਼ਗਾਰ ਨਹੀਂ ਮਿਲ ਰਿਹਾ ਹੈ ਅਤੇ ਇਸ ਨੂੰ ਛੁਪਾਇਆ ਨਹੀਂ ਜਾ ਸਕਦਾ। ਜਾਤੀ ਜਨਗਣਨਾ ਤੋਂ ਪਤਾ ਲੱਗੇਗਾ ਕਿ ਕਿਸਨੂੰ ਲਾਭ ਮਿਲ ਰਿਹਾ ਹੈ ਅਤੇ ਕਿਸ ਨਾਲ ਬੇਇਨਸਾਫ਼ੀ ਹੋ ਰਹੀ ਹੈ। ਉੱਧਰ, ਦਲਿਤਾਂ, ਆਦਿਵਾਸੀਆਂ, ਪਛੜੇ ਅਤੇ ਘੱਟ ਗਿਣਤੀਆਂ ਬਾਰੇ ਗੱਲ ਕਰਦੇ ਹੋਏ ਰਾਹੁਲ ਨੇ ਕਿਹਾ ਕਿ ਦੇਸ਼ ਵਿੱਚ ਉਨ੍ਹਾਂ ਦੀ ਆਬਾਦੀ ਲਗਭਗ 90 ਪ੍ਰਤੀਸ਼ਤ ਹੈ, ਪਰ ਉਨ੍ਹਾਂ ਦੀ ਕੋਈ ਭਾਗੀਦਾਰੀ ਨਹੀਂ ਹੈ। ਸਾਰਾ ਪੈਸਾ ਦੇਸ਼ ਦੇ ਕੁਝ ਚੁਣੇ ਹੋਏ ਪੂੰਜੀਪਤੀਆਂ ਨੂੰ ਹੀ ਦਿੱਤਾ ਜਾਂਦਾ ਹੈ। ਅੱਜ ਦੋ ਭਾਰਤ ਬਣਾਏ ਜਾ ਰਹੇ ਹਨ। ਪਹਿਲਾ ਭਾਰਤ 90 ਪ੍ਰਤੀਸ਼ਤ ਦਾ ਅਤੇ ਦੂਜਾ ਭਾਰਤ ਕੁਝ ਚੁਣੇ ਹੋਏ (ਬਾਕੀ 2 ਤੇ)

## ਤਰੁਣ ਚੁੱਘ ਨੇ ਸੁਖਦੇਵ ਸਿੰਘ ਢੀਂਡਸਾ ਦੇ ਅਕਾਲ ਚਲਾਣੇ ਤੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ



**ਚੰਡੀਗੜ੍ਹ** - ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਸੁਖਦੇਵ ਸਿੰਘ ਢੀਂਡਸਾ ਦੇ ਅਕਾਲ ਚਲਾਣੇ ਤੇ ਪਰਿਵਾਰ ਨਾਲ ਅਫਸੋਸ ਪ੍ਰਗਟ ਕਰਨ ਉਹਨਾ ਦੀ ਚੰਡੀਗੜ੍ਹ ਰਿਹਾਇਸ਼ ਤੇ ਪਹੁੰਚੇ । ਤਰੁਣ ਚੁੱਘ ਨੇ ਪਰਮਿੰਦਰ ਸਿੰਘ ਢੀਂਡਸਾ ਨਾਲ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਤੇ ਸ਼ਰਧਾਂਜਲੀ ਦਿੰਦਿਆ ਕਿਹਾ ਕਿ ਸਰਦਾਰ ਸੁਖਦੇਵ ਸਿੰਘ ਢੀਂਡਸਾ ਦੇਸ਼ ਦੇ ਮਹਾਨ ਨੇਤਾ ਸਨ। ਉਹਨਾ ਕਿਹਾ ਕਿ ਪੰਜਾਬ ਦੀ ਰਾਜਨੀਤੀ ਦੇ ਕੱਦਾਵਰ ਆਗੂ ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਰਹੇ ਅਤੇ ਸਾਬਕਾ ਕੇਂਦਰੀ ਕੈਬਨਿਟ ਮੰਤਰੀ ਸ. ਸੁਖਦੇਵ ਸਿੰਘ ਢੀਂਡਸਾ ਜੀ ਦੇ ਅਕਾਲ ਚਲਾਣਾ ਦੀ ਖ਼ਬਰ ਸੁਣਕੇ ਮਨ ਨੂੰ ਬਹੁਤ ਦੁੱਖ ਲੱਗਿਆ। ਉਨ੍ਹਾਂ ਦੇ ਜਾਣ ਨਾਲ ਪੰਜਾਬ ਨੂੰ ਬਹੁਤ ਵੱਡਾ ਘਾਟਾ ਪਿਆ ਹੈ।ਢੀਂਡਸਾ ਸਾਬ ?ਹ ਨੇ ਲੰਬਾ ਅਰਸਾ ਸ਼੍ਰੋਮਣੀ ਅਕਾਲੀ ਦਲ ਤੇ ਭਾਜਪਾ ਗਠਜੋੜ ਵਿਚ ਅਹਿਮ ਭੂਮਿਕਾ ਨਿਭਾਈ ਤੇ ਪੰਜਾਬ ਦੀ ਰਾਜਨੀਤੀ ਵਿੱਚ ਸਥਿਰਤਾ ਬਣਾਈ ਰੱਖੀ ਉਹਨਾ ਨੇ ਪੰਜਾਬ ਅਤੇ ਕੌਮ ਦੀ ਸੇਵਾ ਕੀਤੀ ਜਿਸ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ

ਤਰੁਣ ਚੁੱਘ ਕਿਹਾ ਕਿ ਉਹ ਰਾਜਨੀਤਿਕ ਲੀਡਰਸ਼ਿਪ ਦੇ ਉਸ ਵਰਗ ਨਾਲ ਸਬੰਧਤ ਹਨ ਜੋ ਸਿਧਾਂਤਾਂ ਦੀ ਰਾਜਨੀਤੀ ਕਰਦੇ ਸਨ ਅਤੇ ਰਾਜਨੀਤਿਕ ਵਿਰੋਧੀਆਂ ਲਈ ਹਮੇਸ਼ਾ ਸਤਿਕਾਰਯੋਗ ਸ਼ਬਦਾਂ ਦੀ ਵਰਤੋਂ ਕਰਦੇ ਸਨ। ਅੱਜ ਦੇ ਨੌਜਵਾਨ ਤੇ ਰਾਜਨੀਤਿਕ ਨੇਤਾਵਾਂ ਨੂੰ ਖਾਸ ਤੌਰ 'ਤੇ ਅਜਿਹੀਆਂ ਵੱਡੀਆਂ ਸ਼ਖਸੀਅਤਾਂ ਦੇ ਜੀਵਨ ਤੋਂ ਸਿੱਖਣ ਦੀ ਲੋੜ ਹੈ।ਅਕਾਲ ਪੁਰਖ ਅੱਗੇ ਅਰਦਾਸ ਕਰਦਾ ਹਾਂ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਿਸ਼ ਕਰਨ । ਇਸ ਮੌਕੇ ਉਹਨਾ ਦੇ ਨਾਲ ਭਾਜਪਾ ਦੇ ਸੂਬਾਈ ਪ੍ਰੈੱਸ ਸਕੱਤਰ ਹਰਦੇਵ ਸਿੰਘ ਉੱਭਾ, ਭਾਜਪਾ ਵਪਾਰ ਸ਼ੈਲ ਦੇ ਜਿਲਾ ਪ੍ਰਧਾਨ ਸੁੰਦਰ ਲਾਲ ਤੇ ਸਰਪੰਚ ਹਰਬੰਸ ਸਿੰਘ ਆਦਿ ਹਾਜ਼ਰ ਸਨ।

## ਆਪ੍ਰੇਸ਼ਨ ਸਿੰਦੂਰ ਦੌਰਾਨ ਪਾਕਿਸਤਾਨ-ਆਈਐਸਆਈ ਨੂੰ ਸੰਵੇਦਨਸ਼ੀਲ ਜਾਣਕਾਰੀ ਲੀਕ ਕਰਨ ਦੇ ਦੋਸ਼ ਹੇਠ ਤਰਨ ਤਾਰਨ ਨਿਵਾਸੀ ਨੂੰ ਕੀਤਾ ਗ੍ਰਿਫ਼ਤਾਰ

**ਚੰਡੀਗੜ੍ਹ/ਤਰਨਤਾਰਨ** - ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਜਾਸੂਸੀ ਵਿਰੋਧੀ ਕਾਰਵਾਈ ਕਰਦਿਆਂ, ਕਾਊਂਟਰ ਇੰਟੈਲੀਜੈਂਸ ਪੰਜਾਬ ਨੇ ਤਰਨਤਾਰਨ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਦੌਰਾਨ ਪਾਕਿਸਤਾਨ ਦੀ ਆਈਐਸਆਈ ਨਾਲ ਸਬੰਧਤ ਵਿਅਕਤੀ ਜੋ ਆਪ੍ਰੇਸ਼ਨ ਸਿੰਦੂਰ ਦੌਰਾਨ ਫੌਜ ਦੀਆਂ ਗਤੀਵਿਧੀਆਂ ਸਬੰਧੀ ਸੰਵੇਦਨਸ਼ੀਲ ਜਾਣਕਾਰੀ ਸਾਂਝੀ ਕਰ ਰਿਹਾ ਸੀ, ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਗਗਨਦੀਪ ਸਿੰਘ ਉਰਫ਼ ਗਗਨ ਵਾਸੀ ਮੁਹੱਲਾ ਰੋੜੂਪੁਰ, ਤਰਨਤਾਰਨ ਵਜੋਂ ਹੋਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਗਗਨਦੀਪ ਸਿੰਘ ਪਿਛਲੇ ਪੰਜ ਸਾਲਾਂ ਤੋਂ ਪਾਕਿਸਤਾਨ ਅਧਾਰਿਤ ਖਾਲਿਸਤਾਨੀ ਸਮਰਥਕ ਗੋਪਾਲ



ਸਿੰਘ ਚਾਵਲਾ ਜਿਸ ਨੇ ਉਸ ਨੂੰ ਪਾਕਿਸਤਾਨੀ ਇੰਟੈਲੀਜੈਂਸ ਆਪਰੇਟਿਵਜ਼ (ਪੀਆਈਓਜ਼) ਨਾਲ ਮਿਲਾਇਆ ਸੀ, ਦੇ ਸਿੱਧੇ ਸੰਪਰਕ ਵਿੱਚ ਸੀ। ਉਨ੍ਹਾਂ ਦੱਸਿਆ ਕਿ ਜਾਂਚ ਤੋਂ ਇਹ ਵੀ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਮੁਲਜ਼ਮ 'ਆਪ੍ਰੇਸ਼ਨ ਸਿੰਦੂਰ' ਦੌਰਾਨ ਫੌਜ ਦੀ ਤਾਇਨਾਤੀ, ਰਣਨੀਤਕ ਸਥਾਨਾਂ ਅਤੇ ਫੌਜ ਦੀਆਂ ਗਤੀਵਿਧੀਆਂ ਸਮੇਤ ਸੰਵੇਦਨਸ਼ੀਲ ਜਾਣਕਾਰੀ ਸਾਂਝੀ ਕਰ ਰਿਹਾ ਸੀ, ਜੋ ਰਾਸ਼ਟਰੀ ਸੁਰੱਖਿਆ ਲਈ ਗੰਭੀਰ ਖ਼ਤਰਾ ਬਣ ਸਕਦਾ ਸੀ।

ਉਨ੍ਹਾਂ ਕਿਹਾ ਕਿ ਪੁਲਿਸ ਟੀਮਾਂ ਨੇ ਮੁਲਜ਼ਮ ਗਗਨਦੀਪ ਦੇ ਕਬਜ਼ੇ ਵਿੱਚੋਂ ਦੋ ਮੋਬਾਈਲ ਬਰਾਮਦ ਕੀਤੇ ਹਨ, ਜਿਨ੍ਹਾਂ ਵਿੱਚ ਸੰਵੇਦਨਸ਼ੀਲ ਖੁਫੀਆ ਜਾਣਕਾਰੀ ਪਾਈ ਗਈ ਹੈ ਜੋ ਉਸ ਨੇ ਪੀਆਈਓਜ਼ ਨਾਲ ਸਾਂਝੀ ਕੀਤੀ ਸੀ। ਇਸ ਦੇ ਨਾਲ ਹੀ 20 ਤੋਂ ਵੱਧ ਆਈਐਸਆਈ ਸੰਪਰਕਾਂ ਦੇ ਵੇਰਵੇ ਵੀ ਮਿਲੇ ਹਨ। ਉਨ੍ਹਾਂ ਦੱਸਿਆ ਕਿ ਮੁਲਜ਼ਮ ਨੂੰ ਭਾਰਤੀ ਚੈਨਲਾਂ ਰਾਹੀਂ ਪੀਆਈਓਜ਼ ਤੋਂ ਭੁਗਤਾਨ ਵੀ ਪ੍ਰਾਪਤ ਹੋਏ ਹਨ। ਡੀਜੀਪੀ ਨੇ ਕਿਹਾ ਕਿ ਹੋਰ ਸਬੰਧਾਂ ਦਾ ਪਤਾ ਲਗਾਉਣ ਅਤੇ ਇਸ ਜਾਸੂਸੀ ਨੈੱਟਵਰਕ ਦੇ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਵਿੱਤੀ ਅਤੇ ਤਕਨੀਕੀ (ਬਾਕੀ 2 ਤੇ)

- ਗ੍ਰਿਫ਼ਤਾਰ ਦੋਸ਼ੀ ਗਗਨਦੀਪ ਪਾਕਿਸਤਾਨ-ਅਧਾਰਤ ਖਾਲਿਸਤਾਨੀ ਸਮਰਥਕ ਗੋਪਾਲ ਸਿੰਘ ਚਾਵਲਾ ਦੇ ਸੰਪਰਕ ਵਿੱਚ ਸੀ
- ਦੋਸ਼ੀ ਨੂੰ ਪਾਕਿਸਤਾਨੀ ਸੰਚਾਲਕਾਂ ਤੋਂ ਮਿਲਦੇ ਸਨ ਪੈਸੇ; ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਹੋਰ ਜਾਂਚ ਜਾਰੀ: ਐਸਐਸਪੀ ਤਰਨ ਤਾਰਨ ਅਭਿਮਨਿਊ ਰਾਣਾ

**ਪਤੀ ਦਿਖਾਉਂਦਾ ਹੈ ਸਹੇਲੀ ਦੀਆਂ ਅਸ਼ਲੀਲ ਵੀਡੀਓ**

## ਫਿਰ ਉਸੇ ਤਰ੍ਹਾਂ ਦੇ ਸਬੰਧ ਬਣਾਉਣ ਲਈ ਕਰਦਾ ਮਜ਼ਬੂਰ, ਮਾਮਲਾ ਦਰਜ

**ਬਾਂਦਾ** - ਉੱਤਰ ਪ੍ਰਦੇਸ਼ ਦੇ ਬਾਂਦਾ ਜ਼ਿਲ੍ਹੇ ਤੋਂ ਇੱਕ ਹੈਰਾਨ ਕਰਨ ਵਾਲਾ ਮਾਮਲਾ ਸਾਹਮਣੇ ਆਇਆ ਹੈ। ਕੋਤਵਾਲੀ ਇਲਾਕੇ ਵਿੱਚ ਰਹਿਣ ਵਾਲੀ ਇੱਕ ਔਰਤ ਨੇ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ ਹੈ, ਜਿਸ ਵਿੱਚ ਉਸਨੇ ਆਪਣੇ ਪਤੀ ਤੇ ਸਹੁਰਿਆਂ 'ਤੇ ਗੰਭੀਰ ਦੋਸ਼ ਲਗਾਏ ਹਨ। ਔਰਤ ਨੇ ਡੀਆਈਜੀ ਨੂੰ ਮਿਲ ਕੇ ਉਨ੍ਹਾਂ ਨੂੰ ਸਾਰਾ ਮਾਮਲਾ ਦੱਸਿਆ, ਜਿਸ ਤੋਂ ਬਾਅਦ ਬਾਂਦਾ ਪੁਲਿਸ ਨੂੰ ਜਾਂਚ ਕਰਨ ਤੇ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ।

ਪੀੜਤਾ ਨੇ ਦੱਸਿਆ ਕਿ ਉਸਦਾ ਵਿਆਹ 2022 ਵਿੱਚ ਮਹੋਬਾ ਜ਼ਿਲ੍ਹੇ ਵਿੱਚ ਹੋਇਆ ਸੀ। ਵਿਆਹ ਤੋਂ ਬਾਅਦ ਤੋਂ ਹੀ ਉਸਦਾ ਪਤੀ ਉਸਨੂੰ ਮਾਨਸਿਕ ਅਤੇ ਸਰੀਰਕ ਤੌਰ 'ਤੇ ਪ੍ਰੇਸ਼ਾਨ ਕਰ ਰਿਹਾ ਸੀ। ਔਰਤ ਦੇ ਅਨੁਸਾਰ, ਉਸਦਾ ਪਤੀ ਆਪਣੀ ਪ੍ਰੇਮਿਕਾ ਦੀਆਂ ਅਸ਼ਲੀਲ ਵੀਡੀਓ ਦਿਖਾ ਕੇ ਉਸਨੂੰ ਉਸੇ ਤਰ੍ਹਾਂ ਸੈਕਸ ਕਰਨ ਲਈ ਦਬਾਅ ਪਾਉਂਦਾ ਸੀ। ਜਦੋਂ ਉਹ ਵਿਰੋਧ ਕਰਦੀ ਸੀ, ਤਾਂ ਉਹ ਉਸਦੇ ਨਾਲ ਨਸ਼ੀਲਾ ਪਦਾਰਥ ਮਿਲਾਉਂਦਾ ਸੀ ਤੇ ਗੈਰ-ਕੁਦਰਤੀ ਤੇ ਕੁਦਰਤੀ ਤਰੀਕਿਆਂ ਨਾਲ ਜ਼ਬਰਦਸਤੀ ਸੈਕਸ ਕਰਦਾ ਸੀ।

ਔਰਤ ਨੇ ਕਿਹਾ ਕਿ ਉਸਨੇ ਆਪਣੀ ਸੱਸ ਨੂੰ ਇਸ ਬਾਰੇ ਦੱਸਿਆ, ਪਰ ਉਸਦੀ ਮਦਦ ਕਰਨ ਦੀ ਬਜਾਏ, ਉਸਦੀ ਸੱਸ, ਦਿਓਰ ਅਤੇ ਹੋਰ ਸਹੁਰਿਆਂ ਨੇ ਉਸਦੀ ਕੁੱਟਮਾਰ ਕੀਤੀ ਤੇ ਧਮਕੀ ਦਿੱਤੀ ਕਿ ਜੇ ਉਸਨੇ ਇਸ ਬਾਰੇ ਕਿਸੇ ਨੂੰ ਦੱਸਿਆ ਤਾਂ ਉਸਨੂੰ ਜਾਨੋਂ ਮਾਰ ਦਿੱਤਾ ਜਾਵੇਗਾ। ਫਿਰ ਔਰਤ ਨੇ ਪੂਰੇ ਮਾਮਲੇ ਦੀ ਸ਼ਿਕਾਇਤ ਡੀਆਈਜੀ ਨੂੰ ਕੀਤੀ।

ਇਸ ਘਟਨਾ ਬਾਰੇ ਸਿਟੀ ਕੋਤਵਾਲੀ ਇੰਚਾਰਜ ਬਲਰਾਮ ਸਿੰਘ ਨੇ ਕਿਹਾ ਕਿ ਪੀੜਤਾ ਦੀ ਸ਼ਿਕਾਇਤ ਦੇ ਆਧਾਰ 'ਤੇ ਉਸਦੇ ਪਤੀ ਤੇ ਚਾਰ ਸਹੁਰਿਆਂ ਵਿਰੁੱਧ ਗੰਭੀਰ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ (ਬਾਕੀ 2 ਤੇ)

## ਸਿਵਲ ਸਰਜਨ ਵਲੋ ਸਬ ਡਵੀਜਨਲ ਹਸਪਤਾਲ ਅਜਨਾਲਾ ਵਿਖੇ ਕੀਤੀ ਅਚਨਚੇਤ ਚੈਕਿੰਗ



**ਅੰਮ੍ਰਿਤਸਰ /ਮਲਕੀਅਤ ਸਿੰਘ**

ਪੰਜਾਬ ਸਰਕਾਰ ਦੀਆਂ ਹਿਦਾਇਤਾ ਅਤੇ ਮਾਨਯੋਗ ਕੈਬਨੇਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਡਾ ਕਿਰਨਦੀਪ ਕੌਰ ਵਲੋਂ ਆਮ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਵਾਓਣ ਲਈ ਸਬ ਡਵੀਜਨਲ ਹਸਪਤਾਲ ਅਜਨਾਲਾ ਵਿਖੇ ਅਚਨਚੇਤ ਚੈਕਿੰਗ ਕੀਤੀ ਗਈ। ਇਸ ਚੈਕਿੰਗ ਦੌਰਾਨ ਉਹਨਾਂ ਵਲੋਂ ਓ.ਪੀ.ਡੀ., ਵਾਰਡਾਂ, ਐਕਸ-ਰੇ, ਲੇਬਰ ਰੂਮ, ਬੱਲਡ ਬੈਂਕ, ਲੈਬ, ਐਮ.ਸੀ.ਐਚ. ਵਿਭਾਗ, ਦਵਾਈਆਂ ਦਾ ਸਟਾਕ ਅਤੇ ਅਪ੍ਰੇਸ਼ਨ ਥੀਏਟਰ ਵਿਚ ਜਾ ਕੇ ਜਾਂਚ ਕੀਤੀ ਅਤੇ ਮਰੀਜਾਂ ਪਾਸੋਂ ਮੁਫਤ ਦਵਾਈਆਂ, ਲੈਬ ਟੈਸਟ, ਐਕਸ ਰੇ, ਦੀਆਂ ਸਹੂਲਤਾਂ ਸੰਬਧੀ ਪੁਛ-ਪੜਤਾਲ ਕੀਤੀ ਗਈ। ਇਸਤੋਂ ਇਲਾਵਾ ਸਟਾਫ ਦੀ ਹਾਜਰੀ ਬਾਰੇ ਬੜੇ ਵਿਸਥਾਰ ਵਾਲ ਜਾਂਚ ਕੀਤੀ। ਜਿਸ ਦੌਰਾਨ ਕੁਝ ਲੇਟ ਪੁਹੰਚੇ ਕਰਮਚਾਰੀਆਂ ਨੂੰ ਸਖਤ ਤਾੜਨਾਂ ਕੀਤੀ ਅਤੇ ਜਵਾਬ ਤਲਬੀ ਕਰਨ ਲਈ ਕਿਹਾ। ਉਨਾ ਸਮੂਹ ਸਟਾਫ ਅਤੇ ਡਾਕਟਰਾਂ ਨੂੰ ਹਦਾਇਤ ਕੀਤੀ ਕਿ ਸਾਰੀਆਂ ਦਵਾਈਆਂ ਹਸਪਤਾਲ ਵਿਚੋਂ ਹੀ ਉਪਲੱਬਧ ਕਰਵਾਈਆਂ ਜਾਣ, ਸਾਫ ਸਫਾਈ ਦਾ ਧਿਆਨ ਰੱਖਿਆ ਜਾਵੇ, ਸਮੇਂ ਦੇ ਪਾਬੰਦ ਰਹਿਆ ਜਾਵੇ ਅਤੇ ਸੇਵਾ ਭਾਵਨਾਂ ਨਾਲ ਕੰਮ ਕੀਤਾ ਜਾਵੇ। ਇਸ ਚੈਕਿੰਗ ਦੌਰਾਨ ਸੀਨੀਅਰ ਮੈਡੀਕਲ ਅਫ਼ਸਰ ਡਾ ਸ਼ਾਲੂ ਅਗਰਵਾਲ ਜ਼ਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ ਵੀ ਮੌਜੂਦ ਸਨ।

## ਜੌੜਾ ਨੇ ਚੰਨੀ ਨਾਲ ਮੁਲਾਕਾਤ ਕਰਕੇ ਲੁਧਿਆਣਾ ਜਿਮਨੀ ਚੋਣ ਦੀਆਂ ਰਣਨੀਤੀਆਂ 'ਤੇ ਕੀਤੀ ਚਰਚਾ

**ਜ਼ੀਰਾ /ਅੰਗਰੇਜ਼ ਬਰਾੜ**

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਸੁਰਿੰਦਰ ਸਿੰਘ ਜੌੜਾ ਲੁਧਿਆਣਾ ਵੈਸਟ ਵਿਧਾਨ ਸਭਾ ਜਿਮਨੀ ਚੋਣ ਵਿੱਚ ਕਾਂਗਰਸ ਦੇ ਉਮੀਦਵਾਰ ਅਤੇ ਸਾਬਕਾ ਮੰਤਰੀ ਭਾਰਤ ਭੂਸ਼ਣ ਆਸ਼ੂ ਦੇ ਹੱਕ ਵਿੱਚ ਤਨਦੇਹੀ ਨਾਲ ਪ੍ਰਚਾਰ ਕਰ ਰਹੇ ਹਨ। ਇਸੇ ਸਿਲਸਿਲੇ ਵਿੱਚ ਉਨ੍ਹਾਂ ਨੇ ਸਾਬਕਾ ਮੁੱਖ ਮੰਤਰੀ ਅਤੇ ਜਲੰਧਰ ਦੇ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਨਾਲ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ ਦੋਵਾਂ ਨੇਤਾਵਾਂ ਨੇ ਜਿਮਨੀ ਚੋਣ ਦੀਆਂ ਰਣਨੀਤੀਆਂ ਅਤੇ ਕਾਂਗਰਸ ਪਾਰਟੀ ਦੀ ਮੌਜੂਦਾ ਸਥਿਤੀ 'ਤੇ ਵਿਸਥਾਰ ਨਾਲ ਵਿਚਾਰ-ਚਰਚਾ ਕੀਤੀ।



ਸੁਰਿੰਦਰ ਸਿੰਘ ਜੌੜਾ ਜੋ ਕਾਂਗਰਸ ਦੇ ਸਰਗਰਮ ਮੈਂਬਰ ਹਨ, ਨੇ ਚੰਨੀ ਨਾਲ ਮੁਲਾਕਾਤ ਵਿੱਚ ਲੁਧਿਆਣਾ ਵੈਸਟ ਦੀ ਚੋਣ ਨੂੰ ਲੈ ਕੇ ਪਾਰਟੀ ਦੀਆਂ ਤਿਆਰੀਆਂ 'ਤੇ ਧਿਆਨ ਕੇਂਦਰਿਤ ਕੀਤਾ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤ ਭੂਸ਼ਣ ਆਸ਼ੂ ਜੋ ਲੁਧਿਆਣਾ ਵੈਸਟ ਤੋਂ ਦੋ ਵਾਰ ਵਿਧਾਇਕ ਰਹਿ ਚੁੱਕੇ ਹਨ, ਨੂੰ ਜਨਤਾ ਦਾ ਵਿਸ਼ਾਲ ਸਮਰਥਨ ਹਾਸਲ ਹੈ। ਜੌੜਾ ਨੇ ਕਿਹਾ ਕਿ ਆਸ਼ੂ ਨੇ ਸੂਬੇ ਵਿੱਚ ਮੰਤਰੀ ਵਜੋਂ ਅਤੇ ਵਿਧਾਇਕ ਵਜੋਂ ਲੁਧਿਆਣਾ ਦੇ ਵਿਕਾਸ ਲਈ ਅਹਿਮ ਯੋਗਦਾਨ ਪਾਇਆ ਹੈ। ਅਸੀਂ ਪਾਰਟੀ ਵਰਕਰਾਂ ਨਾਲ ਮਿਲ ਕੇ ਪੂਰੀ ਤਾਕਤ ਨਾਲ ਉਨ੍ਹਾਂ ਦੀ ਜਿੱਤ ਯਕੀਨੀ ਬਣਾਵਾਂਗੇ।

ਚਰਨਜੀਤ ਸਿੰਘ ਚੰਨੀ, ਜੋ ਲੁਧਿਆਣਾ ਵੈਸਟ ਜਿਮਨੀ ਚੋਣ ਵਿੱਚ ਆਸ਼ੂ ਦੇ ਪ੍ਰਚਾਰ ਲਈ ਪਹਿਲਾਂ ਹੀ ਸਰਗਰਮ ਹਨ, ਨੇ ਜੌੜਾ ਨਾਲ ਮੁਲਾਕਾਤ ਵਿੱਚ ਪਾਰਟੀ ਦੀ ਏਕਤਾ ਅਤੇ ਜਨਤਕ ਮੁੱਦਿਆਂ 'ਤੇ ਜ਼ੋਰ ਦਿੱਤਾ। ਚੰਨੀ ਨੇ ਕਿਹਾ ਕਿ ਲੁਧਿਆਣਾ ਵੈਸਟ ਦੀ ਜਨਤਾ ਆਮ ਆਦਮੀ ਪਾਰਟੀ (ਆਪ) ਦੀਆਂ ਅਸਫਲ ਨੀਤੀਆਂ ਤੋਂ ਤੰਗ ਆ ਚੁੱਕੀ ਹੈ। ਕਾਂਗਰਸ ਪਾਰਟੀ ਇਸ ਚੋਣ ਵਿੱਚ ਜਨਤਕ ਮੁੱਦਿਆਂ ਨੂੰ ਉਠਾਏਗੀ ਅਤੇ ਆਸ਼ੂ ਦੀ ਜਿੱਤ ਨਾਲ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਮਜ਼ਬੂਤ ਸੁਨੇਹਾ ਦੇਵੇਗੀ

ਮੁਲਾਕਾਤ ਦੌਰਾਨ ਦੋਵਾਂ ਨੇਤਾਵਾਂ ਨੇ ਚੋਣ ਪ੍ਰਚਾਰ ਦੀਆਂ ਰਣਨੀਤੀਆਂ 'ਤੇ ਵਿਚਾਰ ਕੀਤਾ, ਜਿਸ ਵਿੱਚ ਘਰ-ਘਰ ਜਾ ਕੇ ਪ੍ਰਚਾਰ, ਜਨ ਸਭਾਵਾਂ ਅਤੇ ਸੋਸ਼ਲ ਮੀਡੀਆ ਦੀ ਵਰਤੋਂ ਸ਼ਾਮਲ ਹਨ। ਜੌੜਾ ਨੇ ਸੁਝਾਅ ਦਿੱਤਾ ਕਿ ਨੌਜਵਾਨ ਵੋਟਰਾਂ ਅਤੇ ਵਪਾਰੀ ਵਰਗ ਨੂੰ ਜੋੜਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇ, ਕਿਉਂਕਿ ਲੁਧਿਆਣਾ ਵੈਸਟ ਇੱਕ ਸ਼ਹਿਰੀ ਹਲਕਾ ਹੈ, ਜਿੱਥੇ ਵਪਾਰੀ ਅਤੇ ਹਿੰਦੂ ਵੋਟਰਾਂ ਦੀ ਗਿਣਤੀ ਵੱਡੀ ਹੈ।

ਚੰਨੀ ਨੇ ਜੌੜਾ ਦੀ ਸਰਗਰਮੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪਾਰਟੀ ਦੇ ਅਜਿਹੇ ਸਮਰਪਿਤ ਵਰਕਰ ਹੀ ਕਾਂਗਰਸ ਦੀ ਤਾਕਤ ਹਨ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਆਸ਼ੂ ਨੂੰ ਜਿਤਾਉਣ ਲਈ ਸਾਰੇ ਵਰਕਰ ਇੱਕਜੁੱਟ ਹੋ ਕੇ ਕੰਮ ਕਰਨ। ਇਸ ਮੁਲਾਕਾਤ ਨੇ ਪਾਰਟੀ ਦੀ ਅੰਦਰੂਨੀ ਏਕਤਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ, ਜੋ ਚੋਣ ਵਿੱਚ ਸਫਲਤਾ ਲਈ ਜ਼ਰੂਰੀ ਮੰਨੀ ਜਾ ਰਹੀ ਹੈ।

## ਸਿਹਤ ਵਿਭਾਗ ਵੱਲੋਂ ਇਮੁਨਾਈਜੇਸ਼ਨ ਸੰਬਧੀ ਜਿਲਾ ਪੱਧਰੀ ਟਰੇਨਿੰਗ ਦਾ ਕੀਤਾ ਆਯੋਜਨ



**ਅੰਮ੍ਰਿਤਸਰ**

ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਅੰਮ੍ਰਿਤਸਰ ਡਾ ਕਿਰਨਦੀਪ ਕੌਰ ਜੀ ਦੀ ਪ੍ਰਧਾਨਗੀ ਹੇਠਾਂ ਜਿਲਾ ? ਪੱਧਰੀ ਰੁਟੀਨ ਇਮੁਨਾਈਜੇਸ਼ਨ ਸੰਬਧੀ ਜ਼ਿਲ੍ਹਾ ਪੱਧਰੀ ਵਰਕਸ਼ਾਪ ਟ ?ਰੇਨਿੰਗ ਦਾ ਆਯੋਜਨ ਕੀਤਾ ਗਿਆ। ਇਸ ਟ ?ਰੇਨਿੰਗ ਦੌਰਾਣ ਜਿਲੇ ? ਭਰ ਦੇ ਏ.ਐਨ.ਐਮ, ਐਲ.ਐਚ. ਵੀ. ਅਤੇ ਪੈਰਾਮੈਡੀਕਲ ਸਟਾਫ ਵਲੋਂ ਸ਼ਿਰਕਤ ਕੀਤੀ ਗਈ। ਇਸ ਅਵਸਰ ਤੇ ਜਿਲਾ ? ਟੀਕਾਕਰਣ ਅਫਸਰ ਡਾ ਭਾਰਤੀ ਨੇ ਕਿਹਾ ਕਿ ਰੁਟੀਨ ਟੀਕਾਕਰਣ ਰਾਹੀਂ 12 ਮਾਰੂ ਬੀਮਾਰੀਆਂ ਤੋਂ ਬੱਚਿਆਂ ਨੂੰ ਸੁਰੱਖਿਅਤ ਕੀਤਾ ਜਾਂਦਾ ਹੈ। ਇਸ ਲਈ ਸਾਰੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਮੁਕੰਮਲ ਟੀਕਾਕਰਣ ਕਰਵਾ ਕੇ ਇਹਨਾਂ ਮਾਰੂ ਬੀਮਾਰੀਆਂ ਤੋਂ ਹਮੇਸ਼ਾਂ ਲਈ ਸੁਰੱਖਿਅਤ ਕਰਨ। ਇਸ ਤੋ ਇਲਾਵਾ ਯੂ ਵਿਨ ਐਪ ਤੇ ਬੱਚਿਆਂ ਦੇ ਟੀਕਾਕਰਣ (ਵੈਕਸੀਨੇਸ਼ਨ) ਦਾ ਸਾਰਾ ਡਾਟਾ ਅੱਪ ਲੋਡ ਕੀਤਾ ਜਾਂਦਾ ਹੈ, ਜਿਸ ਨਾਲ ਹਰੇਕ ਬੱਚੇ ਟੀਕਾਕਰਣ ਦਾ ਰਿਕਾਰਡ ਕਿਸੇ ਵੀ ਜਗਾ ? ਤੇ ਇੰਟਰਨੈਟ ਦੀ ਮਦਦ ਨਾਲ ਹਾਸਿਲ ਕੀਤਾ ਜਾ ਸਕਦਾ ਹੈ, ਜਿਸ ਨਾਲ ਟੀਕਾਕਰਣ ਵਿਚ ਆਸਾਨੀ ਹੋ ਸਕੇਗੀ।ਇਸ ਦੀ ਮਦਦ ਨਾਲ ਹੁਣ ਵੈਕਸੀਨੇਸ਼ਨ ਸਰਟੀਫਿਕੇਟ ਵੀ ਪ੍ਰਿੰਟ ਕੀਤੇ ਜਾ ਸਕਣਗੇ। ਇਸ ਅਵਸਰ ਤੇ ਵਿਸ਼ਵ ਸਿਹਤ ਸੰਸਥਾ ਵਲੋਂ ਡਾ ਇਸ਼ਿਤਾ ਅਤੇ ਐਚ.ਓ.ਡੀ. ਡਾ ਮਨਮੀਤ ਕੌਰ ਵਲੋਂ ਇਸ ਸੰਬਧੀ ਬੜੇ ਵਿਸ਼ਥਾਰ ਨਾਲ ਟ ?ਰੇਨਿੰਗ ਦਿੱਤੀ ਗਈ। ਇਸ ਮੌਕੇ ਬੀ.ਸੀ.ਜੀ. ਅਫਸਰ ਡਾ ਮਨਮੀਤ ਕੌਰ, ਜਿਲਾ ? ਐਮ.ਈ.ਆਈ.ਓ. ਅਮਰਦੀਪ ਸਿੰਘ, ਡਾ ਵਿਨੀਤ ਅਤੇ ਸਮੂਹ ਸਟਾਫ ਹਾਜਰ ਸੀ।

## ਮੈਡਮ ਸੁਰਿੰਦਰ ਕੌਰ ਵੱਲੋਂ ਆਮ ਆਦਮੀ ਪਾਰਟੀ ਦੀ ਮਹਿਲਾ ਆਗੂ ਸਰਬਜੀਤ ਕੌਰ ਦੇ ਜਨਮ ਦਿਨ ਦੀ ਖੁਸ਼ੀ ਸਾਂਝੀ ਕੀਤੀ ਗਈ

**ਜੰਡਿਆਲਾ ਗੁਰੂ / ਗੁਰਦੇਵ ਸਿੰਘ ਮਨਜੋਤਰਾਂ**

ਬੀਤੇ ਦਿਨ ਕੈਬਿਨਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਦੇ ਦਫਤਰ ਜੰਡਿਆਲਾ ਗੁਰੂ ਵਿਖੇ ਕੈਬਨਿਟ ਮੰਤਰੀ ਸ੍ਰ ਈ.ਟੀ.ਓ ਦੀ ਧਰਮਪਤਨੀ ਮੈਡਮ ਸੁਹਿੰਦਰ ਕੌਰ ਵੱਲੋ ਆਮ ਪਾਰਟੀ ਦੀ ਮਹਿਲਾ ਆਗੂ ਸਰਬਜੀਤ ਕੌਰ ਦੇ ਜਨਮਦਿਨ ਦੀ ਖੁਸ਼ੀ ਸਾਂਝੀ ਕਰਦਿਆ ਹੋਇਆ ਕੇਕ ਕੱਟਣ ਦੀ ਰਸਮ ਵਿੱਚ ਸਿਰਕਤ ਕੀਤੀ ਅਤੇ ਇਸ ਮੌਕੇ ਉਨਾਂ ਨੇ ਕਿਹਾ ਕਿ ਪਾਰਟੀ ਦਾ ਹਰੇਕ ਵਰਕਰ ਆਗੂ ਸਾਡਾ ਪ੍ਰੀਵਾਰਕ ਮੈਂਬਰ ਹੈ ਅਤੇ ਸਾਡਾ ਇਹ ਫਰਜ ਬਣਦਾ ਹੈ ਕਿ ਇਨਾਂ ਦੇ ਮਾਣ ਸਨਮਾਨ ਨੂੰ ਉਚਾ ਚੁੱਕਣ ਲਈ ਅਸੀਂ ਇਨਾਂ ਦੀਆਂ ਇਹ ਨਿੱਕੀਆਂ ਨਿਕੀਆਂ ਖੁਸੀਆਂ ਨੂੰ ਰਲਮਿਲ ਕਿ ਮਨਾਈਏ ਇਸ ਮੌਕੇ ਮੈਡਮ ਸੁਹਿੰਦਰ ਕੌਰ ਨੇ ਸਰਬਜੀਤ ਕੌਰ ਤੇ ਉਨਾਂ ਦੇ ਪਤੀ ਮਨਿੰਦਰ ਸਿੰਘ ਮਨੀ ਨੂੰ ਗਿਫਟ ਦੇ ਕਿ ਨਿਵਾਜਿਆ ਅਤੇ ਮੁਬਾਰਕਬਾਦ ਦਿੱਤੀ



## ਇੰਟਰਾ ਮਿਉਰਲ ਬੈਡਮਿੰਟਨ ਟੂਰਨਾਮੈਂਟ ਦੌਰਾਨ ਦੋਰਾਹਾ ਪਬਲਿਕ ਸਕੂਲ ਦੇ ਉਭਰਦੇ ਖਿਡਾਰੀਆਂ ਕੀਤਾ ਸ਼ਾਨਦਾਰ ਪ੍ਰਦਰਸ਼ਨ

### ਮੁਕਾਬਲੇ ਦੀ ਭਾਵਨਾ ਦੇ ਨਾਲ-ਨਾਲ ਅਨੁਸ਼ਾਸਨ, ਮਿਲ ਕੇ ਖੇਡਣਾ, ਸਮੇਂ ਦੀ ਕਦਰ ਕਰਨਾ ਆਦਿ ਗੁਣ ਪੈਦਾ ਹੁੰਦੇ

**ਦੋਰਾਹਾ, ਲਾਲ ਸਿੰਘ ਮਾਂਗਟ**

ਦੋਰਾਹਾ ਪਬਲਿਕ ਸਕੂਲ ਨੇ ਪੰਜਵੀਂ ਤੋਂ ਬਾਰ੍ਹਵੀਂ ਤੱਕ ਦੇ ਵਿਦਿਆਰਥੀਆਂ ਲਈ ਇੰਟਰਾ ਮਿਉਰਲ ਬੈਡਮਿੰਟਨ ਟੂਰਨਾਮੈਂਟ 2025-26 ਦਾ ਸਫਲ ਆਯੋਜਨ ਕੀਤਾ। ਇਹ ਟੂਰਨਾਮੈਂਟ ਸਕੂਲ ਦੇ ਖੇਡ ਅਧਿਆਪਕ ਗੁਰਿੰਦਰ ਸਿੰਘ ਅਤੇ ਨੀਰਜ ਕੁਮਾਰ ਦੀ ਦੇਖਰੇਖ ਹੇਠ ਹੋਏ।ਇਹਨਾਂ ਮੁਕਾਬਲਿਆਂ ਵਿੱਚ ਲੜਕੇ ਅਤੇ ਲੜਕੀਆਂ ਦੇ 14,17 ਅਤੇ 19 ਸਾਲ ਉਮਰ ਵਰਗ ਵਿਚੋਂ ਕ੍ਰਮਵਾਰ ਗੁਰਕੀਰਤ ਸਿੰਘ, ਏਕ ਨੂਰ ਕੌਰ ਮਾਂਗਟ, ਅਨਹਦ ਕੌਰ, ਸ਼ੁਭਮ ਸ਼ਰਮਾ, ਵਾਣੀ ਸ਼ਰਮਾ, ਲਵਪ੍ਰੀਤ ਸਿੰਘ ਪਹਿਲੇ ਸਥਾਨ ,ਮਹਿਰਾਮਤ ਕੌਰ ਮਾਂਗਟ, ਜੀਵਨ ਜੋਤ ਸਿੰਘ, ਗੁਰਲੀਨ ਕੌਰ, ਗੁਰਨੂਰ ਸਿੰਘ, ਦ੍ਰਿਸ਼ਟੀ ਨੰਦਾ ਅਤੇ ਤਨਵੀਰ ਸਿੰਘ ਦੂਜੇ ਸਥਾਨ, ਮਨ ਸੀਰਤ ਕੌਰ, ਜੈਸਮੀਨ ਕੌਰ, ਮਨਰਾਜ ਸਿੰਘ, ਮਨਵੀਰ ਸਿੰਘ, ਸਹਿਜਦੀਪ ਕੌਰ, ਸਿਮਰੀਤ ਕੌਰ, ਜਸਵੰਤ ਸਿੰਘ, ਤਰਨਜੋਤ ਸਿੰਘ ,ਤਮਨਪ੍ਰੀਤ ਕੌਰ, ਅੰਮ੍ਰਿਤਾ, ਹਰਵੀਰ ਸਿੰਘ ਅਤੇ ਮਿਰੁਦਲ ਤੀਜੇ ਸਥਾਨ ਤੇ ਰਹੇ। ਇਹਨਾਂ ਟੂਰਨਾਮੈਂਟਾਂ ਨਾਲ ਵਿਦਿਆਰਥੀਆਂ ਵਿੱਚ ਮੁਕਾਬਲੇ ਦੀ ਭਾਵਨਾ ਦੇ ਨਾਲ-ਨਾਲ ਅਨੁਸ਼ਾਸਨ, ਮਿਲ ਕੇ ਖੇਡਣਾ , ਸਮੇਂ ਦੀ ਕਦਰ ਕਰਨਾ ਆਦਿ ਗੁਣ ਪੈਦਾ ਹੁੰਦੇ ਹਨ।ਸਕੂਲ ਦੇ ਡਾਇਰੈਕਟਰ ਤਪਵੀਰ ਸਿੰਘ ਅਤੇ ਪ੍ਰਿੰਸੀਪਲ ਮੋਨਿਕਾ ਸਾਰਵਾਲ ਨੇ ਸਾਰੇ ਜੇਤੂਆਂ ਨੂੰ ਵਧਾਈ ਦਿੰਦੇ ਹੋਏ ਇਨਾਮ ਵਜੋਂ ਸਰਟੀਫਿਕੇਟ ਦਿੱਤੇ। ਇਸ ਮੌਕੇ ਤਪਵੀਰ ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਖੇਡਾਂ ਰਾਹੀਂ ਵਿਦਿਆਰਥੀਆਂ ਦਾ ਸੰਪੂਰਨ ਵਿਕਾਸ ਹੁੰਦਾ ਹੈ ਅਤੇ ਦੋਰਾਹਾ ਪਬਲਿਕ ਸਕੂਲ ਸਦਾ ਹੀ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਲਈ ਵਚਨਬੱਧ ਹੈ।




## ਪਲਾਸਟਿਕ ਨੂੰ ਰੋਜਾਨਾ ਜਿੰਦਗੀ ਚੋ ਮਨ.ਫੀ ਕਰਨ ਲਈ ਬੱਚਿਆਂ ਦਾ ਇੱਕ ਰੋਜਾ ਸੈਮੀਨਾਰ

### ਪਲਾਸਟਿਕ ਦੇ ਵੱਖ ਵੱਖ ਸਲੋਗਨ ਦੁਆਰਾ ਬਚਿਆਂ ਦੀ ਪ੍ਰੀਖਿਆ ਲਈ, ਜੇਤੂਆਂ ਨੂੰ ਦਿਤੇ ਸਨਮਾਨ

**ਦੋਰਾਹਾ, ਲਾਲ ਸਿੰਘ ਮਾਂਗਟ**

ਪਲਾਸਟਿਕ ਨੂੰ ਰੋਜਾਨਾ ਜਿੰਦਗੀ ਚੋ ਮਨ.ਫੀ ਕਰਨ ਲਈ ਬੱਚਿਆਂ ਦਾ ਇੱਕ ਰੋਜਾ ਸੈਮੀਨਾਰ ਗੁਰਦੁਆਰਾ ਸਿੰਘ ਸਭਾ ਦੋਰਾਹਾ ਦੇ ਲੰਗਰ ਹਾਲ ਵਿੱਚ ਕਰਵਾਇਆ ਗਿਆ। ਇੰਜ ਵਿੱਚ ਸ਼ਕਤੀ ਪਬਲਿਕ ਸਕੂਲ, ਸੀਨੀਅਰ ਸੈਕੰਡਰੀ ਸਕੂਲ ਦੋਰਾਹਾ, ਆਰੀਆ ਪਬਲਿਕ ਸਕੂਲ, ਗੁਰੂ ਨਾਨਕ ਪਬਲਿਕ ਸਕੂਲ ਦੋਰਾਹਾ, ਮਿਊਸਪਲ ਪ੍ਰਾਇਮਰੀ ਸਕੂਲ ਦੋਰਾਹਾ, ਨਨਕਾਣਾ ਪਬਲਿਕ ਸਕੂਲ ਰਾਮਪੁਰ. ਅਤੇ ਸਰਸਵਤੀ ਸਕੂਲ ਦੋਰਾਹਾ ਦੇ ਬਚਿਆਂ ਨੇ ਪਾਰਟੀ ਸਪੇਟ ਕੀਤਾ। ਬੱਚਿਆਂ ਨੇ ਪੋਸਟਰ ਮੈਕਿੰਗ, ਝੋਲਾ ਮੇਕਿੰਗ, ਸਲੋਗਨ ਰਿਟਾਇਨ, ਓਪਨ ਮਾਇਕ ਅਤੇ ਸਪੀਚ ਦੇਣ ਦੇ ਮੁਕਾਬਲੇ ਕਰਵਾਏ ਗਏ। ਇਸ ਮੌਕੇ ਠੰਡਾ ਮਿੱਠਾ ਸਰਬਤ, ਚਾਹ ਮੱਠੀ ਅਤੇ ਕੇਲਿਆ ਦੀ ਰਿਫਰੈਸ਼ਮੈਂਟ ਦਿੱਤੀ ਗਈ। ਨਗਰ ਕੋਸਲ ਦੋਰਾਹਾ ਅਤੇ ਗੁਰਦੁਆਰਾ ਸਿੰਘ ਸਭਾ ਦੇ ਸਹਿਯੋਗ ਨਾਲ ਪਹਿਲੀਆਂ ਤਿੰਨ ਪਜੀਸ਼ਨਾ ਸਮੇਤ 20 ਵਿਦਿਆਰਥੀਆਂ ਨੂੰ ਨਗਰ ਕੋਸਲ ਵਲੋਂ ਇਨਾਮ ਦਿਤੇ ਗਏ। ਪਾਰਟੀ ਸਪੇਟ ਕਰਨ ਵਾਲਿਆਂ ਨੂੰ ਵਿਸ਼ੇਸ ਇਨਾਮ ਦਿਤੇ ਗਏ। ਇਸ ਮੌਕੇ ਗੁਰਦੁਆਰਾ ਪ੍ਰਧਾਨ ਇੰਦਰ ਸਿੰਘ, ਨਗਰ ਕੋਸਲ ਪ੍ਰਧਾਨ ਸੁਦਰਸ਼ਨ ਕੁਮਾਰ ਪੱਪੂ, ਸੁਪਰਡੈਂਟ ਵਿਸ਼ਨੂੰ ਦੱਤ ਸ਼ਰਮਾ, ਐਸ ਆਈ ਅਸ਼ਵਨੀ ਕੁਮਾਰ, ਰਾਜਿੰਦਰ ਸਿੰਘ ਖਾਲਸਾ, ਸੀ ਐਫ ਨਵਦੀਪ ਕੌਰ, ਹਰਵਿੰਦਰ ਸਿੰਘ, ਮਨਿੰਦਰ ਸਿੰਘ, ਜਿੰਦਰ ਪਾਲ ਸਿੰਘ, ਹਰਮਨਪ੍ਰੀਤ ਕੌਰ, ਸਵਰਨਜੀਤ ਕੌਰ, ਸੁਪ੍ਰੀਤ ਕੌਰ, ਮਨਜੀਤ ਕੋਇਰ ਸੈਣੀ, ਜਦਵਿੰਦਰ ਕੌਰ ਅਤੇ ਦਫ਼ਤਰੀ ਸਟਾਫ ਹਾਜਰ ਸੀ।



## ਮੁਰਾਦਪੁਰ ਵਿਖੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਅਗਵਾਈ ਹੇਠ ਵਿਸ਼ਾਲ ਕੈਂਪ ਆਯੋਜਿਤ

### ਮੋਦੀ ਸਰਕਾਰ ਦੀਆਂ ਸਹੂਲਤਾਂ ਘਰ-ਘਰ ਪਹੁੰਚਾਉਣ ਲਈ ਲਗਾਏ ਜਾ ਰਹੇ ਹਨ ਵਿਸ਼ੇਸ਼ ਕੈਂਪ- ਹਰਜੀਤ ਸੰਧੂ





**ਤਰਨਤਾਰਨ/ਰਾਕੇਸ਼ ਨਈਅਰ ਚੋਹਲਾ**

ਭਾਰਤ ਦੀ ਸੱਤਾ 'ਤੇ ਲਗਾਤਾਰ ਤੀਸਰੀ ਵਾਰ ਕਾਮਯਾਬੀ ਨਾਲ ਬਨਣ ਵਾਲੀ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਕੇਂਦਰ ਵਿੱਚ ਬਿਰਾਜਮਾਨ ਭਾਜਪਾ ਸਰਕਾਰ ਵੱਲੋਂ ਦੇਸ਼ ਦੇ ਲੋਕਾਂ ਨੂੰ ਸਿੱਧੀਆਂ ਸਹੂਲਤਾਂ ਪਹੁੰਚਾਉਣ ਦੇ ਮਕਸਦ ਨਾਲ ਮੋਦੀ ਸਰਕਾਰ ਵਿਸ਼ੇਸ਼ ਸੇਵਾ ਅਭਿਆਨ ਤਹਿਤ ਪੂਰੇ ਦੇਸ਼ ਅੰਦਰ ਪੰਦਰਵਾੜਾ ਮੁਹਿੰਮ ਚਲਾ ਕੇ ਯੋਗ ਲਾਭਪਾਤਰੀਆਂ ਨੂੰ ਖੱਜਲ ਖੁਆਰੀ ਤੋਂ ਦੂਰ ਕੀਤਾ ਜਾ ਰਿਹਾ ਹੈ।ਇਸੇ ਤਹਿਤ ਵਿਧਾਨ ਸਭਾ ਹਲਕਾ ਤਰਨਤਾਰਨ ਦੇ ਕਸਬਾ ਮੁਰਾਦਪੁਰ ਵਿਖੇ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਅਗਵਾਈ ਹੇਠ ਵਾਰਡ ਨੰਬਰ 14 ਅਤੇ 15 ਦੇ ਭਾਜਪਾ ਕੌਂਸਲਰ ਉਮੀਦਵਾਰਾਂ ਜੱਬਰ ਸਿੰਘ ਅਤੇ ਰਾਮੇਸ਼ ਕੁਮਾਰ ਅਤੇ ਉਨ੍ਹਾਂ ਦੀ ਭਾਜਪਾ ਟੀਮ ਦੇ ਉੱਦਮਾਂ ਸਦਕਾ ਡਿਜੀਟਲ ਆਨਲਾਈਨ ਕੈਂਪ ਲਗਾ ਕੇ ਮੌਕੇ 'ਤੇ ਲੋਕਾਂ ਨੂੰ ਕੇਂਦਰ ਦੀਆਂ ਸਕੀਮਾਂ ਦਾ ਲਾਭ ਦਿੱਤਾ ਗਿਆ।ਇਸ ਮੌਕੇ 'ਤੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਹਮੇਸ਼ਾਂ ਹੀ ਖੇਤਰੀ ਪਾਰਟੀਆਂ ਨੇ ਗੁੰਮਰਾਹ ਕੀਤਾ ਹੈ ਅਤੇ ਵੱਖ-ਵੱਖ ਸਮੇਂ ਤਹਿਤ ਝੂਠ ਦੀ ਰਾਜਨੀਤੀ ਕਰਕੇ ਲੋਕਾਂ ਨੂੰ ਕਰਜੇ ਦੇ ਬੋਝ ਹੇਠ ਦਬਾਈ ਰੱਖਿਆ ਹੈ ,ਪਰ ਹੁਣ ਲੋਕਾਂ ਦੇ ਘਰਾਂ ਤੱਕ ਭਾਜਪਾ ਆਪਣੀਆਂ ਨੀਤੀਆਂ ਪਹੁੰਚਾਉਣ ਵਿੱਚ ਕਾਮਯਾਬ ਹੋ ਰਹੀ ਹੈ ਅਤੇ ਲੋਕ ਵੀ ਜਾਗਰੂਕ ਹੋ ਰਹੇ ਹਨ ਕਿ ਜਿੰਨੀਆਂ ਵੀ ਸਹੂਲਤਾਂ ਸਰਕਾਰੀ ਤੌਰ 'ਤੇ ਲੋਕਾਂ ਨੂੰ ਮਿਲਦੀਆਂ ਹਨ ਉਹ ਸਾਰੀਆਂ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਬਿਨਾਂ ਕਿਸੇ ਭੇਦਭਾਵ ਦੇ ਦੇਸ਼ ਵਿੱਚ ਬਰਾਬਰ ਦਿੱਤੀਆਂ ਜਾ ਰਹੀਆਂ ਹਨ ਪਰ ਪੰਜਾਬ ਦੇ ਹਾਕਮਾਂ ਦੇ ਮਾੜੀ ਨੀਤੀ ਕਰਕੇ ਸਾਡੇ ਤੱਕ ਪਹੁੰਚਣ ਵਿੱਚ ਜੋ ਮੁਸ਼ਕਿਲ ਆ ਰਹੀ ਸੀ ਉਹ ਹੁਣ ਜਲਦੀ ਦੂਰ ਹੋ ਜਾਵੇਗੀ ਕਿਉਂਕਿ ਭਾਜਪਾ ਦੇ ਆਗੂ ਆਪ ਘਰ-ਘਰ ਜਾ ਕੇ ਲੋਕਾਂ ਨੂੰ ਜਾਗਰੂਕ ਕਰ ਰਹੇ ਹਨ।ਇਸੇ ਤਹਿਤ ਹੀ ਪਿੰਡਾਂ ਵਿੱਚ ਡਿਜੀਟਲ ਕੈਂਪ ਲਗਾ ਕੇ ਪੰਜ ਲੱਖ ਤੱਕ ਰੁਪਏ ਦਾ ਮੁਫਤ ਇਲਾਜ ਲਈ ਮੈਡੀਕਲ ਕਾਰਡ, ਕਿਸਾਨ ਸਨਮਾਨ ਨਿਧੀ,ਅਵਾਸ ਯੋਜਨਾ ਤਹਿਤ ਗਰੀਬਾਂ ਦੇ ਕੱਚੇ ਮਕਾਨ ਪੱਕੇ ਕਰਨ ਦੀ ਸਹੂਲਤ,ਈ-ਸ਼ ?ਰਮ ਕਾਰਡ,ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾ,ਐਨਐਸਏਪੀ ਤਹਿਤ ਪੈਨਸ਼ਨ,ਪ੍ਰਧਾਨ ਮੰਤਰੀ ਸੂਰਯਾ ਘਰ ਮੁਫਤ ਬਿਜਲੀ ਯੋਜਨਾ,ਟੂਰ ਕਿੱਟ ਵੰਡ ਪ੍ਰੋਗਰਾਮ ਆਦਿ ਸਕੀਮਾਂ 'ਤੇ ਹੀ ਦਿੱਤੀਆਂ ਜਾ ਰਹੀਆਂ ਹਨ।ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਦੇਸ਼ ਦੇ ਹਰ ਸੂਬੇ ਅਤੇ ਹਰ ਘਰ ਵਿੱਚ ਕੇਂਦਰ ਦੀ ਮੋਦੀ ਸਰਕਾਰ ਦੀਆਂ ਲੋਕ ਪੱਖੀ ਸਕੀਮਾਂ ਨੂੰ ਹਰ ਯੋਗ ਲਾਭਪਾਤਰੀ ਤੱਕ ਪਹੁੰਚਾਉਣ ਦਾ ਟੀਚਾ ਹੈ ਜਿਸ ਨੂੰ ਸਕਾਰ ਕਰਨ ਦੇ ਮਕਸਦ ਨਾਲ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਅਤੇ ਉਨ੍ਹਾਂ ਦੇ ਮਿਹਨਤੀ ਸਾਥੀ ਇਸ ਕਾਰਜ ਨੂੰ ਪੂਰਾ ਕਰਨ ਲਈ ਦਿਨ ਰਾਤ ਪੂਰੀ ਮਿਹਨਤ,ਲਗਨ ਨਾਲ ਲੋਕਾਂ ਦੇ ਘਰਾਂ ਵਿੱਚ ਵਿੱਚ ਜਾ ਕੇ ਸੇਵਾ ਨਿਭਾ ਰਹੇ ਹਨ ਅਤੇ ਲੋਕ ਵੀ ਜਾਗਰੂਕ ਹੋ ਚੁੱਕੇ ਹਨ ਅਤੇ ਵੱਧ ਤੋਂ ਵੱਧ ਮੋਦੀ ਸਰਕਾਰ ਦੇ ਕੈਂਪਾਂ ਵਿੱਚ ਸ਼ਿਰਕਤ ਕਰਕੇ ਕੇਂਦਰ ਦੀ ਭਾਜਪਾ ਸਰਕਾਰ ਦੀਆਂ ਸਹੂਲਤਾਂ ਦਾ ਲਾਭ ਲੈ ਰਹੇ ਹਨ।ਇਸ ਮੌਕੇ 'ਤੇ ਜ਼ਿਲ੍ਹਾ ਮਹਾਂ ਮੰਤਰੀ ਹਰਪ੍ਰੀਤ ਸਿੰਘ ਸਿੰਦਬਾਦ,ਮਹਾਂ ਮੰਤਰੀ ਸੁਰਜੀਤ ਸਿੰਘ ਸਾਗਰ,ਮਹਾਂ ਮੰਤਰੀ ਸ਼ਿਵ ਕੁਮਾਰ ਸੋਨੀ,ਐਸਸੀ ਮੋਰਚਾ ਪ੍ਰਧਾਨ ਅਵਤਾਰ ਸਿੰਘ ਬੰਟੀ,ਸਰਕਲ ਸ਼ਹਿਰੀ ਪ੍ਰਧਾਨ ਰੋਹਿਤ ਸ਼ਰਮਾ,ਯੁਵਾ ਮੋਰਚਾ ਪ੍ਰਧਾਨ ਦਿਨੇਸ਼ ਜੋਸ਼ੀ, ਸੀਨੀਅਰ ਆਗੂ ਪਵਨ ਕੁੰਦਰਾ,ਸਕੱਤਰ ਸਵਿੰਦਰ ਸਿੰਘ ਪੰਨੂ,ਮੋਰਚਾ ਜਨਰਲ ਸਕੱਤਰ ਹਰਜੀਤ ਸਿੰਘ ਕੰਗ,ਯੁਵਾ ਮੋਰਚਾ ਜਨਰਲ ਸਕੱਤਰ ਅਮਨ ਅਰੋੜਾ,ਬੌਬੀ ਮੁਰਾਦਪੁਰ,ਹੀਰਾ ਸਿੰਘ ਲਾਲਪੁਰ,ਸੰਨੀ ਮਸੀਹ,ਬਾਬਾ ਹਰਪ੍ਰੀਤ ਸਿੰਘ ਖਾਲਸਾ,ਪਰਮਜੀਤ ਸਿੰਘ,ਪੰਡਿਤ ਮਾਲੀ ਰਾਮ,ਨਿਸ਼ਾਨ ਸਿੰਘ ਗਿਆਨ ਢਾਬੇ ਵਾਲੇ, ਮਨੀ ਤਰਨਤਾਰਨ, ਰਾਮੇਸ਼ ਕਲਸੀ, ਨਾਨਕ ਚੰਦ, ਮਨਦੀਪ ਮੋਨੂ, ਕਸ਼ਮੀਰ ਸਿੰਘ ਮੁਰਾਦਪੁਰ,ਅਮਰੀਕ ਸਿੰਘ,ਜੱਸਾ ਸਿੰਘ, ਸਰਬਜੀਤ ਸਿੰਘ ਆਦਿ ਪਾਰਟੀ ਆਗੂ ਸਾਹਿਬਾਨ ਮੌਜੂਦ ਸਨ।

## ਬਦਲਦੇ ਮੌਸਮ ਵੇਖ ਸਿਹਤ ਵਿਭਾਗ ਚੌਕਸ ਦਿੱਤੀ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ ਦੀ ਜਾਣਕਾਰੀ

**ਝਬਾਲ,ਦਲਜੀਤ ਸਿੰਘ ਚੱਡਾ**

ਸਿਵਲ ਸਰਜਨ ਤਰਨਤਾਰਨ ਡਾ ਗੁਰਪ੍ਰੀਤ ਸਿੰਘ ਰਾਏ ਜੀ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾ ਮਨਜੀਤ ਸਿੰਘ ਰਟੌਲ ਸੀਨੀਅਰ ਮੈਡੀਕਲ ਅਫ਼ਸਰ ਸੀ ਐਚ ਸੀ ਝਬਾਲ ਦੀ ਰਹਿਨੁਮਾਈ ਹੇਠ ਅੱਡਾ ਝਬਾਲ ਦੇ ਝੁੱਗੀਆਂ, ਝੌਂਪੜੀਆਂ, ਗੁੱਜਰਾਂ,ਦਾਨਾ ਮੰਡੀ ਅਤੇ ਸਲੱਮ ਏਰੀਏ ਦੇ ਲੋਕਾਂ ਨੂੰ ਡੇਂਗੂ, ਮਲੇਰੀਆ,ਚਿਕਨ ਗੁਨੀਆ ਸੰਬੰਧੀ ਜਾਗਰੁਕ ਕੀਤਾ ਗਿਆ ਅਤੇ ਬੁਖਾਰ ਦੇ ਸ਼ੱਕੀ ਕੇਸਾਂ ਦੀਆਂ ਬਲੱਡ ਸਲਾਈਡਾਂ ਬਣਾਈਆਂ। ਇਸ ਸੰਬੰਧੀ ਸਿਹਤ ਟੀਮ ਵੱਲੋਂ ਦੱਸਿਆ ਗਿਆ ਕਿ ਮੌਸਮ ਦੇ ਬਦਲਾਅ ਕਾਰਨ ਮੱਛਰਾਂ ਦੀ ਕਾਫੀ ਤਾਦਾਦ ਵੱਧ ਰਹੀ ਹੈ। ਸੋ ਸਾਨੂੰ ਇਨ੍ਹਾਂ ਤੋਂ ਬਚਣ ਲਈ ਆਪਣੇ ਆਲੇ ਦੁਆਲੇ ਪਾਣੀ ਇਕੱਠਾ ਨਹੀਂ ਹੋਣ ਦੇਣਾ ਚਾਹੀਦਾ, ਜੇਕਰ ਪਾਣੀ ਜਮ ?ਹਾਂ ਹੈ,ਉਸ ਨੂੰ ਸਾਫ ਕਰ ਦੇਵੋ , ਜਾਂ ਮਿੱਟੀ ਪਾ ਕੇ ਪੂਰ ਦੇਵੋ, ਜਾਂ ਫਿਰ ਕਾਲਾ ਤੇਲ ਪਾ ਕੇ ਮੱਛਰਾਂ ਤੋਂ ਬਚਿਆ ਜਾ ਸਕਦਾ ਹੈ।ਇਸ ਤੋਂ ਇਲਾਵਾ ਆਪਣੇ ਘਰਾਂ ਵਿੱਚ ਫਰਿਜਾਂ , ਕੂਲਰ ,ਮਨੀ ਪਲਾਂਟ ਅਤੇ ਛੱਤ ਉੱਪਰ ਟੁੱਟੇ ਭੱਜੇ ਸਮਾਨ ਵਿੱਚ ਪਾਣੀ ਜਮਾ ਨਾ ਹੋਣ ਦਿੱਤਾ ਜਾਵੇ, ਉਸ ਨੂੰ ਹਫਤੇ ਵਿੱਚ ਇੱਕ ਵਾਰ ਜਰੂਰ ਸਾਫ ਕੀਤਾ ਜਾਵੇ। ਰਾਤ ਨੂੰ ਸੌਣ ਵੇਲੇ ਪੂਰੀ ਬਾਂਹ ਵਾਲੇ ਕੱਪੜੇ ਪਹਿਨ ਕੇ ਜਾਂ ਮੱਛਰਦਾਨੀ ਅਤੇ ਮੱਛਰ ਭਜਾਉਣ ਵਾਲੇ ਵਸਤਾਂ ਦਾ ਇਸਤੇਮਾਲ ਕਰਨਾ ਚਾਹੀਦਾ ਹੈ। ਜੇਕਰ ਕਿਸੇ ਨੂੰ ਤੇਜ ਬੁਖਾਰ ਹੋਣ ਤੋਂ ਬਾਅਦ ਪਸੀਨਾ ਆਉਂਦਾ ਹੈ, ਸਰੀਰ ਟੁੱਟਦਾ ਭੱਜਦਾ ਹੈ, ਉਲਟੀ ਨੂੰ ਮਨ ਕਰਦਾ ਹੈ ਤਾਂ ਆਪਣੇ ਨਜਦੀਕੀ ਸਰਕਾਰੀ ਸਿਹਤ ਕੇਂਦਰ ਵਿਖੇ ਜਰੂਰ ਸੂਚਿਤ ਕੀਤਾ ਜਾਵੇ। ਇਸ ਮੌਕੇ ਰਾਮ ਰਸ਼ਪਾਲ , ਰਬਿੰਦਰ ਸਿੰਘ ਐਸ ਆਈ ,ਵਿਕਰਮ ਸਿੰਘ , ਸਤਨਾਮ ਸਿੰਘ ਮਲਟੀ ਪਰਪਜ ਹੈਲਥ ਵਰਕਰ , ਮਲਕੀਤ ਸਿੰਘ ਬਰੀਡਰ ਚੈਕਰ ਆਦਿ ਹਾਜ਼ਰ ਸਨ।



# ਪਾਕਿਸਤਾਨ ਤੋਂ ਭੇਜੇ ਗਏ 4 ਡਰੋਨ ਅਤੇ ਨਸ਼ੀਲੇ ਪਦਾਰਥ ਬਰਾਮਦ

**ਅੰਮ੍ਰਿਤਸਰ** - ਪੰਜਾਬ ਵਿੱਚ ਬਹਾਦਰ ਅਤੇ ਚੌਕਸ ਬੀਐਸਐਫ ਜਵਾਨਾਂ ਨੇ ਸਰਹੱਦ ਪਾਰ ਇੱਕ ਵੱਡੀ ਤਸਕਰੀ ਦੀ ਕਾਰਵਾਈ ਨੂੰ ਨਾਕਾਮ ਕਰ ਦਿੱਤਾ ਹੈ। ਸਿਰਫ਼ ਇੱਕ ਦਿਨ ਵਿੱਚ, ਅੰਮ੍ਰਿਤਸਰ ਅਤੇ ਤਰਨਤਾਰਨ ਜ਼ਿਲ੍ਹਿਆਂ ਦੇ ਕਈ ਪਿੰਡਾਂ ਤੋਂ ਚਾਰ ਉੱਡਣ ਵਾਲੇ ਡਰੋਨ ਅਤੇ ਦੋ ਪੈਕੇਟ ਹੈਰੋਇਨ ਬਰਾਮਦ ਕੀਤੇ ਗਏ। ਇਹ ਸਫਲਤਾ ਬੀਐਸਐਫ ਜਵਾਨਾਂ ਦੀ ਸਖ਼ਤ ਮਿਹਨਤ, ਤਿੱਖੀ ਨਜ਼ਰ ਅਤੇ ਤਕਨੀਕੀ ਵਰਤੋਂ ਦਾ ਨਤੀਜਾ ਹੈ।



ਬੀਐਸਐਫ ਜਵਾਨ ਅੰਮ੍ਰਿਤਸਰ ਦੇ ਰਤਨਖੁਰਦ ਪਿੰਡ ਦੇ ਨੇੜੇ ਇੱਕ ਖੇਤ ਦਾ ਮੁਆਇਨਾ ਕਰ ਰਹੇ ਸਨ। ਉੱਥੇ ਉਨ੍ਹਾਂ ਨੂੰ ਇੱਕ ਖਰਾਬ ਹੋਇਆ ਡੀਜੇਆਈ ਮੈਵਿਕ 3 ਕਲਾਸਿਕ ਡਰੋਨ ਜ਼ਮੀਨ 'ਤੇ ਪਿਆ ਮਿਲਿਆ। ਇਹ ਡਰੋਨ ਤਸਕਰਾਂ ਦੁਆਰਾ ਭੇਜਿਆ ਗਿਆ ਸੀ।

ਕੁਝ ਸਮੇਂ ਬਾਅਦ, ਬੀਐਸਐਫ ਅਤੇ ਪੰਜਾਬ ਪੁਲਿਸ ਨੇ ਖੇਮੇਨਕਰਨ ਪਿੰਡ ਦੇ ਨੇੜੇ ਇੱਕ ਖੇਤ ਦੀ ਤਲਾਸ਼ੀ ਲਈ। ਉੱਥੇ ਉਨ੍ਹਾਂ ਨੂੰ ਇੱਕ ਹੋਰ ਡੀਜੇਆਈ ਮੈਵਿਕ 3 ਕਲਾਸਿਕ ਡਰੋਨ ਮਿਲਿਆ ਅਤੇ ਲਗਭਗ 532 ਗ੍ਰਾਮ ਹੈਰੋਇਨ ਦਾ ਇੱਕ ਪੈਕੇਟ ਵੀ ਬਰਾਮਦ ਕੀਤਾ। ਇਹ ਪਾਕਿਸਤਾਨ ਤੋਂ ਨਸ਼ੀਲੇ ਪਦਾਰਥ ਲਿਆਉਣ ਦੀ ਕੋਸ਼ਿਸ਼ ਸੀ। ਇੱਕ ਸਥਾਨਕ ਕਿਸਾਨ ਦੀ ਮਦਦ ਨਾਲ, ਬੀਐਸਐਫ ਜਵਾਨ ਧਨੋਏ ਖੁਰਦ ਪਿੰਡ ਦੇ ਨੇੜੇ ਇੱਕ ਹੋਰ ਡਰੋਨ ਬਰਾਮਦ ਕਰਨ ਵਿੱਚ ਕਾਮਯਾਬ ਰਹੇ। ਕਿਸਾਨ ਨੇ ਉਨ੍ਹਾਂ ਨੂੰ ਸਮੇਂ ਸਿਰ ਸੂਚਿਤ ਕੀਤਾ, ਜਿਸ ਨਾਲ ਤਸਕਰਾਂ ਦੀ ਯੋਜਨਾ ਨਾਕਾਮ ਹੋ ਗਈ।

ਸ਼ਾਮ ਨੂੰ, ਬੀਐਸਐਫ ਅਤੇ ਪੰਜਾਬ ਪੁਲਿਸ ਨੇ ਡੱਲ ਪਿੰਡ ਦੇ ਨੇੜੇ ਇੱਕ ਖੇਤ ਦੀ ਸਾਂਝੀ ਤਲਾਸ਼ੀ ਲਈ। ਉੱਥੇ ਇੱਕ ਟੁੱਟਿਆ ਹੋਇਆ ਡਰੋਨ ਅਤੇ ਲਗਭਗ 485 ਗ੍ਰਾਮ ਹੈਰੋਇਨ ਦਾ ਇੱਕ ਹੋਰ ਪੈਕੇਟ ਮਿਲਿਆ। ਇਸ ਤਰ੍ਹਾਂ ਇੱਕ ਵੱਡੀ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਗਿਆ। ਪਾਕਿਸਤਾਨ ਦੀ ਸਰਹੱਦ ਪਾਰ ਤੋਂ ਡਰੋਨ ਰਾਹੀਂ ਭਾਰਤ ਵਿੱਚ ਗੈਰ-ਕਾਨੂੰਨੀ ਹੈਰੋਇਨ ਭੇਜੀ ਜਾ ਰਹੀ ਹੈ, ਜਿਸਨੂੰ ਬੀਐਸਐਫ ਜਵਾਨ ਕਈ ਵਾਰ ਨਾਕਾਮ ਕਰਨ ਵਿੱਚ ਸਫਲ ਰਹੇ ਹਨ।

## ਜੂਨ '84 ਦਾ ਦਿਹਾੜਾ ਪੰਥ ਨੂੰ ਜ਼ੁਲਮ ਖ਼ਿਲਾਫ਼ ਲਾਮਬੰਦ ਹੋਣ ਲਈ ਪ੍ਰੇਰਦਾ ਹੈ : ਫਿਆਲੀ

**ਕਪੂਰਥਲਾ** : ਜੂਨ 1984 ਸਿੱਖ ਕਤਲੇਆਮ 'ਚ ਸ਼ਹੀਦ ਹੋਏ ਸਿੰਘਾਂ-ਸਿੰਘਣੀਆਂ ਤੇ ਭੁਝੰਗੀਆਂ ਨੂੰ ਯਾਦ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਤਨਵੀਰ ਸਿੰਘ ਫਿਆਲੀ ਨੇ ਕਿਹਾ ਕਿ ਸਿੱਖ ਨਸਲਕੁਸ਼ੀ ਨਾ ਭੁੱਲਣ ਵਾਲਾ ਦਰਦ ਹੈ,ਜਿਸ ਦੀ ਟੀਸ ਰਹਿੰਦੀ ਦੁਨੀਆ ਤੱਕ ਪੈਂਦੀ ਰਹੇਗੀ।ਫਿਆਲੀ ਨੇ ਕਿਹਾ ਕਿ ਜੂਨ 1984 ਦਾ ਇਹ ਕਾਲਾ ਦਿਨ ਸਮੁੱਚੇ ਪੰਥ ਨੂੰ ਜਬਰ ਅਤੇ ਜ਼ੁਲਮ ਖਿਲਾਫ਼ ਲਾਮਬੰਦ ਹੋਣ ਲਈ ਪ੍ਰੇਰਦਾ ਹੈ। ਉਨ੍ਹਾਂ ਕਿਹਾ ਕਿ ਜੂਨ 1984 ਦੌਰਾਨ ਕੇਂਦਰ ਦੀ ਕਾਂਗਰਸ ਸਰਕਾਰ ਨੇ ਜਬਰ-ਜ਼ੁਲਮ ਕਰਦਿਆਂ ਸਿੱਖ ਨਸਲਕੁਸ਼ੀ ਕੀਤੀ,ਜੋ ਅਕਹਿ ਤੇ ਅਸਹਿ ਹੈ । ਉਨ੍ਹਾਂ 41 ਵਰ੍ਹੇ ਬੀਤਣ ਮਗਰੋਂ ਵੀ ਜੂਨ 1984 ਦੇ ਪੀੜਤ ਪਰਿਵਾਰਾਂ ਨੂੰ ਇਨਸਾਫ ਦਿੱਤੇ ਜਾਣ ਵਿਚ ਕੀਤੀ ਜਾ ਰਹੀ ਦੇਰੀ ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸਚਾਈ ਇਤਿਹਾਸ ਬਣ ਚੁੱਕੀ ਹੈ, ਜਿਸ ਨੂੰ ਸਾਡੀਆਂ ਸਰਕਾਰਾਂ ਝੁਠਲਾ ਨਹੀਂ ਸਕਦੀਆਂ। ਉਨ੍ਹਾਂ ਕਿਹਾ ਕਿ ਜਾਂਚ ਤੇ ਨਿਆਂ ਦੇਣ ਚ ਕੀਤੀ ਜਾ ਦੇਰੀ ਲੋਕਤੰਤਰ ਅਤੇ ਸੰਵਿਧਾਨ ਤੇ ਕਲੰਕ ਹੈ ।ਕਾਂਗਰਸ ਨੇ ਸੋਚੀ-ਸਮਝੀ ਸਾਜ਼ਿਸ਼ ਤਹਿਤ ਸਿੱਖ ਨਸਲਕੁਸ਼ੀ ਕੀਤੀ,ਜੋ ਦੁਨੀਆ ਦੀ ਸਭ ਤੋਂ ਮੰਦਭਾਗੀ ਘਟਨਾ ਹੈ। ਫਿਆਲੀ ਨੇ ਕਿਹਾ ਕਿ ਜੂਨ 1984 ਦੇ ਕਾਲ? ਦਿਨਾਂ ਦੇ ਦੁੱਖ ਸਾਡੇ ਜ਼ਿਹਨਾਂ ਵਿਚ ਇਸ ਕਦਰ ਘਰ ਕਰ ਚੁੱਕੇ ਹਨ, ਕਿ ਕਦੇ ਵੀ ਸਿੱਖ ਕੌਮ ਭੁੱਲ ਨਹੀਂ ਸਕਦੀ। ਉਨ੍ਹਾਂ ਕਿਹਾ ਕਿ ਆਜ਼ਾਦੀ ਤੋਂ ਪਹਿਲਾਂ ਸਮੇਂ ਦੀਆਂ ਹਕੂਮਤਾਂ ਨੇ ਕਈ ਵਾਰ ਸਿੱਖ ਗੁਰਧਾਮਾਂ ਤੇ ਹਮਲੇ ਕੀਤੇ ।ਅਜ਼ਾਦ ਭਾਰਤ ਵਿਚ ਸਮੇਂ ਦੀ ਕਾਂਗਰਸ ਸਰਕਾਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਹਮਲਾ ਕਰਵਾ ਕੇ ਕਈ ਸਿੱਖਾਂ ਨੂੰ ਸ਼ਹੀਦ ਕੀਤਾ। ਹਕੂਮਤ ਵੱਲੋਂ ਦਿੱਤੇ ਗਏ ਇਹ ਜ਼ਖ਼ਮ ਸਿੱਖ ਕੌਮ ਕਦੇ ਵੀ ਭੁਲਾ ਨਹੀਂ ਸਕਦੀ ।ਉਨ੍ਹਾਂ ਨੇ ਕਿਹਾ ਕਿ ਸਰਕਾਰਾਂ ਅੱਜ ਵੀ ਲੁਕਵੇਂ ਢੰਗ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿਧਾਂਤ ਨੂੰ ਕਮਜ਼ੋਰ ਕਰਨ ਲਈ ਯਤਨਸ਼ੀਲ ਹਨ, ਜਿਸ ਦੇ ਟਾਕਰੇ ਲਈ ਸਿੱਖ ਕੌਮ ਨੂੰ ਇਕਜੁਟ ਹੋਣ ਦੀ ਲੋੜ ਹੈ ।ਫਿਆਲੀ ਨੇ ਕਿਹਾ ਕਿ ਜੂਨ 1984 ਵਿਚ ਸਮੇਂ ਦੀ ਹਕੂਮਤ ਵੱਲੋਂ ਕੀਤੇ ਗਏ ਕਰੂਰ ਕਾਰੇ ਨੇ ਸਿੱਖ ਕੌਮ ਨੂੰ ਡੂੰਘੇ ਜਖਮ ਦਿੱਤੇ ਹਨ, ਜੋ ਕੌਮ ਕਦੇ ਵੀ ਭੁੱਲ ਨਹੀਂ ਸਕਦੀ। ਉਨ੍ਹਾਂ ਕਿਹਾ ਕਿ ਹਰ ਸਾਲ ਇਹ ਦਿਨ ਆਉਂਦਿਆਂ ਹੀ ਸਿੱਖ ਕੌਮ ਨੂੰ ਕਾਂਗਰਸ ਸਰਕਾਰ ਵੱਲੋਂ ਕੀਤੇ ਤਸ਼ੱਦਦ ਯਾਦ ਆਉਂਦੇ ਹਨ । ਉਨ੍ਹਾਂ ਕਿਹਾ ਕਿ ਇਸ ਘੱਲੂਘਾਰੇ ਵਿੱਚ ਜਿਥੇ ਅਨੇਕਾਂ ਸ਼ਹਾਦਤਾਂ ਹੋਈਆਂ ਉੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪ ਵੀ ਗੋਲੀਆਂ ਲੱਗਣ ਕਾਰਨ ਜ਼ਖਮੀ ਹੋਏ ।

## ਡਿਪਟੀ ਕਮਿਸ਼ਨਰ ਨੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀਆਂ ਲੋਕ ਭਲਾਈ ਸਕੀਮਾਂ ਦਾ ਲਿਆਂ ਜਾਇਜਾ

- ਅਪ੍ਰੈਲ ਮਹੀਨੇ ਦੌਰਾਨ 51179 ਵੱਖ ਵੱਖ ਪੈਨਸ਼ਨ ਸਕੀਮਾਂ ਦੇ ਲਾਭਪਾਤਰੀਆਂ ਨੂੰ 07 ਕਰੋੜ 76 ਲੱਖ 98 ਹਜਾਰ 500 ਰੁਪਏ ਦੀ ਵਿੱਤੀ ਸਹਾਇਤਾਂ ਤਕਸੀਮ
- ਲੋਕ ਭਲਾਈ ਸਕੀਮਾਂ ਦਾ ਲਾਭ ਲੋੜਵੰਦਾਂ ਤੱਕ ਪਹੁੰਚਾਉਣ ਲਈ ਜ਼ਿਲ੍ਹੇ ਦੇ ਲੋਕਾਂ ਨੂੰ ਕੀਤਾ ਜਾਵੇ ਜਾਗਰੂਕ- ਵਿਰਾਜ ਐਸ.ਤਿੜਕੇ

**ਮਾਲੇਰਕੋਟਲਾ**

ਜ਼ਿਲ੍ਹਾ ਪ੍ਰਸਾਸ਼ਨ ਜ਼ਿਲ੍ਹੇ ਦੇ ਲੋੜਵੰਦ ਲੋਕਾਂ ਤੱਕ ਭਲਾਈ ਸਕੀਮਾਂ ਦਾ ਲਾਭ ਪਹੁੰਚਾਉਣ ਨੂੰ ਯਕੀਨੀ ਬਣਾਉਣ ਲਈ ਤਤਪਰ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਵਿਰਾਜ ਐਸ.ਤਿੜਕੇ ਨੇ ਲੋਕ ਸਕੀਮਾਂ ਦਾ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀਆਂ ਲੋਕ ਭਲਾਈ ਸਕੀਮਾਂ ਦਾ ਜਾਇਜਾ ਲੈਦਿਆਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਦੂਰ ਦਰਾਡੇ ਪੇਂਡੂ ਖੇਤਰ ਵਿਚ ਰਹਿ ਰਹੇ ਲੋਕਾਂ ਅਤੇ ਜਰੂਰਤਮੰਦਾਂ ਨੂੰ ਭਲਾਈ ਸਕੀਮਾਂ ਦਾ ਲਾਭ ਪਹੁੰਚਾਉਣ ਲਈ ਹਰ ਤਰ੍ਹਾਂ ਦੇ ਸੰਭਵ ਉਪਰਾਲੇ ਕੀਤੇ ਜਾਣ ਤਾਂ ਜੋ ਜ਼ਿਲ੍ਹੇ ਦਾ ਕੋਈ ਵੀ ਵਿਅਕਤੀ ਇਨ੍ਹਾਂ ਸਕੀਮਾਂ ਤੋਂ ਵਾਂਝਾ ਨਾ ਰਹਿ ਜਾਵੇ ।

ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਨੂੰ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਨੇ ਵਿਭਾਗੀ ਕਾਰਜਗੁਜਾਰੀ ਤੋਂ ਅਵਗਤ ਕਰਵਾਉਂਦੀਆਂ ਦੱਸਿਆ ਕਿ ਵਿਭਾਗ ਵਲੋਂ ਅਪ੍ਰੈਲ ਮਹੀਨੇ ਦੌਰਾਨ 51179 ਵੱਖ ਵੱਖ ਪੈਨਸ਼ਨ ਸਕੀਮਾਂ ਦੇ ਲਾਭਪਾਤਰੀਆਂ ਨੂੰ 07 ਕਰੋੜ 76 ਲੱਖ 98 ਹਜਾਰ 500 ਰੁਪਏ ਦੀ ਵਿੱਤੀ ਸਹਾਇਤਾਂ ਤਕਸੀਮ ਕੀਤੀ ਗਈ ਹੈ। ਜਿਸ ਵਿੱਚ ਬੁਢਾਪਾ ਪੈਨਸ਼ਨਰ ਸਕੀਮ ਤਹਿਤ 1500 ਰੁਪਏ ਪ੍ਰਤੀ ਮਹੀਨੇ ਦੇ ਹਿਸਾਬ ਨਾਲ ਕਰੀਬ 33,120 ਲਾਭਪਾਤਰੀਆਂ ਨੂੰ ਕਰੀਬ 4 ਕਰੋੜ 96 ਲੱਖ 80 ਹਜਾਰ ਰੁਪਏ ਦੀ ਵੰਡ ਕੀਤੀ ਗਈ ਹੈ। ਇਸੇ ਤਰ੍ਹਾਂ 10735 ਵਿਧਵਾ ਤੇ ਨਿਆਸ਼ਰਿਤ ਔਰਤਾਂ ਨੂੰ 01 ਕਰੋੜ 61 ਲੱਖ 2500 ਰੁਪਏ ਦੀ ਰਾਸ਼ੀ ਵਿਤਰਨ ਕੀਤੀ ਗਈ ਹੈ । 2871 ਆਸਰਿਤ ਬੱਚਿਆਂ ਨੂੰ 4306500 ਰੁਪਏ ,5073 ਅਪੰਗ 7609500 ਰੁਪਏ ਦੀ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਤੋਂ ਇਲਾਵਾ 111 ਦਿਵਿਆਂਗਜਨ ਵਿਦਿਆਰਥੀਆਂ ਨੂੰ ਕਰੀਬ 02 ਲੱਖ 84 ਹਜਾਰ 400 ਰੁਪਏ ਬਤੌਰ ਵਜੀਫਾ ਰਾਸ਼ੀ ਵੱਜੋਂ ਦਿੱਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ ਲੋਕ ਭਲਾਈ ਸਕੀਮਾਂ ਦਾ ਲਾਭ ਲੋੜਵੰਦਾ ਤੱਕ ਪੁੱਜਦਾ ਕਰਨ ਲਈ ਪੈਨਸ਼ਨ ਜਾਗਰੂਕਤਾ ਮੁਹਿੰਮ ਵੰਡੀ ਜਾਵੇ ਤਾਂ ਜੋ ਯੋਗ ਲਾਭਪਾਤਰੀ ਬਿਨ੍ਹਾਂ ਪੈਨਸ਼ਨ ਤੋਂ ਵਾਝਾ ਨਾ ਰਹਿ ਸਕੇ ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ "ਬੇਟੀ ਬਚਾਓ-ਬੇਟੀ ਪੜਾਓ" ਸਕੀਮ,ਆਂਗਣਵਾੜੀ ਸਰਵਿਸ ਸਕੀਮ,ਆਂਗਣਵਾੜੀ ਕੇਂਦਰਾਂ ਸਬੰਧੀ ਵੀ ਜਾਇਜਾ ਲਿਆ । ਉਨ੍ਹਾਂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨੂੰ ਲਿੰਗ ਆਧਾਰਤ ਹਿੰਸਾ, ਪੋਕਸੋ ਆਦਿ ਨੂੰ ਅਸਰਦਾਰ ਢੰਗ ਨਾਲ ਲਾਗੂ ਕਰਨ ਦੀ ਹਦਾਇਤ ਕੀਤੀ ਤਾਂ ਜੋ ਘਰੇਲੂ ਹਿੰਸਾ, ਦਾਜ ਰੋਕੂ ਐਕਟ ਗਾਲੀ ਗਲੋਚ ਦੀਆਂ ਘਟਨਾਵਾਂ ਤੋਂ ਕੰਟਰੋਲ ਕੀਤਾ ਜਾ ਸਕੇ ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਨੂੰ ਹਦਾਇਤ ਕੀਤੀ ਕਿ ਚਾਈਲਡ ਬੈਗਿੰਗ ਅਤੇ ਲੇਬਰ ਨੂੰ ਰੋਕਣ ਲਈ ਵਿਸੇ?ਸ ਜਾਗਰੂਕਤਾ ਅਭਿਆਨ ਚਲਾਏ ਜਾਣ ਤਾਂ ਜੋ ਆਮ ਲੋਕਾਂ ਦੇ ਨਾਲ ਨਾਲ ਸੋਸਣ ਦਾ ਸਿਕਾਰ ਹੋਣ ਵਾਲੇ ਬੱਚਿਆ ਦੇ ਅਧਿਕਾਰਾਂ ਨੂੰ ਸੁਰੱਖਿਅਤ ਕੀਤਾ ਜਾ ਸਕੇ ।ਉਨ੍ਹਾਂ ਚਾਈਲਡ ਹੈਲਪ ਲਾਈਨ ਦਾ ਵੱਧ ਤੋਂ ਵੱਧ ਪ੍ਰਚਾਰ ਕਰਨ ਦੇ ਵੀ ਨਿਰਦੇਸ਼ ਦਿੱਤੇ ।

ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਅਨੂ ਰਤਨ , ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਹਰਪ੍ਰੀਤ ਕੌਰ, ਸੀ.ਡੀ.ਪੀ.ਓ ਪਵਨ ਕੁਮਾਰ, ਡੀ.ਐਸ.ਐਸ.ਓ ਜਸਵੀਰ ਕੌਰ ਮੌਜੂਦ ਸਨ।

## ਆਉਣ ਵਾਲੇ ਦਿਨਾਂ ਵਿੱਚ ਚੰਡੀਗੜ੍ਹ ਸਮੇਤ ਪੰਜਾਬ ਅਤੇ ਹਰਿਆਣਾ 'ਚ ਦਿਸੇਗਾ ਗਰਮੀ ਦਾ ਕਹਿਰ

**ਚੰਡੀਗੜ੍ਹ**- ਪੂਰੇ ਉਤਰ ਭਾਰਤ ਵਿੱਚ ਗਰਮੀ ਪੂਰੇ ਜ਼ੋਰਾਂ ਨਾਲ ਪੈ ਰਹੀ ਹੈ। ਹਾਲਾਂਕਿ ਪੂਰਬੀ ਭਾਰਤ ਵਿੱਚ ਭਾਰੀ ਮੀਂਹ ਪੈ ਰਿਹਾ ਹੈ, ਜਿਸ ਕਾਰਨ ਉੱਥੇ ਹੜ੍ਹਾਂ ਨੇ ਤਬਾਹੀ ਮਚਾਈ ਹੋਈ ਹੈ। ਮੌਸਮ ਵਿਭਾਗ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਚੰਡੀਗੜ੍ਹ ਸਮੇਤ ਪੰਜਾਬ ਅਤੇ ਹਰਿਆਣਾ ਵਿੱਚ ਗਰਮੀ ਵਧੇਗੀ। ਮੌਸਮ ਵਿਭਾਗ ਅਨੁਸਾਰ ਕਿ ਦੋ ਦਿਨਾਂ ਬਾਅਦ ਚੰਡੀਗੜ੍ਹ ਅਤੇ ਪੰਜਾਬ ਅਤੇ ਹਰਿਆਣਾ ਦੇ ਦੱਖਣ ਪੱਛਮੀ ਹਿੱਸੇ ਵਿੱਚ ਤਾਪਮਾਨ ਵਧੇਗਾ, ਜਿਸ ਨਾਲ ਗਰਮੀ ਵਧੇਗੀ। ਮੌਸਮ ਵਿਭਾਗ ਦੇ ਡਾਇਰੈਕਟਰ ਸੁਰੇਂਦਰ ਪਾਲ ਨੇ ਨਿਊਜ਼ 18 ਨੂੰ ਦੱਸਿਆ ਕਿ ਇਸ ਮਹੀਨੇ ਦੌਰਾਨ ਨਮੀ ਜ਼ਿਆਦਾ ਰਹੇਗੀ ਅਤੇ ਹੋਰ ਗਰਮੀ ਦੇਖੀ ਜਾ ਸਕਦੀ ਹੈ। ਹਾਲਾਂਕਿ ਇਹ ਸੰਭਵ ਹੈ ਕਿ ਮਾਨਸੂਨ 25 ਜੂਨ ਤੱਕ ਪ੍ਰਵੇਸ਼ ਕਰੇਗਾ, ਪਰ ਇਸ ਵੇਲੇ ਮਾਨਸੂਨ ਬਹੁਤ ਕਮਜ਼ੋਰ ਦਿਖਾਈ ਦੇ ਰਿਹਾ ਹੈ। ਹੁਣ ਪੰਜਾਬ ਅਤੇ ਹਰਿਆਣਾ ਵਿੱਚ ਨਮੀ ਕਾਰਨ ਲੋਕਾਂ ਨੂੰ ਹੋਰ ਸਮੱਸਿਆਵਾਂ ਦਾ ਸਾਹਮਣਾ ਕਰਨਾ ਪਵੇਗਾ ਕਿਉਂਕਿ ਆਉਣ ਵਾਲੇ ਦਿਨਾਂ ਵਿੱਚ ਮੀਂਹ ਨਹੀਂ ਪੈ ਰਿਹਾ ਹੈ। ਪਰ ਅੱਜ ਅਤੇ ਕੱਲ੍ਹ ਕਈ ਜ਼ਿਲ੍ਹਿਆਂ ਵਿੱਚ ਮੌਸਮ ਸੁਹਾਵਣਾ ਰਹੇਗਾ, ਪਰ ਉਸ ਤੋਂ ਬਾਅਦ ਜ਼ਿਆਦਾਤਰ ਜ਼ਿਲ੍ਹਿਆਂ ਵਿੱਚ ਗਰਮੀ ਦੇਖਣ ਨੂੰ ਮਿਲੇਗੀ।

## 10 ਹਜ਼ਾਰ ਰੁਪਏ ਵੱਢੀ ਲੈਂਦਾ ਸਹਿਕਾਰੀ ਵਿਭਾਗ ਦਾ ਸੁਪਰਡੈਂਟ ਗ੍ਰਿਫ਼ਤਾਰ

**ਡੇਰਾਬੱਸੀ** : ਪੰਜਾਬ ਵਿਜੀਲੈਂਸ ਬਿਊਰੋ ਨੇ ਡੇਰਾਬੱਸੀ ਵਿਖੇ ਪੰਜਾਬ ਸਹਿਕਾਰੀ ਸਭਾਵਾਂ ਦੇ ਸਹਾਇਕ ਰਜਿਸਟਰਾਰ (ਏਆਰ) ਦੇ ਦਫ਼ਤਰ ਵਿੱਚ ਤਾਇਨਾਤ ਸੁਪਰਡੈਂਟ ਗੁਰਆਜ਼ਾਦ ਸਿੰਘ ਨੂੰ 10 ਹਜ਼ਾਰ ਰੁਪਏ ਰਿਸ਼ਵਤ ਲੈਂਦੇ ਹੋਏ ਗ੍ਰਿਫ਼ਤਾਰ ਕੀਤਾ ਹੈ।



ਵਿਜੀਲੈਂਸ ਬਿਊਰੋ ਦੇ ਬੁਲਾਰੇ ਅਨੁਸਾਰ ਡੇਰਾਬੱਸੀ ਦੇ ਪਿੰਡ ਛਛਰੋਲੀ ਦੇ ਇਕ ਵਸਨੀਕ ਵੱਲੋਂ ਦਰਜ ਕਰਵਾਈ ਸ਼ਿਕਾਇਤ ਤੋਂ ਬਾਅਦ ਉਸ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ 2012 ਵਿੱਚ ਰਾਣੀ ਮਾਜਰਾ ਬਹੁ-ਮੰਤਵੀ ਖੇਤੀਬਾੜੀ ਸਹਿਕਾਰੀ ਸੇਵਾ ਸਭਾ ਤੋਂ 2 ਲੱਖ ਰੁਪਏ ਦਾ ਕਰਜ਼ਾ ਲਿਆ ਸੀ ਪਰ ਨੇਮਬੱਧ ਢੰਗ ਨਾਲ ਅਦਾਇਗੀਆਂ ਨਾ ਕਰ ਸਕਿਆ, ਜਿਸ ਕਾਰਨ ਮੂਲ ਰਕਮ 'ਤੇ ਵਿਆਜ ਦਾ ਬਕਾਇਆ ਜਮ ?ਹਾਂ ਹੋ ਕੇ 3 ਲੱਖ 16 ਹਜ਼ਾਰ 632 ਰੁਪਏ ਹੋ ਗਿਆ।

ਬਾਅਦ ਵਿੱਚ ਸ਼ਿਕਾਇਤਕਰਤਾ ਨੇ ਇਸ ਸਾਲ 13 ਮਾਰਚ ਨੂੰ 4 ਲੱਖ 14, ਹਜ਼ਾਰ 500 ਰੁਪਏ ਦੀ ਸਾਰੀ ਬਕਾਇਆ ਰਕਮ ਦਾ ਭੁਗਤਾਨ ਕਰ ਕਰਕੇ ਸੁਸਾਇਟੀ ਤੋਂ ਬਣਦੀ ਕਲੀਅਰੈਂਸ ਵੀ ਲੈ ਲਈ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਇਸ ਦੇ ਬਾਵਜੂਦ ਉਕਤ ਮੁਲਜ਼ਮ ਉਸ ਨੂੰ ਸਹਾਇਕ ਰਜਿਸਟਰਾਰ ਤੋਂ ਜ਼ਰੂਰੀ ਪ੍ਰਵਾਨਗੀ ਲੈਣ ਲਈ 10 ਹਜ਼ਾਰ ਰੁਪਏ ਰਿਸ਼ਵਤ ਮੰਗ ਰਿਹਾ ਸੀ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੇ ਉੱਡਣ ਦਸਤੇ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਮੁਲਜ਼ਮ ਨੂੰ ਉਸਦੇ ਦਫ਼ਤਰ ਵਿੱਚ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 10 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕਰ ਲਿਆ।

## ਚਾਰ ਬਲਾਕਾਂ 'ਚ ਵਿਕਾਸ ਲਈ ਖ਼ਰਚੇ ਕਰੋੜਾਂ ਦੇ ਫੰਡ ਦੀ ਜਾਂਚ ਲਈ ਡੀਸੀ ਨੇ ਬਣਾਈ ਕਮੇਟੀ

**ਤਰਨਤਾਰਨ** : ਤਰਨਤਾਰਨ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਚਾਰ ਬਲਾਕਾਂ ਦੇ ਦਰਜਨਾਂ ਪਿੰਡਾਂ 'ਚ ਹੋਏ ਵਿਕਾਸ ਕਾਰਜਾਂ 'ਤੇ ਖਰਚ ਕੀਤੀ ਗਈ ਰਾਸ਼ੀ 'ਚੋਂ ਕਥਿਤ ਤੌਰ 'ਤੇ ਕਰੋੜਾਂ ਰੁਪਏ ਦਾ ਗ਼ਬਨ ਹੋਣ ਦਾ ਦੋਸ਼ ਲਗਾਉਂਦਿਆਂ ਕਾਂਗਰਸੀ ਆਗੂ ਵੱਲੋਂ ਦਿੱਤੀ ਗਈ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਦੇ ਤਿੰਨ ਐਕਸੀਅਨ ਪੱਧਰ ਦੇ ਅਧਿਕਾਰੀਆਂ 'ਤੇ ਅਧਾਰਿਤ ਜਾਂਚ ਕਮੇਟੀ ਦਾ ਗਠਨ ਕਰ ਦਿੱਤਾ ਹੈ। ਬੇਸ਼ੱਕ ਇਸ ਦੀ ਰਿਪੋਰਟ ਡੀਸੀ ਵੱਲੋਂ ਚਾਰ ਦਿਨਾਂ 'ਚ ਦੇਣ ਦੇ ਆਦੇਸ਼ ਦਿੱਤੇ ਗਏ ਸਨ, ਪਰ ਕਮੇਟੀ ਮੈਂਬਰ ਦੀ ਮੰਨੀਏ ਤਾਂ ਉਨ੍ਹਾਂ ਕੋਲ ਰਿਕਾਰਡ ਆਉਣਾ ਅਜੇ ਬਾਕੀ ਹੈ। ਦੱਸ ਦਈਏ ਕਿ ਖਡੂਰ ਸਾਹਿਬ ਹਲਕੇ ਨਾਲ ਸਬੰਧਤ ਕਾਂਗਰਸ ਦੇ ਜ਼ਿਲ੍ਹਾ ਪੱਧਰੀ ਆਗੂ ਜਸਕੀਰਤ ਸਿੰਘ ਸਿੱਧੂ ਜੱਸ ਲਾਲਪੁਰਾ ਨੇ ਪੰਚਾਇਤੀ ਰਾਜ ਵਿਭਾਗ ਨੂੰ ਪੱਤਰ ਲਿਖ ਕੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਅਧੀਨ ਆਉਂਦੇ ਬਲਾਕ ਖਡੂਰ ਸਾਹਿਬ, ਨੌਸ਼ਹਿਰਾ ਪਨੂੰਆਂ, ਚੋਹਲਾ ਸਾਹਿਬ ਅਤੇ ਤਰਨਤਾਰਨ ਦੇ ਪਿੰਡਾਂ 'ਚ ਮਨਰੇਗਾ, ਵਿੱਤ ਕਮਿਸ਼ਨ ਤੇ ਮੁੱਖ ਮੰਤਰੀ ਫੰਡ ਨਾਲ ਸਬੰਧਤ ਆਈਆਂ ਗ੍ਰਾਂਟਾਂ 'ਚ ਕਥਿਤ ਤੌਰ 'ਤੇ ਕਰੋੜਾਂ ਰੁਪਏ ਦਾ ਗ਼ਬਨ ਹੋਣ ਦੀ ਸ਼ੰਕਾ ਜਾਹਿਰ ਕੀਤੀ ਸੀ। ਪੰਜਾਬੀ ਜਾਗਰਣ ਨਾਲ ਗੱਲਬਾਤ ਕਰਦਿਆਂ ਜਸਕੀਰਤ ਸਿੰਘ ਸਿੱਧੂ ਨੇ ਦੱਸਿਆ ਕਿ ਉਨ੍ਹਾਂ ਨੇ ਪਿੰਡਾਂ 'ਚ ਆਈ ਵਿਕਾਸ ਰਾਸ਼ੀ 'ਚੋਂ ਕਰੋੜਾਂ ਰੁਪਏ ਵੱਖ-ਵੱਖ ਫਰਮਾਂ 'ਚ ਟਰਾਂਸਫਰ ਕਰਕੇ ਕਰੋੜਾਂ ਰੁਪਏ ਦਾ ਗ਼ਬਨ ਸਰਕਾਰੀ ਗ੍ਰਾਂਟਾਂ 'ਚੋਂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਰੀਬ ਅੱਠ ਮਹੀਨੇ ਪਹਿਲਾਂ ਉਨ੍ਹਾਂ ਨੇ ਇਸ ਸਬੰਧੀ ਸ਼ਿਕਾਇਤ ਦਿੱਤੀ ਸੀ ਕਿ ਪਿੰਡਾਂ 'ਚ ਹੋਏ ਵਿਕਾਸ ਕਾਰਜਾਂ ਦੀ ਫਿਜ਼ੀਕਲ ਜਾਂਚ ਕਰਵਾਈ ਜਾਵੇ ਤਾਂ ਜੋ ਗ਼ਬਨ ਦਾ ਖੁਲਾਸਾ ਹੋ ਸਕੇ। ਪਰ ਸ਼ਿਕਾਇਤ ਦਾ ਕੋਈ ਨਿਪਟਾਰਾ ਨਹੀਂ ਹੋਇਆ। ਹੁਣ ਅਪ੍ਰੈਲ ਮਹੀਨੇ 'ਚ ਉਨ੍ਹਾਂ ਨੇ ਪਿੰਡਾਂ 'ਚ ਖ਼ਰਚ ਹੋਈਆਂ ਗ੍ਰਾਂਟਾਂ ਦੀ ਬਲਾਕ ਵਾਈਜ਼ ਸੂਚੀ ਵੀ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਨੂੰ ਲਿਖਤੀ ਤੌਰ 'ਤੇ ਦੇ ਦਿੱਤੀ ਹੈ। ਜੱਸ ਲਾਲਪੁਰਾ ਨੇ ਕਿਹਾ ਕਿ ਹੁਣ ਡਿਪਟੀ ਕਮਿਸ਼ਨਰ ਤਰਨਤਾਰਨ ਵੱਲੋਂ ਉੱਚ ਪੱਧਰੀ ਅਧਿਕਾਰੀਆਂ 'ਤੇ ਆਧਾਰਿਤ ਕਮੇਟੀ ਦਾ ਗਠਨ ਕੀਤਾ ਹੈ। ਜਿਸ 'ਚ ਐਕਸੀਅਨ ਜਲ ਸਪਲਾਈ ਤੇ ਸੈਨੀਟੇਸ਼ਨ ਡਵੀਜ਼ਨ ਨੰਬਰ 1 ਨੂੰ ਬਲਾਕ ਤਰਨਤਾਰਨ, ਐਕਸੀਅਨ ਮੰਡੀ ਬੋਰਡ ਤਰਨਤਾਰਨ ਨੂੰ ਬਲਾਕ ਨੌਸ਼ਹਿਰਾ ਪਨੂੰਆਂ ਤੇ ਚੋਹਲਾ ਸਾਹਿਬ ਤੇ ਐਕਸੀਅਨ ਪੀਡਬਲਿਯੂਡੀ ਡਵੀਜ਼ਨ ਨੰਬਰ 2 ਨੂੰ ਖਡੂਰ ਸਾਹਿਬ ਬਲਾਕ 'ਚ ਆਈਆਂ ਗ੍ਰਾਂਟਾਂ ਨੂੰ ਖ਼ਰਚ ਕੀਤੇ ਜਾਣ ਦੀ ਤਕਨੀਕੀ ਪੱਖੋਂ ਜਾਂਚ ਸੌਂਪੀ ਗਈ ਹੈ।

## One Nation, One Husband ਵਾਲੇ CM ਮਾਨ ਦੇ ਬਿਆਨ ਤੋਂ ਭੜਕੇ ਰਵਨੀਤ ਬਿੱਟੂ, ਕਿਹਾ- ਮੈਨੂੰ ਉਮੀਦ ਨਹੀਂ ਸੀ ਕਿ ਇੰਨਾ ਥੱਲੇ ਡਿੱਗ ਜਾਵੇਗਾ ਭਗਵੰਤ ਮਾਨ

**ਨਵੀਂ ਦਿੱਲੀ।** ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ 'ਤੇ ਤਿੱਖਾ ਹਮਲਾ ਕਰਦਿਆਂ ਉਨ੍ਹਾਂ 'ਤੇ "ਆਪਰੇਸ਼ਨ ਸਿੰਦੂਰ"ਦਾ ਮਜ਼ਾਕ ਉਡਾਉਣ ਅਤੇ ਪਹਿਲਗਾਮ ਕਤਲੇਆਮ ਵਿੱਚ ਪਾਕਿਸਤਾਨ ਪ੍ਰੇਰਿਤ ਦਹਿਸ਼ਤਗਰਦਾਂ ਵੱਲੋਂ ਮਾਰੇ ਗਏ ਲੋਕਾਂ ਦੀਆਂ ਵਿਧਵਾਵਾਂ ਦਾ ਅਪਮਾਨ ਕਰਨ ਦੇ ਗੰਭੀਰ ਦੋਸ਼ ਲਗਾਏ ਹਨ।

ਬਿੱਟੂ ਨੇ ਇਸਨੂੰ ਇੱਕ ਸੰਵੇਦਨਸ਼ੀਲ ਰਾਸ਼ਟਰੀ ਸੁਰੱਖਿਆ ਮਾਮਲੇ 'ਤੇ "ਸਸਤੀ ਰਾਜਨੀਤਿਕ ਟਿੱਪਣੀ"ਕਰਾਰ ਦਿੱਤਾ। ਉਨ੍ਹਾਂ ਨੇ ਕਿਹਾ, "ਮੈਨੂੰ ਉਮੀਦ ਨਹੀਂ ਸੀ ਕਿ ਭਗਵੰਤ ਮਾਨ ਇੰਨਾ ਥੱਲੇ ਡਿੱਗ ਜਾਣਗੇ ਕਿ ਪਹਿਲਗਾਮ ਦੀਆਂ ਵਿਧਵਾਵਾਂ ਦਾ ਮਜ਼ਾਕ One Nation, One Husband ਵਰਗੇ ਘਟੀਆ ਸ਼ਬਦਾਂ ਨਾਲ ਉਡਾਉਣਗੇ।

ਬਿੱਟੂ ਨੇ ਆਮ ਆਦਮੀ ਪਾਰਟੀ ਅਤੇ ਕਾਂਗਰਸ ਦੋਵਾਂ 'ਤੇ ਫੌਜ ਦੀ ਬਹਾਦਰੀ ਨੂੰ ਰਾਜਨੀਤਿਕ ਰੰਗ ਦੇਣ ਤੇ ਸ਼ਹੀਦਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਕੁਰਬਾਨੀ ਦੀ ਅਣਦੇਖੀ ਕਰਨ ਦੇ ਦੋਸ਼ ਲਾਏ। ਉਨ੍ਹਾਂ ਨੇ ਕਿਹਾ, "ਹਿੰਦੁਸਤਾਨੀ ਫੌਜ ਨੇ ਸ਼ਲਾਘਾਯੋਗ ਕਾਰਵਾਈ ਕੀਤੀ, ਪਰ ਉਨ੍ਹਾਂ ਨੂੰ ਹਰੀ ਝੰਡੀ ਦੇਣ ਦਾ ਫੈਸਲਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਲਿਆ — ਇੱਕ ਅਜਿਹਾ ਨੇਤਾ ਜਿਸ ਉੱਤੇ ਪੂਰਾ ਦੇਸ਼ ਭਰੋਸਾ ਕਰਦਾ ਹੈ।

ਉਨ੍ਹਾਂ ਨੇ ਮੁੱਖ ਮੰਤਰੀ ਮਾਨ ਤੋਂ "One Nation, One Husband"ਵਾਲੀ ਟਿੱਪਣੀ ਲਈ



ਬੇਸ਼ਰਤੀ ਮਾਫੀ ਮੰਗਣ ਦੀ ਮੰਗ ਕੀਤੀ। ਉਨ੍ਹਾਂ ਨੇ ਕਿਹਾ, "ਤੁਸੀਂ ਪੁਰਾਣੇ ਕਾਮੇਡੀਅਨ ਹੋ ਸਕਦੇ ਹੋ, ਪਰ ਇਸਦਾ ਇਹ ਅਰਥ ਨਹੀਂ ਕਿ ਤੁਸੀਂ ਸ਼ਹੀਦਾਂ ਦੀਆਂ ਪਤਨੀਆਂ ਜਾਂ ਸਾਡੇ ਜਵਾਨਾਂ ਦੀ ਬਹਾਦਰੀ ਦਾ ਮਜ਼ਾਕ ਉਡਾ ਸਕੋ।"

ਰਾਜਾ ਵੜਿੰਗ ਵੱਲ ਮੋੜ ਲੈਂਦੇ ਹੋਏ, ਬਿੱਟੂ ਨੇ ਕਿਹਾ ਕਿ ਪੰਜਾਬ ਕਾਂਗਰਸ ਪ੍ਰਧਾਨ ਨੇ ਵੀ ਫੌਜ ਦੀ ਕਾਰਵਾਈ 'ਤੇ ਸਵਾਲ ਚੁੱਕਣ ਲਈ ਆਪ ਨਾਲ ਹੱਥ ਮਿਲਾਇਆ। ਉਨ੍ਹਾਂ ਦੱਸਿਆ, "ਵੜਿੰਗ ਨੇ ਫੌਜੀ ਕਾਰਵਾਈ ਦੀ ਸਫਲਤਾ ਦਾ ਸਬੂਤ ਮੰਗਿਆ ਤੇ ਇਹ ਕਿਹਾ ਕਿ ਫੌਜ ਨੂੰ ਪਾਕਿਸਤਾਨੀ ਜੈੱਟ ਦੇ ਅਵਸ਼ੇਸ਼ ਦਿਖਾਉਣੇ ਚਾਹੀਦੇ ਹਨ। ਇਹ ਸਾਡੀ ਆਪਣੀ ਫੌਜ 'ਤੇ ਭਰੋਸੇ ਦੀ ਘਾਟ ਨੂੰ ਦਰਸਾਉਂਦਾ ਹੈ ਅਤੇ ਦੇਸ਼ ਦੀ ਬੇਇੱਜ਼ਤੀ ਹੈ।

ਬਿੱਟੂ ਨੇ ਦੋਸ਼ ਲਾਇਆ ਕਿ ਕਾਂਗਰਸ ਪਾਰਟੀ ਲੰਬੇ ਸਮੇਂ ਤੋਂ ਪਾਕਿਸਤਾਨ ਅਤੇ ਉਸਦੇ ਹਮਦਰਦਾਂ ਲਈ ਨਰਮ ਰਵੱਈਆ ਰਖਦੀ ਆਈ ਹੈ। ਉਨ੍ਹਾਂ ਨੇ ਕਿਹਾ, "ਫੌਜ 'ਤੇ ਸਵਾਲ ਚੁੱਕਣਾ ਸਾਡੇ ਦੁਸ਼ਮਣਾਂ ਦੀ ਹੌਸਲਾ ਅਫ਼ਜ਼ਾਈ ਕਰਦਾ ਹੈ। ਬਿੱਟੂ ਨੇ ਅਖੀਰ 'ਚ ਸਾਰੇ ਰਾਜਨੀਤਿਕ ਨੇਤਾਵਾਂ ਨੂੰ ਅਪੀਲ ਕੀਤੀ ਕਿ ਉਹ ਰਾਜਨੀਤਿਕ ਹੱਦਾਂ ਤੋਂ ਉੱਪਰ ਉੱਠ ਕੇ ਰਾਸ਼ਟਰੀ ਸੁਰੱਖਿਆ ਯਤਨਾਂ ਦੀ ਹਮਾਇਤ ਕਰਨ।

## ਯੁੱਧ ਨਸ਼ਿਆਂ ਵਿਰੁੱਧ: ਅਤਿ- ਆਧੁਨਿਕ ਏ.ਐਨ.ਟੀ.ਐਫ. ਰੇਂਜ ਦਫਤਰ ਦਾ ਪਟਿਆਲਾ ਵਿੱਚ ਉਦਘਾਟਨ

- ਪੰਜਾਬ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਤੱਕ 'ਯੁੱਧ ਨਸ਼ਿਆਂ ਵਿਰੁੱਧ' ਰਹੇਗਾ ਜਾਰੀ : ਡੀਜੀਪੀ ਗੌਰਵ ਯਾਦਵ
- 15 ਮਾਰਚ ਤੋਂ ਹੁਣ ਤੱਕ 15 ਹਜ਼ਾਰ ਤੋਂ ਵੱਧ ਨਸ਼ਾ ਤਸਕਰ ਕੀਤੇ ਕਾਬੂ; 603 ਕਿਲੋ ਹੈਰੋਇਨ, 249 ਕਿਲੋ ਅਫੀਮ, 10.8 ਕਰੋੜ ਦੀ ਡਰੱਗ ਮਨੀ ਜ਼ਬਤ
- ਅਤਿ-ਆਧੁਨਿਕ ਫੋਰੈਂਸਿਕ ਉਪਕਰਣ, ਡਾਟਾ ਵਿਸ਼ਲੇਸ਼ਣ ਪ੍ਰਣਾਲੀਆਂ, ਫੋਰੈਂਸਿਕ ਡੇਟਾ ਐਕਸਟਰੈਕਸ਼ਨ ਅਤੇ ਡਿਕ੍ਰਿਪਸ਼ਨ ਸਮਰੱਥਾਵਾਂ ਨਾਲ ਲੈਸ ਹੈ ਇਹ ਨਵੀਂ ਸਹੂਲਤ : ਡੀਜੀਪੀ ਗੌਰਵ ਯਾਦਵ

**ਚੰਡੀਗੜ੍ਹ / ਪਟਿਆਲਾ** - ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਅਗਵਾਈ ਹੇਠ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ ਹਿੱਸੇ ਵਜੋਂ, ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ , ਪਟਿਆਲਾ ਪੁਲਿਸ ਲਾਈਨਜ਼ ਵਿਖੇ ਅਤਿ-ਆਧੁਨਿਕ ਐਂਟੀ ਨਾਰਕੋਟਿਕਸ ਟਾਸਕ ਫੋਰਸ(ਏਐਨਟੀਐਫ) ਦੇ ਦਫਤਰ ਦਾ ਉਦਘਾਟਨ ਕੀਤਾ। ਇਸ ਦੌਰਾਨ ਡੀਜੀਪੀ ਗੌਰਵ ਯਾਦਵ ਦੇ ਨਾਲ ਵਿਸ਼ੇਸ਼ ਡੀਜੀਪੀ ਏ.ਐਨ.ਟੀ.ਐਫ. ਕੁਲਦੀਪ ਸਿੰਘ ਅਤੇ ਏ.ਐਨ.ਟੀ.ਐਫ. ਦੇ ਏ.ਡੀ.ਜੀ.ਪੀ. ਨਿਲਾਭ ਕਿਸ਼ੋਰ ਵੀ ਮੌਜੂਦ ਸਨ।

ਜ਼ਿਕਰਯੋਗ ਹੈ ਕਿ 1 ਕਰੋੜ ਰੁਪਏ ਦੀ ਲਾਗਤ ਨਾਲ 6,800 ਵਰਗ ਫੁੱਟ ਵਿੱਚ ਉਸਾਰੀ ਇਹ ਇੱਕ ਅਤਿ-ਆਧੁਨਿਕ, ਦੋ ਮੰਜ਼ਿਲਾ ਇਮਾਰਤ' ਹੈ, ਜੋ ਨਸ਼ਾ ਤਸਕਰੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਲਈ ਤਕਨੀਕੀ ਸਾਜੋ-ਸਮਾਨ ਨਾਲ ਲੈਸ ਹੈ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਇਹ ਸਹੂਲਤ ਨਵੀਨਤਮ ਫੌਰੈਂਸਿਕ ਸਾਜੋ-ਸਾਮਾਨ, ਡੇਟਾ ਵਿਸ਼ਲੇਸ਼ਣ ਪ੍ਰਣਾਲੀਆਂ, ਫੋਰੈਂਸਿਕ ਡਾਟਾ ਇਨਕ੍ਰਿਪਸ਼ਨ ਅਤੇ ਡਕ੍ਰਿਪਸ਼ਨ ਅਤੇ ਕ੍ਰਿਪਟੋ ਕਰੰਸੀ ਜਾਂਚ-ਪੜਤਾਲ ਕਰਨ ਵਾਲੇ ਉਪਕਰਣਾਂ ਨਾਲ ਲੈਸ ਹੈ। ਉਨ੍ਹਾਂ ਕਿਹਾ ਕਿ ਇਸ ਸਹੂਲਤ ਦੀ ਪ੍ਰਭਾਵਸ਼ੀਲਤਾ ਨੂੰ ਹੋਰ ਕਾਰਗਰ ਬਣਾਉਣ ਲਈ ਕੁਸ਼ਲ ਤਕਨੀਕੀ ਮਾਹਰਾਂ ਦੀ ਸਮਰਪਿਤ ਟੀਮ ਨੂੰ ਤਾਇਨਾਤ ਕੀਤਾ ਜਾ ਰਿਹਾ ਹੈ ਤਾਂ ਜੋ ਕਿਸੇ ਵੀ ਕਿਸਮ ਦਾ ਅਪਰਾਧਿਕ ਨੈਟਵਰਕ ਪੰਜਾਬ ਵਿੱਚ ਸਿਰ ਚੁੱਕਣ ਦੀ ਜੁਅੱਰਤ ਨਾ ਕਰ ਸਕੇ।

ਡੀਜੀਪੀ ਨੇ ਕਿਹਾ, "ਰੈਪਿਡ ਰਿਸਪਾਂਸ ਅਤੇ ਕਾਰਜਸ਼ੀਲ ਗਤੀਸ਼ੀਲਤਾ ਨੂੰ ਵਧਾਉਣ ਲਈ, ਯੂਨਿਟ ਨੂੰ ਨਵੇਂ



ਵਾਹਨ ਵੀ ਉਪਲਬਧ ਕਰਵਾਏ ਜਾ ਰਹੇ ਹਨ ਤਾਂ ਜੋ ਮੁਸਤੈਦ ਤੇ ਪ੍ਰਭਾਵੀ ਢੰਗ ਨਾਲ ਫੈਸਲਾਕੁੰਨ ਕਾਰਵਾਈ ਨੂੰ ਅੰਜਾਮ ਦਿੱਤਾ ਜਾ ਸਕੇ।

ਏਐਨਟੀਐਫ ਦੀ ਬਿਲਡਿੰਗ ਦਾ ਉਦਘਾਟਨ ਕਰਨ ਤੋਂ ਬਾਅਦ ਮੀਡੀਆ ਨੂੰ ਸੰਬੋਧਨ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਵੱਡੀ ਸਫਲਤਾ ਦੱਸਦੇ ਹੋਏ ਕਿਹਾ ਕਿ ਨਸ਼ਿਆਂ ਦੇ ਮੁਕੰਮਲ ਖਾਤਮੇ ਤੱਕ ਇਹ ਮੁਹਿੰਮ ਸੂਬੇ ਵਿੱਚ ਜਾਰੀ ਰਹੇਗੀ।

ਪੰਜਾਬ ਪੁਲਿਸ ਨੇ ਵਿਆਪਕ ਪਹੁੰਚ ਅਪਣਾਈ ਹੈ ਜਿਸਦੇ ਉਦੇਸ਼ ਨਾ ਕੇਵਲ ਨਸ਼ਾ ਤਸਕਰਾਂ ਨੂੰ ਕਾਬੂ ਕਰਨਾ ਹੈ ਸਗੋਂ ਨਸ਼ਿਆਂ ਦੇ ਕਾਲੇ ਕਾਰੋਬਾਰ ਵਿੱਚ ਸ਼ਾਮਲ ਵੱਡੀ ਮੱਛੀਆਂ 'ਤੇ ਨਕੇਲ ਕੱਸਣਾ ਵੀ ਹੈ। ਉਨ੍ਹਾਂ ਕਿਹਾ," ਅਸੀਂ ਤਸਕਰਾਂ ਵਿਰੁੱਧ ਸਖਤ ਰਵੱਈਆ ਅਪਣਾਇਆ ਹੈ ਅਤੇ ਨਸ਼ਿਆਂ ਦੀ ਗ੍ਰਿਫਤ ਵਿੱਚ ਫਸੇ ਨੌਜਵਾਨਾਂ ਦੇ ਮੁੜ ਵਸੇਬੇ ਲਈ ਵੀ ਵਿਸੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਏਐਨਟੀਐਫ ਨੂੰ ਨਸ਼ਿਆਂ ਵਿਰੋਧੀ ਮੁਹਿੰਮ ਦਾ ਧੁਰਾ ਦੱਸਦਿਆਂ ਡੀਜੀਪੀ ਨੇ ਕਿਹਾ ਕਿ ਜ਼ਿਲਿ?ਹਆਂ ਵਿਚ ਇਨਫੋਰਸਮੈਂਟ ਗਤੀਵਿਧੀਆਂ ਦੀ ਨਿਗਾਹਸਾਨੀ ਤੋਂ ਇਲਾਵਾ, ਇਹ ਇਕਾਈ ਹੋਰ ਵਿਭਾਗਾਂ ਨਾਲ ਤਾਲਮੇਲ ਕਰਕੇ ਨਸ਼ਾ ਛੁਡਾਊ ਰਣਨੀਤੀਆਂ ਨੂੰ ਲਾਗੂ ਕਰਨ ਵਿਚ ਵੀ ਮਹੱਤਵਪੂਰਣ ਭੂਮਿਕਾ ਨਿਭਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਪਿਛਲੇ ਵਿੱਤੀ ਸਾਲ ਵਿੱਚ ਤਕਨੀਕੀ ਆਧੁਨਿਕੀਕਰਨ ਲਈ 12 ਕਰੋੜ ਰੁਪਏ ਦੀ ਗਰਾਂਟ ਦਿੱਤੀ ਸੀ, ਜਦ ਕਿ ਇਸ ਸਾਲ ਇਸ ਗਰਾਂਟ ਨੂੰ ਵਧਾ ਕੇ 13.5 ਕਰੋੜ ਰੁਪਏ ਕਰ ਦਿੱਤਾ ਗਿਆ , ਜੋ ਕਿ ਏ.ਐਨ.ਟੀ.ਐਫ. ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਤੇ ਬਿਹਤਰ ਬਣਾਉਣ ਲਈ ਵਰਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸੇ ਤਰਜ਼ 'ਤੇ ਜਲੰਧਰ ਰੇਂਜ ਵਿੱਚ, ਏ.ਐਨ.ਟੀ.ਐਫ ਦਾ ਦਫਤਰ ਨਿਰਮਾਣ ਅਧੀਨ ਹੈ ਅਤੇ ਬਹੁਤ ਜਲਦੀ ਸਾਰੀਆਂ ਰੇਂਜਜ਼ ਵਿੱਚ ਅਜਿਹੇ ਏ.ਐਨ.ਟੀ.ਐਫ. ਦਫਤਰ ਹੋਣਗੇ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ 'ਸੇਫ਼ ਪੰਜਾਬ' ਵਟਸਐਪ ਚੈਟਬੋਟ ਪੋਰਟਲ— 9779100200— ਇੱਕ ਮਹੱਤਵਪੂਰਨ ਪਹਿਲ ਵਜੋਂ ਉਭਰਿਆ ਹੈ। ਉਨ੍ਹਾਂ ਕਿਹਾ ਕਿ ਇਸ ਪੋਰਟਲ 'ਤੇ ਨਸ਼ਾ ਤਸਕਰਾਂ ਤੇ ਨਸ਼ੇ ਦੇ ਆਦੀ ਵਿਅਕਤੀਆਂ ਬਾਰੇ ਸੂਚਨਾ ਦੇਣ ਵਾਲੇ ਵਿਅਕਤੀ ਦੀ ਪਹਿਚਾਣ ਗੁਪਤ ਰੱਖੀ ਜਾਂਦੀ ਹੈ ਜਿਸ ਕਰਕੇ ਲੋਕਾਂ ਵੱਲੋਂ ਇਸਨੂੰ ਵੱਡਾ ਹੁੰਗਾਰਾ ਮਿਲਿਆ ਹੈ ਅਤੇ ਉਹ ਇਸ 'ਤੇ ਆਪਣੇ ਸੁਝਾਅ ਵੀ ਦੇ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਪੋਰਟਲ 'ਤੇ ਪ੍ਰਾਪਤ ਹੋਏ 7635 ਮਾਮਲਿਆਂ ਵਿੱਚੋਂ 1596 ਵਿੱਚ ਐਫਆਈਆਰਜ਼ ਦਰਜ ਕਰਦਿਆਂ 1814 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਦੇ ਨਤੀਜੇ ਸਾਂਝੇ ਕਰਦਿਆਂ ਡੀਜੀਪੀ ਨੇ ਕਿਹਾ ਕਿ ਪੰਜਾਬ ਪੁਲਿਸ ਨੇ 1 ਮਾਰਚ, 2025 ਤੋਂ ਹੁਣ ਤੱਕ 8,960 ਐਫਆਈਆਰਜ਼ ਦਰਜ ਕਰਕੇ 15,272 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ 603 ਕਿਲੋ ਹੈਰੋਇਨ, 249 ਕਿਲੋ ਅਫੀਮ, 14 ਟਨ ਭੁੱਕੀ, 9 ਕਿਲੋ ਚਰਸ, 262 ਕਿਲੋ ਗਾਂਜਾ, 2.5 ਕਿਲੋ ਆਈਸੀਈ, 1.6 ਕਿਲੋ ਕੋਕੇਨ, 26.28 ਲੱਖ ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 10.81 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਦੇ ਨਾਲ ਹੀ 144 ਨਸ਼ਾ ਤਸਕਰਾਂ ਦੀਆਂ 74.27 ਕਰੋੜ ਰੁਪਏ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਵੀ ਜ਼ਬਤ ਕੀਤੀਆਂ ਗਈਆਂ ਹਨ।

ਡੀਜੀਪੀ ਗੌਰਵ ਯਾਦਵ ਨੇ ਆਪਣੀ ਰਣਨੀਤੀ ਦੇ ਵਿਸ਼ੇਸ਼ ਪੱਖ ਨੂੰ ਉਭਾਰਦਿਆਂ ਕਿਹਾ ਕਿ ਧਿਆਨ ਦੇਣ ਵਾਲੀ ਗੱਲ ਇਹ ਹੈ ਕਿ 1121 ਨਸ਼ਾ ਕਰਨ ਵਾਲੇ ਜਿਨ੍ਹਾਂ ਵਿਅਕਤੀਆਂ ਨੂੰ ਨਸ਼ੇ ਦੀ ਥੋੜ੍ਹੀ ਜਿਹੀ ਮਾਤਰਾ ਨਾਲ ਕਾਬੂ ਕੀਤਾ ਗਿਆ ਸੀ , ਨੂੰ ਅਪਰਾਧੀਆਂ ਵਾਂਗ ਨਹੀਂ ਸਗੋਂ ਉਨ੍ਹਾਂ ਪੀੜਤ ਮੰਨਦਿਆਂ ਐਨਡੀਪੀਐਸ ਐਕਟ ਦੀ ਧਾਰਾ 64ਏ ਤਹਿਤ ਮੁੜ ਵਸੇਬੇ ਲਈ ਭੇਜਿਆ ਗਿਆ ਹੈ। ਇਸ ਤੋਂ ਇਲਾਵਾ, ਪੁਲਿਸ ਨੇ ਡੀ-ਅਡਿਕਸ਼ ਸੈਂਟਰਾਂ ਵਿਚ 5,786 ਨਸ਼ਾ ਛੁਡਾਊ ਇਲਾਜ ਲਈ ਦਾਖਲ ਕਰਵਾਇਆ ਹੈ ਅਤੇ 6483 ਨਸ਼ਾ ਪੀੜਤਾਂ ਨੂੰ ਓਟ ਕਲੀਨਿਕਾਂ ਵਿਚ ਸੇਵਾਵਾਂ ਹਾਸਲ ਕਰਨ ਲਈ ਰਾਜ਼ੀ ਕੀਤਾ ਹੈ।

ਉਨ੍ਹਾਂ ਕਿਹਾ ਕਿ ਮੁਹਿੰਮ ਦੀ ਸਫਲਤਾ ਦਾ ਸਿਹਰਾ ਲੋਕਾਂ ਦੇ ਸਿਰ ਹੈ ਕਿਉਂਕਿ 19,559 ਪਿੰਡ ਦੀ ਰੱਖਿਆ ਕਮੇਟੀਆਂ ਨੇ ਬੜੀ ਸਰਗਰਮੀ ਨਾਲ ਸਬੰਧਤ ਅਥਾਰਟੀਆਂ ਦਾ ਸਾਥ ਦਿੱਤਾ ਹੈ। ਡੀਜੀਪੀ ਨੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਇਸ ਲੋਕਪੱਖੀ ਮੁਹਿੰਮ ਨੂੰ ਸਮਰਥਨ ਜਾਰੀ ਰੱਖਣ ਅਤੇ ਉਨ੍ਹਾਂ ਨੂੰ ਸੇਫ ਪੰਜਾਬ ਚੈਟਬੋਟ: 9779100200 'ਤੇ ਗੁਪਤ ਰੂਪ ਵਿੱਚ ਨਸ਼ਿਆਂ ਸੰਬੰਧੀ ਜਾਣਕਾਰੀ ਦੇਣ ਲਈ ਅਪੀਲ ਕੀਤੀ ।

ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਵੱਲੋਂ ਜ਼ਮਾਨਤ 'ਤੇ ਬਾਹਰ ਆਏ ਵੱਡੇ ਨਸ਼ਾ ਤਸਕਰਾਂ ਦੀ ਗਤੀਵਿਧੀਆਂ ਦੀ ਨਜ਼ਰਸਾਨੀ ਅਤੇ ਟਰੈਕ ਕਰਨ ਲਈ ਜੀਪੀਐਸ ਐਂਕਲੈਟਾਂ ਦੀ ਵਰਤੋਂ ਨੂੰ ਪੜਚੋਲਿਆ ਜਾ ਰਿਹਾ ਹੈ।

ਡੀਜੀਪੀ ਨੇ ਕਿਹਾ," ਅਸੀਂ ਸਮਰੱਥ ਅਦਾਲਤ ਦੀ ਪ੍ਰਵਾਨਗੀ ਨਾਲ ਜੀਪੀਐਸ ਐਨਕਲੇਟਸ ਰਾਹੀਂ ਜ਼ਮਾਨਤ 'ਤੇ ਰਿਹਾ ਹੋਏ ਵੱਡੇ ਤਸਕਰਾਂ ਦੀਆਂ ਗਤੀਵਿਧੀਆਂ ਨੂੰ ਟਰੈਕ ਕਰਨ ਅਤੇ ਨਿਗਰਾਨੀ ਲਈ ਕਾਨੂੰਨੀ ਪੱਖ ਤੋਂ ਪ੍ਰਸਤਾਵ ਦੀ ਪੜਚੋਲ ਕਰ ਰਹੇ ਹਾਂ"।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੰਜਾਬ ਪੁਲਿਸ ਏਆਈ ਅਧਾਰਤ ਡੇਟਾਬੇਸ ਵੀ ਵਿਕਸਤ ਕਰ ਰਹੀ ਹੈ ਤਾਂ ਜੋ ਐਨਡੀਪੀਐਸ ਐਕਟ ਅਧੀਨ ਗ੍ਰਿਫਤਾਰ ਕੀਤੇ ਵਿਅਕਤੀਆਂ ਦੇ ਅਗਲੇਰੇ-ਪਿਛਲੇਰੇ ਸਬੰਧ ਦੀ ਹੋਰ ਡੂੰਘਾਈ ਨਾਲ ਪੜਤਾਲਿਆ ਜਾ ਸਕੇ।

ਇਸ ਮੌਕੇ ਡੀਆਈਜੀ ਏਐਨਟੀਐਫ ਸੰਜੀਵ ਕੁਮਾਰ ਰਾਮਪਾਲ, ਡੀਆਈਜੀ ਪਟਿਆਲਾ ਰੇਂਜ ਡਾ: ਨਾਨਕ ਸਿੰਘ, ਐਸਐਸਪੀ ਵਰੁਨ ਸ਼ਰਮਾ ਅਤੇ ਏਆਈਜੀ ਏਐਨਟੀਐਫ ਭੁਪਿੰਦਰ ਸਿੰਘ ਮੌਜੂਦ ਸਨ।

# ਵਿਸ਼ਵ ਭਾਈ ਮਰਦਾਨਾ ਸੁਸਾਇਟੀ ਵੱਲੋਂ ਕਰਵਾਏ ਗੁਰਮਤ ਮੁਕਾਬਲਿਆਂ ਦੀ ਦੇਸ਼ਾਂ ਵਿਦੇਸ਼ਾਂ ਵਿੱਚ ਚਰਚਾ



**ਫਿਰੋਜ਼ਪੁਰ/ਮਨੋਹਰ ਲਾਲ**

ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਵੱਲੋਂ 1 ਜੂਨ ਨੂੰ ਬੱਚਿਆਂ ਦੇ ਗੁਰਮਤ ਮੁਕਾਬਲਿਆਂ ਦੀ ਚਰਚਾ ਦੇਸ਼ਾਂ ਵਿਦੇਸ਼ਾਂ ਤੱਕ ਹੋਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਸਾਇਟੀ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਆਖਿਆ ਕਿ ਪ੍ਰੋਗਰਾਮ ਬਹੁਤ ਹੀ ਕਾਮਯਾਬ ਰਿਹਾ ਜਿਸ ਵਿੱਚ ਤਕਰੀਬਨ 42 ਬੱਚਿਆਂ ਨੇ ਹਿੱਸਾ ਲਿਆ ਤੇ ਸਾਰਿਆਂ ਨੂੰ ਹੀ ਸਨਮਾਨਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਤੋਂ ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ, ਬਲਕਾਰ ਸਿੰਘ, ਗੁਰਪ੍ਰੀਤ ਸਿੰਘ ਗੋਪੀ ਇੰਗਲੈਂਡ ਤੋਂ, ਗੁਰਮਿੰਦਰ ਸਿੰਘ ਰਾਜੂ ਅਮਰੀਕਾ ਤੋਂ, ਡਾਕਟਰ ਐਸ.ਪੀ ਸਿੰਘ ਉਬਰਾਏ, ਰਣਬੀਰ ਸਿੰਘ ਭੁੱਲਰ ਐਮ.ਐਲ.ਏ, ਅਨੁਮੀਤ ਸਿੰਘ ਹੀਰਾ ਸੋਡੀ, ਸੁਖਪਾਲ ਸਿੰਘ ਨੰਨੂ, ਬਲਵੀਰ ਸਿੰਘ ਰਾਮੂਵਾਲੀਆ, ਬਾਬਾ ਅਜਮੇਰ ਸਿੰਘ ਰੱਬ ਜੀ ਟਰਸਟ ਮੋਗਾ, ਧਰਮਜੀਤ ਸਿੰਘ ਘਟੋੜਾ, ਬਲਦੇਵ ਸਿੰਘ ਮਹਿਰੋਂ, ਬਾਬਾ ਕਪੂਰ ਸਿੰਘ ਸਨੇਰਾ ਵਾਲੇ ਨੇ ਗੁਰਮਤਿ ਮੁਕਾਬਲਿਆਂ ਅਤੇ ਧਾਰਮਿਕ ਪ੍ਰੋਗਰਾਮ ਕਰਵਾਉਣ ਲਈ ਵਿਸ਼ਵ ਭਾਈ ਮਰਦਾਨਾ ਸੋਸਾਇਟੀ ਨੂੰ ਵਧਾਈ ਦਿੱਤੀ। ਗੱਲਬਾਤ ਕਰਦਿਆਂ ਹਰਜੀਤ ਸਿੰਘ ਧਾਲੀਵਾਲ ਨੇ ਆਖਿਆ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਪ੍ਰੋਗਰਾਮ ਵੀ ਉਲੀਕੇ ਜਾਣਗੇ ਜਿਸ ਨਾਲ ਨੌਜਵਾਨਾਂ ਵਿੱਚ ਬੱਚਿਆਂ ਵਿੱਚ ਵਿਸ਼ੇਸ਼ ➡ਚੀ ਪੈਦਾ ਕੀਤੀ ਜਾਵੇਗੀ, ਜਿਸ ਤੋਂ ਪ੍ਰੇਰਨਾ ਲੈ ਕੇ ਬੱਚੇ ਧਾਰਮਿਕ ਪ੍ਰੋਗਰਾਮ ਵਿੱਚ ਵੱਧ ਚੜ ਕੇ ਹਿੱਸਾ ਲੈ ਸਕਣ। ਇਸ ਮੌਕੇ ਬਲਜਿੰਦਰ ਸਿੰਘ ਬੱਬੂ ਹੁਸੈਨੀਵਾਲਾ, ਗੁਰਮੀਤ ਸਿੰਘ ਹਸਤੀ ਵਾਲਾ, ਹਰਦੀਪ ਸਿੰਘ ਸਰਪੰਚ ਰੱਜੀਵਾਲਾ, ਪਰਮਜੀਤ ਸਿੰਘ ਪੰਮਾ, ਰਣਬੀਰ ਸਿੰਘ ਰਾਣਾ, ਇੰਦਰਪਾਲ ਪ੍ਰਿੰਸ, ਰਾਜੇਸ਼ ਕੁਮਾਰ ਜੋਗਾ ਸਿੰਘ ਆਦਿ ਹਾਜ਼ਰ ਸਨ।

# ਹੇਮਕੁੰਟ ਸਕੂਲ ਵਿਖੇ ਸਮਰ ਕੈਂਪ ਦਾ ਆਯੋਜਨ



**ਜ਼ੀਰਾ /ਅੰਗਰੇਜ਼ ਬਰਾੜ**

ਹੇਮਕੁਟ ਸੀਨੀਅਰ ਸੈਕੰਡਰੀ ਸਕੂਲ ਕੋਟ ਈਸੇ ਖਾਂ ਵਿਖੇ ਸਮਰ ਕੈਂਪ ਦਾ ਆਯੋਜਨ ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਦੀ ਦੇਖ ਰੇਖ ਹੇਠ ਕੀਤਾ ਗਿਆ। ਇਸ ਸਮਰ ਕੈਂਪ ਵਿੱਚ ਛੇਵੀਂ ਤੋਂ ਲੈ ਕੇ ਬਾਰਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ! ਇਸ ਮੌਕੇ ਹੇਮਕੁਟ ਸੰਸਥਾਵਾਂ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਨੇ ਵਿਦਿਆਰਥੀਆਂ ਨੂੰ ਕੈਂਪ ਦੀ ਮਹੱਤਤਾ ਬਾਰੇ ਦੱਸਿਆ! ਇਸ ਦੌਰਾਨ ਵਿਦਿਆਰਥੀਆਂ ਨੇ ਵੱਖ ਵੱਖ ਖੇਡਾਂ ਵਿੱਚ ਭਾਗ ਲਿਆ! ਐਮ ਡੀ ਮੈਡਮ ਰਣਜੀਤ ਕੌਰ ਸੰਧੂ ਨੇ ਵਿਦਿਆਰਥੀਆਂ ਨੂੰ ਖੇਡ ਮੈਦਾਨ ਵਿੱਚ ਖੇਡ ਦੀ ਭਾਵਨਾ ਨਾਲ ਖੇਡਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਖੇਡਾਂ ਦੇ ਦੌਰਾਨ ਵਿਦਿਆਰਥੀ ਵੱਧ ਤੋਂ ਵੱਧ ਪਾਣੀ ਪੀਣ ਅਤੇ ਰੋਜ਼ਾਨਾ ਖਾਣੇ ਵਿੱਚ ਹਰੀਆਂ ਸਬਜ਼ੀਆਂ ਖਾਣ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਰਮਨਜੀਤ ਕੌਰ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਖੇਡਾਂ ਅਤੇ ਸਮਰ ਕੈਂਪ ਵਿੱਚ ਸਰਗਰਮ ਰਹਿਣ ਲਈ ਪ੍ਰੇਰਿਆ! ਕੈਂਪ ਦੌਰਾਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ। ਇਸ ਮੌਕੇ ਮੈਡਮ ਪ੍ਰਕਿਰਤੀ, ਵੀਰਪਾਲ ਕੌਰ, ਜਗਵਿੰਦਰ ਸਿੰਘ, ਸੁਰਿੰਦਰ ਸਿੰਘ, ਮਨਵੀਰ ਸਿੰਘ ਆਦਿ ਹਾਜ਼ਰ ਸਨ।

# ਖਾਲਸਾ ਸਕੂਲ ਦੇ ਨੱਨੇ ਮੁੰਨੇ ਵਿਦਿਆਰਥੀਆਂ ਵੱਲੋਂ ਜੈਲੋ ਦਿਵਸ ਮਨਾਇਆ ਗਿਆ



**ਫਿਰੋਜ਼ਪੁਰ/ਮਨੋਹਰ ਲਾਲ**

ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਵੱਲੋਂ ਜੈਲੋ ਦਿਵਸ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਜੈਲੋ ਪੁਸ਼ਾਕਾਂ ਅਤੇ ਜੈਲੋ ਪਕਵਾਨ ਅਤੇ ਵੱਖ—ਵੱਖ ਐਕਟੀਵਿਟੀਆਂ ਕੀਤੀਆਂ ਗਈਆਂ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਅਤੇ ਭਾਈ ਵੀਰਪਾਲ ਸਿੰਘ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਛੋਟੇ—ਛੋਟੇ ਬੱਚੇ ਬਹੁਤ ਹੀ ਖੂਬਸੂਰਤ ਅਤੇ ਬਹੁਤ ਹੀ ਖੁਸ਼ ਨਜ਼ਰ ਆ ਰਹੇ ਸਨ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀ ਹਾਜਰ ਸਨ।

# ਹਲਕਾ ਖੰਨਾ ਦੇ ਵੱਖੋ-ਵੱਖ ਪਿੰਡਾਂ ਵਿੱਚ ਵਿਲੇਜ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ

## ਨਸ਼ਿਆਂ ਦੇ ਆਦੀ ਵਿਅਕਤੀਆਂ ਦਾ ਨਸ਼ਾ ਛੁਡਵਾਉਣ ਲਈ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਲਿਆਂਦਾ ਜਾਵੇ





**ਖੰਨਾ, ਲਾਲ ਸਿੰਘ ਮਾਂਗਟ**

ਨਸ਼ਾ ਮੁਕਤੀ ਯਾਤਰਾ, ਨਸ਼ਿਆਂ ਦੇ ਖਾਤਮੇ ਵਿੱਚ ਅਹਿਮ ਯੋਗਦਾਨ ਪਾ ਰਹੀ ਹੈ ਤੇ ਲੋਕ ਵੱਧ ਚੜ੍ਹ ਕੇ ਇਸ ਮੁਹਿੰਮ ਦਾ ਹਿੱਸਾ ਬਣ ਰਹੇ ਹਨ। ਇਹ ਸੂਬਾ ਸਰਕਾਰ ਦੀ ਇੱਕ ਅਜਿਹੀ ਪਹਿਲ ਕਦਮੀ ਹੈ, ਜਿਸ ਰਾਹੀਂ ਲੋਕਾਂ ਨਾਲ ਸਿੱਧਾ ਰਾਬਤਾ ਰੱਖਿਆ ਜਾ ਰਿਹਾ ਹੈ ਅਤੇ ਸੂਬੇ ਵਿੱਚੋਂ ਨਸ਼ਿਆਂ ਦਾ ਮੁਕੰਮਲ ਖਾਤਮਾ ਕਰਨ ਵਿੱਚ ਵੱਡੇ ਪੱਧਰ ਉੱਤੇ ਮਦਦ ਮਿਲ ਰਹੀ ਹੈ। ਇਹ ਪ੍ਰਗਟਾਵਾ ਚੇਅਰਮੈਨ ਮਾਰਕੀਟ ਕਮੇਟੀ ਖੰਨਾ ਜਗਤਾਰ ਸਿੰਘ ਗਿੱਲ ਰਤਨਹੇੜੀ, ਹਲਕਾ ਖੰਨਾ ਤੋਂ ਕੋਆਰਡੀਨੇਟਰ ਨਸ਼ਾ ਮੁਕਤੀ ਯਾਤਰਾ ਪਰਮਪ੍ਰੀਤ ਸਿੰਘ, ਸਿੱਖਿਆ ਕੋਆਰਡੀਨੇਟਰ ਮਾਸਟਰ ਅਵਤਾਰ ਸਿੰਘ ਅਤੇ ਭੁਪਿੰਦਰ ਸਿੰਘ ਸੌਂਦ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਮੁਕਤੀ ਯਾਤਰਾ ਅਧੀਨ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਅਗਵਾਈ ਵਿੱਚ ਪਿੰਡ ਰੋਹਣੋ ਖੁਰਦ, ਈਸੜੂ, ਇਕੋਲਾਹੀ ਅਤੇ ਗਲਵੱਡੀ ਵਿਖੇ ਵਿਲੇਜ ਡਿਫੈਂਸ ਕਮੇਟੀਆਂ ਨਾਲ ਕੀਤੀਆਂ ਮੀਟਿੰਗਾਂ ਦੌਰਾਨ ਕੀਤਾ। ਇਸ ਮੌਕੇ ਇਹਨਾਂ ਆਗੂਆਂ ਨੇ ਪਿੰਡਾਂ ਦੀਆਂ ਵਿਲੇਜ ਡਿਫੈਂਸ ਕਮੇਟੀਆਂ ਨੂੰ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ ਅਤੇ ਪਿੰਡ ਵਾਸੀਆਂ ਨੂੰ ਨਿਰੰਤਰ ਨਸ਼ੇ ਖਿਲਾਫ ਲੜੀ ਜਾ ਰਹੀ ਜੰਗ ਵਿੱਚ ਇੱਕਜੁੱਟ ਹੋ ਕੇ ਪੰਜਾਬ ਸਰਕਾਰ ਦਾ ਸਹਿਯੋਗ ਦੇਣ ਲਈ ਪ੍ਰੇਰਤ ਕੀਤਾ ਜਾਵੇ। ਉਹਨਾਂ ਨੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੇ ਆਦੀ ਵਿਅਕਤੀਆਂ ਦਾ ਨਸ਼ਾ ਛੁਡਵਾਉਣ ਲਈ ਉਹਨਾਂ ਨੂੰ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਲਿਆਂਦਾ ਜਾਵੇ।

ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਨਸ਼ਾ ਤਸਕਰ ਜਾਂ ਤਾਂ ਜੇਲ੍ਹਾਂ ਵਿੱਚ ਹਨ ਜਾਂ ਫਿਰ ਪੰਜਾਬ ਛੱਡ ਕੇ ਭੱਜ ਚੁੱਕੇ ਹਨ। ਹੁਣ ਇਹ ਮੁਹਿੰਮ ਜ਼ਮੀਨੀ ਪੱਧਰ ਭਾਵ ਪਿੰਡਾਂ ਅਤੇ ਵਾਰਡਾਂ ਵਿਚੋਂ ਚੱਲਣ ਲੱਗੀ ਹੈ, ਜਿਸ ਨੂੰ ਨਸ਼ਾ ਮੁਕਤੀ ਯਾਤਰਾ ਦਾ ਨਾਮ ਦਿੱਤਾ ਗਿਆ ਹੈ, ਜਿਸ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਹਨਾਂ ਨੇ ਸਮੂਹ ਹਾਜ਼ਰੀਨ ਨੂੰ ਨਸ਼ਾ ਮੁਕਤੀ ਮੁਹਿੰਮ ਵਿੱਚ ਆਪਣਾ ਪੂਰਨ ਸਹਿਜੋਗ ਦੇਣ ਦਾ ਪ੍ਰਣ ਵੀ ਦਿਵਾਇਆ। ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਸਬੰਧੀ ਪ੍ਰਸ਼ਾਸਨ ਤੇ ਪੁਲਿਸ ਵਿਭਾਗ ਨੂੰ ਸਹਿਯੋਗ ਦੇਣ।

ਇਸ ਮੌਕੇ ਨਾਇਬ ਤਹਿਸੀਲਦਾਰ ਖੰਨਾ ਮਨਪ੍ਰੀਤ ਸਿੰਘ, ਪੰਚਾਇਤ ਅਫ਼ਸਰ ਕੁਲਦੀਪ ਸਿੰਘ,ਪਿੰਡ ਰੋਹਣੋ ਖੁਰਦ ਦੇ ਸਰਪੰਚ ਰਾਜਵਿੰਦਰ ਕੌਰ, ਈਸੜੂ ਦੇ ਸਰਪੰਚ ਜਤਿੰਦਰਜੋਤ ਸਿੰਘ ਜੋਤੀ, ਇਕੋਲਾਹੀ ਦੇ ਸਰਪੰਚ ਨਿਰਮਲ ਕੌਰ, ਗਲਵੱਡੀ ਦੇ ਸਰਪੰਚ ਜਸਵੰਤ ਸਿੰਘ, ਬਾਬਾ ਕਰਨੈਲ ਸਿੰਘ ਗਲਵੱਡੀ ਤੋਂ ਇਲਾਵਾ ਪੁਲਿਸ ਅਤੇ ਸਿਹਤ ਵਿਭਾਗ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਅਤੇ ਪਿੰਡਾਂ ਦੀਆਂ ਡਿਫੈਂਸ ਕਮੇਟੀਆਂ ਦੇ ਮੈਂਬਰ, ਪੰਚਾਇਤ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਲੋਕ ਹਾਜ਼ਰ ਸਨ।

# ਮੁਲਤਾਨੀ ਮੱਲ ਮੋਦੀ ਕਾਲਜ ਦੇ ਐਨ.ਸੀ.ਸੀ ਕੈਡਿਟਾਂ ਨੇ ਪਟਿਆਲਾ ਸ਼ਹਿਰ ਦੇ ਘੱਟ ਰੌਸ਼ਨੀ ਵਾਲੇ ਸਥਾਨਾਂ ਤੇ ਸੁਰੱਖਿਆ ਲਾਈਟਾਂ ਲਗਾਈਆਂ



**ਪਟਿਆਲਾ**

ਸਥਾਨਕ ਮੁਲਤਾਨੀ ਮੱਲ ਮੋਦੀ ਕਾਲਜ ਦੇ ਐਨ.ਸੀ.ਸੀ ਕੈਡਿਟਾਂ ਨੇ ਪਟਿਆਲਾ ਸ਼ਹਿਰ ਦੇ ਵਿੱਚ ਘੱਟ ਰੌਸ਼ਨੀ ਵਾਲੇ ਸਥਾਨਾਂ ਤੇ ਹੋਣ ਵਾਲੇ ਟ ?ੈਫਿਕ ਹਾਦਸਿਆਂ ਦੀ ਵੱਧ ਰਹੀ ਗਿਣਤੀ ਨੂੰ ਧਿਆਨ ਵਿੱਚ ਰੱਖਦਿਆਂ ਇੱਕ ਸੜਕ ਸੁਰੱਖਿਆ ਮੁਹਿੰਮ ਦਾ ਆਯੋਜਨ ਕੀਤਾ। ਕਾਲਜ ਪ੍ਰਿੰਸੀਪਲ ਡਾ. ਨੀਰਜ ਗੋਇਲ ਦੀ ਅਗਵਾਈ ਹੇਠ ਆਰੰਭੀ ਇਸ ਪਹਿਲ ਦਾ ਉਦੇਸ਼ ਪਟਿਆਲਾ ਸ਼ਹਿਰ ਦੇ ਹਨੇਰੇ ਖੇਤਰਾਂ ਦੇ ਆਲੇ ਦੁਆਲੇ ਖੰਭਿਆਂ, ਡਿਵਾਈਡਰਾਂ ਅਤੇ ਪੈਦਲ ਚੱਲਣ ਵਾਲੇ ਕਰਾਸਿੰਗਾਂ 'ਤੇ ਰਿਫਲੈਕਟਿਵ ਟੇਪ' ਲਗਾ ਕੇ ਬਿਹਤਰ ਬਣਾਉਣਾ ਅਤੇ ਹਾਦਸਿਆਂ ਨੂੰ ਘਟਾਉਣਾ ਸੀ। ਇਹ ਮੁਹਿੰਮ ਕਾਲਜ ਦੇ ਐਨ.ਸੀ.ਸੀ ਵਿੰਗਾਂ ਦੁਆਰਾ 5 ਪੀਬੀ ਬੀ.ਐਨ ਐਨ.ਸੀ.ਸੀ, 10 ਪੀਬੀ ਬੀ.ਐਨ ਐਨ.ਸੀ.ਸੀ ਅਤੇ 3 ਏਅਰ ਐਸ.ਕਿਊ.ਐਨ ਦੇ ਸਹਿਯੋਗ ਨਾਲ ਚਲਾਈ ਗਈ।

ਇਹ ਸੜਕ ਸੁਰੱਖਿਆ ਮੁਹਿੰਮ ਇੱਕ ਵੱਡੀ ਸਫਲਤਾ ਸੀ, ਜਿਸ ਵਿੱਚ ਕੈਡਿਟਾਂ ਵੱਲੋਂ ਸਥਾਨਕ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਸੜਕ ਸੁਰੱਖਿਆ ਬਾਰੇ ਜ਼ਿੰਮੇਵਾਰ ਨਾਗਰਿਕਤਾ ਦੀ ਮਹੱਤਤਾ ਨੂੰ ਉਤਸ਼ਾਹਿਤ ਕਰਨਾ ਸ਼ਾਮਲ ਸੀ। ਮੁਹਿੰਮ ਦੇ ਮੁੱਖ ਪਹਿਲੂਆਂ ਵਿੱਚ ਰਿਫਲੈਕਟਿਵ ਟੇਪ ਲਗਾ ਕੇ ਹਨੇਰੇ ਸਥਾਨ ਨੂੰ ਬਿਹਤਰ ਬਣਾਉਣਾ, ਸੜਕ ਸੁਰੱਖਿਆ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਭਾਈਚਾਰਕ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨਾ ਸ਼ਾਮਲ ਸੀ।

ਮੁਲਤਾਨੀ ਮੱਲ ਮੋਦੀ ਕਾਲਜ ਦੇ ਪ੍ਰਿੰਸੀਪਲ ਡਾ. ਨੀਰਜ ਗੋਇਲ ਨੇ ਐਨ.ਸੀ.ਸੀ ਕੈਡਿਟਾਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ, ÷ਮੁਲਤਾਨੀ ਮੱਲ ਮੋਦੀ ਕਾਲਜ ਦੇ ਐਨ.ਸੀ.ਸੀ ਕੈਡਿਟਾਂ ਨੇ ਇੱਕ ਵਾਰ ਫਿਰ ਭਾਈਚਾਰਕ ਭਲਾਈ ਅਤੇ ਸਮਾਜਿਕ ਜ਼ਿੰਮੇਵਾਰੀ ਪ੍ਰਤੀ ਆਪਣੀ ਵਚਨਬੱਧਤਾ ਦਾ ਪ੍ਰਦਰਸ਼ਨ ਕੀਤਾ ਹੈ।÷ ਮੋਦੀ ਕਾਲਜ ਆਪਣੇ ਵਿਦਿਆਰਥੀਆਂ ਵਿੱਚ ਮਿਆਰੀ ਸਿੱਖਿਆ ਪ੍ਰਦਾਨ ਕਰਨ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ, ਅਤੇ ਐਨਸੀਸੀ ਕੈਡਿਟਾਂ ਪਹਿਲਾ ਵੀ ਵੱਖ-ਵੱਖ ਭਾਈਚਾਰਕ ਸੇਵਾ ਪਹਿਲਕਦਮੀਆਂ ਵਿੱਚ ਸਰਗਰਮੀ ਨਾਲ ਸ਼ਾਮਲ ਹੋਏ ਹਨ।

ਇਹ ਸੜਕ ਸੁਰੱਖਿਆ ਮੁਹਿੰਮ ਮੁਲਤਾਨੀ ਮੱਲ ਮੋਦੀ ਕਾਲਜ ਦੇ ਐਨ.ਸੀ.ਸੀ. ਕੈਡਿਟਾਂ ਦੁਆਰਾ ਸਮਾਜਿਕ ਭਲਾਈ ਅਤੇ ਭਾਈਚਾਰਕ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨ ਲਈ ਕੀਤੀਆਂ ਗਈਆਂ ਕਈ ਪਹਿਲਕਦਮੀਆਂ ਵਿੱਚੋਂ ਇੱਕ ਉਦਾਹਰਣ ਹੈ। ਇਸ ਮੁਹਿੰਮ ਵਿੱਚ ਲਗਭਗ 60 ਕੈਡਿਟਾਂ ਨੇ ਹਿੱਸਾ ਲਿਆ ਜਿਨ੍ਹਾਂ ਦੀ ਨਿਗਰਾਨੀ ਲੈਫਟੀਨੈਂਟ (ਡਾ.) ਰੋਹਿਤ ਸਚਦੇਵਾ, ਲੈਫਟੀਨੈਂਟ (ਡਾ.) ਨਿਧੀ ਰਾਣੀ ਗੁਪਤਾ ਅਤੇ ਫਲਾਇੰਗ ਅਫਸਰ ਡਾ. ਸੁਮੀਤ ਕੁਮਾਰ ਨੇ ਕੀਤੀ। ਡਾ. ਵਰੁਣ ਜੈਨ ਅਤੇ ਡਾ. ਨਿਸ਼ਾਨ ਸਿੰਘ ਨੇ ਵੀ ਇਸ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ।

# ਗਰੀਬ ਤੇ ਲੋੜਵੰਦ ਸਿੱਖਾਂ ਦੀ ਸਾਰ ਲਵੇ ਸ਼੍ਰੋਮਣੀ ਕਮੇਟੀ—ਏਕਨੂਰ ਖਾਲਸਾ ਫੌਜ਼ ਪ੍ਰਧਾਨ ਲਖਬੀਰ ਸਿੰਘ



**ਫਿਰੋਜ਼ਪੁਰ/ਮਨੋਹਰ ਲਾਲ**

ਪੂਰੀ ਦੁਨਿਆਂ ਵਿਚ ਸਭ ਤੋਂ ਵੱਧ ਕੁਰਬਾਨੀਆਂ ਦੇਣ ਵਾਲੇ ਅਤੇ ਅੱਧੀ ਦੁਨੀਆਂ ਦਾ ਢਿੱਡ ਭਰਨ ਵਾਲੀ ਕੌਮ ਨੂੰ ਸਰਕਾਰ ਨੇ ਪੰਜ ਕਿਲੋ ਕਣਕ ਤੇ ਹੋਰ ਪਤਾ ਨੀ ਕੀ ਕੁਝ ਕਰਨ ਲਾ ਦਿੱਤਾ। ਜਿਹੜੀ ਕੌਮ ਆਪ ਭੁਖੀ ਰਹਿ ਕੇ ਵੀ ਕਿਸੇ ਨੂੰ ਭੁੱਖਾ ਨਹੀਂ ਵੇਖ ਸਕਦੀ, ਕਿਤੇ ਵੀ ਕੋਈ ਆਤ ਆਵੇ ਸਿੱਖ ਸਭ ਤੋਂ ਪਹਿਲਾਂ ਲੰਗਰ ਤੇ ਦਵਾਈਆਂ ਵਗੈਰਾ ਲੈ ਕੇ ਪਹੁੰਚ ਜਾਂਦਾ ਹੈ, ਪਰ ਫੇਰ ਵੀ ਹਰ ਕੋਈ ਇਸ ਨੂੰ ਖਤਮ ਕਰਨ ਲਈ ਜ਼ੋਰ ਲਗਾ ਰਿਹਾ ਹੈ। ਲਾਲਚ ਦੇ ਕੇ ਡਰਾ—ਧਮਕਾ ਕੇ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨੰਬਰਦਾਰ ਲਖਬੀਰ ਸਿੰਘ ਪ੍ਰਧਾਨ ਏਕਨੂਰ ਖਾਲਸਾ ਫੌਜ਼ ਫਿ ?ਰੋਜ਼ਪੁਰ ਨੇ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀ ਸਭ ਤੋਂ ਵੱਡੀ ਸੰਸਥਾ ਸ਼ੋ ?ਰਮਣੀ ਕਮੇਟੀ ਜਿਸ ਦਾ ਸਲਾਨਾ ਬਜਟ ਪੰਜਾਬ ਸਰਕਾਰ ਤੋਂ ਜਿਆਦਾ ਤਕਰੀਬਨ 13 ਅਰਬ ਰੁਪਏ ਤੇ 25 ਹਜ਼ਾਰ ਏਕੜ ਦੀ ਮਾਲਕ, ਪਰ ਗਰੀਬ ਤੇ ਲੋੜਵੰਦ ਸਿੱਖਾਂ ਦੀ ਬਾਂਹ ਫੜਨ ਦੀ ਬਜਾਏ ਧਨਾਢਾ ਦੀ ਕਮੇਟੀ ਬਣ ਕੇ ਰਹਿ ਗਈ ਹੈ ਤੇ ਦੂਜੇ ਪਾਸੇ ਇਸਾਈ ਧਰਮ ਜਾਂ ਹੋਰ ਡੇਕੇਦਾਰ ਲਾਲਚ ਦੇ ਕੇ ਆਪਣੇ ਧਰਮ ਵਿਚ ਮਿਲਾਉਣ ਦੀ ਕੋਸਿ ?ਸ਼ ਵਿਚ ਲੱਗੇ ਹਨ, ਪਹਿਲਾਂ ਤਾਂ ਪੰਜਾਬ ਵਿਚ ਖਾਸ ਕਰਕੇ ਗੁਰੂ ਨਗਰੀ ਵਿਚ ਸਭ ਤੋਂ ਵੱਧ ਜ਼ੋਰ ਲੱਗਾ ਰਹਿੰਦਾ ਸੀ, ਇਕਾਈ ਮੱਤ ਵਾਲਿਆਂ ਦਾ ਤੇ ਹੁਣ ਤਾਜਾ ਖਬਰਾਂ ਜ਼ੋ ਕਿ ਯੂ.ਪੀ ਤੋਂ ਮਿਲ ਰਹੀਆਂ ਹਨ ਕਿ ਇਸਾਈ ਮੱਤ ਵੱਲ ਗਰੀਬ ਤੇ ਅਨਪੜ ਜਾਂ ਘੱਟ ਪੜ੍ਹੇ ਲਿਖੇ ਯੂ.ਪੀ ਦੇ ਸਿੱਖਾਂ ਨੂੰ ਲਾਲਚ ਦੇ ਕੇ ਤਕਰੀਨ 3000 ਸਿੱਖਾਂ ਦਾ ਧਰਮ ਤਬਦੀਲ ਕਰ ਦਿੱਤਾ ਸੀ,

ਪਰ ਜਿਹੜਾ ਨੂੰ ਸਿੱਖ ਕੌਮ ਨੂੰ ਆਗੂ ਚੁਣਿਆ ਸੀ ਜਾਂ ਆਪੇ ਆਗੂ ਬਣ ਗਏ ਨੇ ਕਦੇ ਹਾਅ ਦਾ ਨਾਹਰਾ ਨਹੀਂ ਮਾਰਿਆ ਕਦੇ ਗਰੀਬ ਤੇ ਲੋੜਵੰਦ ਸਿੱਖਾਂ ਦੀ ਬਾਂਹ ਨਹੀਂ ਫੜੀ, ਦਿੱਲੀ ਕਮੇਟੀ, ਪਟਨਾ ਸਾਹਿਬ ਕਮੇਟੀ, ਹਜ਼ੂਰ ਸਾਹਿਬ ਪ੍ਰਬੰਧਕੀ ਬੋਰਡ ਤੇ ਸਿੱਖਾਂ ਦੀ ਸਿਰਮੌਰ ਸੰਸਥਾ ਨੇ ਕਦੇ ਧਿਆਨ ਨਹੀਂ ਦਿੱਤਾ, ਵਣਜਾਰੇ ਸਿੱਖਾਂ ਤੇ ਸਿਕਲੀਗਰ ਸਿੱਖਾਂ ਵੱਲੋਂ ਜ਼ੋ ਅੱਤ ਦੀ ਗਰੀਬੀ ਵਿਚ ਵੀ ਧਰਮ ਨਹੀਂ ਛੱਡ ਕੇ ਕਮੇਟੀਆਂ ਨੂੰ ਗਰੀਬ ਲੋੜਵੰਦ ਸਿੱਖਾਂ ਦੀ ਬਾਂਹ ਫੜਨੀ ਚਾਹੀਦੀ ਹੈ।

# ਸ਼ਹੀਦੀ ਦਿਹਾੜਾ ਮਨਾਉਣ ਲਈ ਹੋਈ ਮੀਟਿੰਗ



**ਫਿਰੋਜ਼ਪੁਰ/ਮਨੋਹਰ ਲਾਲ**

ਦਮਦਮੀ ਟਕਸਾਲ ਦੇ ਹੈਡ ਕੁਆਰਟਰ ਮਹਿਤਾ ਵਿਖੇ 6 ਜੂਨ ਨੂੰ ਜੋ ਸ਼ਹੀਦੀ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਦੀ ਯਾਦ ਅੰਦਰ ਸ਼ ?ੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਹਰ ਸਾਲ ਕਰਵਾਇਆ ਜਾ ਜਾਂਦਾ ਹੈ। ਉਸ ਵਿੱਚ ਫਿਰੋਜ਼ਪੁਰ ਜ਼ਿਲ੍ਹੇ ਤੋਂ ਪਿੰਡ ਝੋਕ ਮੋੜੇ ਬੁਰਜ ਮੱਖਣ ਸਿੰਘ ਵਾਲ ਅਤੇ ਨਾਲ ਲਗਦੇ ਪਿੰਡਾਂ ਤੋਂ ਵੱਧ ਤੋਂ ਵੱਧ ਸੰਗਤਾਂ ਨੂੰ ਲੈ ਕੇ ਜਾਣ ਲਈ ਇੱਕ ਇਕੱਤਰਤਾ ਕੀਤੀ ਗਈ ਇਸ ਮੌਕੇ ਭਾਈ ਵੀਰਪਾਲ ਸਿੰਘ ਅਤੇ ਭਾਈ ਰਸ਼ਪਾਲ ਸਿੰਘ ਹੋਣਾਂ ਨੇ ਸੰਗਤਾਂ ਨੂੰ ਜਾਣਕਾਰੀ ਦਿੱਤੀ ਕਿ 6 ਜੂਨ ਨੂੰ ਸਵੇਰੇ 5 ਵਜੇ ਸੰਗਤਾਂ ਨੂੰ ਲੈ ਕਿ ਜਾਣ ਵਾਸਤੇ ਫਰੀ ਬੱਸਾਂ ਜਾਣਗੀਆਂ। ਇਸ ਮੌਕੇ ਵੱਖ—ਵੱਖ ਪਿੰਡਾਂ ਵਿੱਚ ਜਾ ਕੇ ਭਾਈ ਵੀਰਪਾਲ ਸਿੰਘ ਅਤੇ ਭਾਈ ਰਸ਼ਪਾਲ ਸਿੰਘ ਨੇ ਸੰਗਤਾਂ ਨੂੰ ਬੇਨਤੀ ਕੀਤੀ ਅਤੇ ਕਿਹਾ ਕਿ ਵੱਧ ਤੋਂ ਵੱਧ ਸੰਗਤ ਸ਼ਹੀਦੀ ਸਮਾਗਮਾਂ ਵਿੱਚ ਪਹੁੰਚ ਕੇ ਆਪਣੀ ਹਾਜ਼ਰੀ ਲਗਾਵੇ। ਇਸ ਇਕੱਤਰਤਾ ਵਿੱਚ ਭਾਈ ਰਸ਼ਪਾਲ ਸਿੰਘ ਦਮਦਮੀ ਟਕਸਾਲ ਝੋਕ ਮੋੜੇ ਭਾਈ ਵੀਰਪਾਲ ਸਿੰਘ ਦਮਦਮੀ ਟਕਸਾਲ ਮਹਿਤਾ ਭਾਈ ਗੁਰਵਿੰਦਰ ਸਿੰਘ ਭਾਈ ਲਵਪ੍ਰੀਤ ਸਿੰਘ ਦਮਦਮੀ ਟਕਸਾਲ ਭਾਈ ਇੰਦਰਜੀਤ ਸਿੰਘ, ਭਾਈ ਗੁਰਵਿੰਦਰ ਸਿੰਘ, ਭਾਈ ਮਨਜੀਤ ਸਿੰਘ ਅਤੇ ਇਲਾਕੇ ਦੇ ਹੋਰ ਮੋਹਤਬਰ ਸੱਜਣਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਭਾਈ ਵੀਰਪਾਲ ਸਿੰਘ ਨੇ ਦੱਸਿਆ ਕਿ ਸੰਗਤਾਂ ਵਿੱਚ ਕਾਫੀ ਭਾਰੀ ਉਤਸ਼ਾਹ ਹੈ 6 ਜੂਨ ਦੇ ਸ਼ਹੀਦੀ ਸਮਾਗਮਾਂ ਨੂੰ ਲੈ ਕੇ ਤੇ ਉਨ੍ਹਾਂ ਨੇ ਬੇਨਤੀ ਕੀਤੀ ਕਿ ਸੰਗਤਾਂ ਨੂੰ ਮਹਿਤਾ ਸਾਹਿਬ ਵਿਖੇ ਲਿਜਾਣ ਵਾਸਤੇ ਬੱਸਾਂ ਗੱਡੀਆਂ ਦਾ ਪੂਰਾ ਇੰਤਜ਼ਾਮ ਕੀਤਾ ਗਿਆ ਹੈ।

# ਲੁਧਿਆਣਾ ਪੱਛਮੀ 'ਚ 'ਆਪ' ਉਮੀਦਵਾਰ ਸੰਜੀਵ ਅਰੋੜਾ ਦੇ ਹੱਕ ਵਿੱਚ ਡਾ. ਰਾਜ ਕੁਮਾਰ ਚੱਬੇਵਾਲ ਵੱਲੋਂ ਪੈਦਲ ਮਾਰਚ

**ਹੁਸ਼ਿਆਰਪੁਰ/ ਤਰਸੇਮ ਦੀਵਾਨਾ**

ਲੁਧਿਆਣਾ ਪੱਛਮੀ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਸ਼੍ਰੀ ਸੰਜੀਵ ਅਰੋੜਾ ਦੇ ਹੱਕ ਵਿੱਚ ਹੁਸ਼ਿਆਰਪੁਰ ਤੋਂ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਵੱਲੋਂ ਇੱਕ ਵਿਸ਼ਾਲ ਪੈਦਲ ਮਾਰਚ ਕੀਤਾ ਗਿਆ।



ਇਹ ਪੈਦਲ ਮਾਰਚ ਲੋਕਾਂ ਵਿੱਚ ਚੋਣ ਜਾਗਰੂਕਤਾ ਫੈਲਾਉਣ ਅਤੇ ਸੰਜੀਵ ਅਰੋੜਾ ਦੇ ਹੱਕ ਵਿੱਚ ਸਮਰਥਨ ਜ਼ਤਾਉਣ ਲਈ ਕੀਤਾ ਗਿਆ। ਮਾਰਚ ਦੌਰਾਨ ਡਾ. ਚੱਬੇਵਾਲ ਨੇ ਬਾਜ਼ਾਰ ਵਿਚ ਹਰ ਦੁਕਾਨਦਾਰ ਅਤੇ ਗਾਹਕ ਨੂੰ ਮਿਲ ਕੇ ਅਤੇ ਘਰ-ਘਰ ਜਾ ਕੇ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਆਮ ਆਦਮੀ ਪਾਰਟੀ ਦੀ ਨੀਤੀਆਂ, ਵਿਕਾਸ ਕਾਰਜਾਂ ਅਤੇ ਲੋਕ ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ।

ਉਨ੍ਹਾਂ ਕਿਹਾ ਕਿ ਸੰਜੀਵ ਅਰੋੜਾ ਇੱਕ ਇਮਾਨਦਾਰ, ਨਿਰਭਿਕ ਅਤੇ ਲੋਕਾਂ ਦੀ ਸੇਵਾ ਲਈ ਸਮਰਪਿਤ ਉਮੀਦਵਾਰ ਹਨ। ਲੁਧਿਆਣਾ ਵਾਸੀਆਂ ਨੂੰ ਇੱਕ ਇਮਾਨਦਾਰ ਆਵਾਜ਼ ਚਾਹੀਦੀ ਹੈ ਜੋ ਵਿਧਾਨ ਸਭਾ ਵਿੱਚ ਉਨ੍ਹਾਂ ਦੇ ਹੱਕ ਦੀ ਗੱਲ ਕਰ ਸਕੇ। ਪੈਦਲ ਮਾਰਚ ਵਿੱਚ ਸਥਾਨਕ ਆਗੂਆਂ, ਵੋਲੰਟੀਅਰਾਂ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਭਾਗ ਲਿਆ।

# 68 ਕਰੋੜ ਰੁਪਏ ਦੀ ਕਰਜ਼ਾ ਮੁਆਫ਼ੀ ਅਨੁਸੂਚਿਤ ਜਾਤੀਆਂ ਲਈ ਇੱਕ ਵੱਡਾ ਤੋਹਫ਼ਾ : ਡਾ. ਇਸ਼ਾਂਕ

▲ ਕਿਹਾ ਕਿ ਹਰ ਸਰਕਾਰ ਨੇ ਵਾਅਦਾ ਕੀਤਾ, ਨਿਭਾਇਆ 'ਆਪ' ਸਰਕਾਰ ਨੇ
▲ ਮੁੱਖ ਮੰਤਰੀ ਦਾ ਕੀਤਾ ਧੰਨਵਾਦ



**ਹੁਸ਼ਿਆਰਪੁਰ/ਤਰਸੇਮ ਦੀਵਾਨਾ**

ਪੰਜਾਬ ਸਰਕਾਰ ਨੇ ਅਨੁਸੂਚਿਤ ਜਾਤੀਆਂ ਲਈ ਇੱਕ ਵੱਡੀ ਰਾਹਤ ਦਾ ਐਲਾਨ ਕਰਦੇ ਹੋਏ 67.84 ਕਰੋੜ ਰੁਪਏ ਦੇ ਕਰਜ਼ੇ ਮੁਆਫ਼ ਕਰਨ ਦਾ ਇਤਿਹਾਸਕ ਫੈਸਲਾ ਲਿਆ ਹੈ। ਇਹ ਫੈਸਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਈ ਕੈਬਨਿਟ ਮੀਟਿੰਗ ਵਿੱਚ ਲਿਆ ਗਿਆ, ਜਿਸ ਨਾਲ ਲਗਭਗ 4,800 ਪਰਿਵਾਰਾਂ ਨੂੰ ਸਿੱਧਾ ਲਾਭ ਹੋਵੇਗਾ। ਇਹ ਕਰਜ਼ਾ ਮੁਆਫ਼ੀ ਪੰਜਾਬ ਅਨੁਸੂਚਿਤ ਜਾਤੀਆਂ ਭੂਮੀ ਵਿਕਾਸ ਅਤੇ ਵਿੱਤ ਨਿਗਮ (PSCFSC) ਵੱਲੋਂ 31 ਮਾਰਚ, 2020 ਤੱਕ ਦਿੱਤੇ ਗਏ ਕਰਜ਼ਿਆਂ 'ਤੇ ਲਾਗੂ ਹੋਵੇਗੀ। ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ PSCFSC ਵਿਰੁੱਧ ਅਦਾਲਤਾਂ ਵਿੱਚ ਕੇਸ ਦਾਇਰ ਕਰਨ ਵਾਲੇ ਕਰਜ਼ਦਾਰ ਇਸ ਕਰਜ਼ ਮੁਆਫੀ ਲਈ ਸਿਰਫ਼ ਤਾਂ ਹੀ ਯੋਗ ਹੋਣਗੇ ਜੇਕਰ ਉਹ ਬਿਨਾਂ ਸ਼ਰਤ ਕੇਸ ਵਾਪਸ ਲੈ ਲੈਂਦੇ ਹਨ ਅਤੇ ਇਸ ਦੇ ਦਸਤਾਵੇਜ਼ੀ ਸਬੂਤ ਪ੍ਰਦਾਨ ਕਰਦੇ ਹਨ। ਇਸ ਫੈਸਲੇ ਦਾ ਸੁਆਗਤ ਕਰਦਿਆਂ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਮੁੱਖ ਮੰਤਰੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਸਿਰਫ਼ ਕਰਜ਼ਾ ਮੁਆਫ਼ੀ ਨਹੀਂ ਹੈ, ਸਗੋਂ ਅਨੁਸੂਚਿਤ ਭਾਈਚਾਰੇ ਦੇ ਸਵੈ-ਮਾਣ ਨੂੰ ਬਹਾਲ ਕਰਨ ਵੱਲ ਇੱਕ ਮਜ਼ਬੂਤ ??ਕਦਮ ਹੈ। ਉਨ੍ਹਾਂ ਕਿਹਾ ਕਿ ਕੁਝ ਕਰਜ਼ੇ 1995 ਤੋਂ ਪਹਿਲਾਂ ਤੋਂ ਵੀ ਚੱਲ ਰਹੇ ਹਨ, ਅਤੇ ਬਹੁਤ ਸਾਰੇ ਕਰਜ਼ਾ ਲੈਣ ਵਾਲੇ ਹੁਣ ਨਹੀਂ ਰਹੇ ਪਰ ਉਨ੍ਹਾਂ ਦੇ ਪਰਿਵਾਰ ਅਜੇ ਵੀ ਕਰਜ਼ਿਆਂ ਅਤੇ ਵਿਆਜ ਦੇ ਚੱਕਰ ਵਿੱਚ ਫਸੇ ਹੋਏ ਹਨ।

'ਆਪ' ਸਰਕਾਰ ਨੇ ਇਨ੍ਹਾਂ ਗਰੀਬ ਲੋੜਵੰਦ ਪਰਿਵਾਰਾਂ ਦੇ ਦਰਦ ਨੂੰ ਸਮਝਦੇ ਹੋਏ ਇਹ ਸਮਝਿਆ ਕਿ ਅਜਿਹੇ ਹਾਲਾਤਾਂ ਵਿੱਚ ਉਨ੍ਹਾਂ ਤੋਂ ਕਰਜ਼ਾ ਵਸੂਲਣਾ ਬੇਇਨਸਾਫ਼ੀ ਹੈ, ਅਤੇ ਇਸੇ ਲਈ ਇਹ ਕਰਜ਼ਾ ਮੁਆਫ਼ੀ ਦਾ ਫੈਸਲਾ ਕੈਬਨਿਟ ਮੀਟਿੰਗ ਵਿੱਚ ਪਾਸ ਕੀਤਾ ਗਿਆ। ਉਹਨਾਂ ਕਿਹਾ ਕਿ 'ਆਪ' ਸਰਕਾਰ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਇਹ ਸਿਰਫ਼ ਵਾਅਦੇ ਹੀ ਨਹੀਂ ਕਰਦੀ, ਸਗੋਂ ਉਨ੍ਹਾਂ ਨੂੰ ਪੂਰਾ ਵੀ ਕਰਦੀ ਹੈ। ਇਸ ਕਰਜ਼ੇ ਬਾਰੇ ਵੀ, ਪਿਛਲੀ ਹਰ ਸਰਕਾਰ ਨੇ ਇਸਨੂੰ ਮੁਆਫ਼ ਕਰਨ ਦੇ ਵਾਅਦੇ ਕੀਤੇ ਸਨ, ਪਰ ਸਿਰਫ਼ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਸਨੂੰ ਪੂਰਾ ਕੀਤਾ। ਉਨ੍ਹਾਂ ਕਿਹਾ ਕਿ ਇਹ ਫੈਸਲਾ ਸਿਰਫ਼ ਆਰਥਿਕ ਹੀ ਨਹੀਂ, ਸਗੋਂ ਸਮਾਜਿਕ ਨਿਆਂ ਦੀ ਦਿਸ਼ਾ ਵਿੱਚ ਚੁੱਕਿਆ ਗਿਆ ਇੱਕ ਇਤਿਹਾਸਕ ਕਦਮ ਹੈ।

# ਦੋ ਮਹੀਨਿਆਂ ਤੋਂ ਤਨਖਾਹ ਨਾ ਮਿਲਣ ਤੇ ਫਰਦ ਕੇਂਦਰ ਮੁਲਾਜਮਾਂ ਨੇ ਕੀਤੀ ਅਣਮਿੱਥੇ ਸਮੇਂ ਦੀ ਹੜਤਾਲ

**ਹੁਸ਼ਿਆਰਪੁਰ /ਤਰਸੇਮ ਦੀਵਾਨਾ**

ਦੋ ਮਹੀਨਿਆਂ ਤੋਂ ਤਨਖਾਹ ਨਾ ਮਿਲਣ ਤੇ ਫਰਦ ਕੇਂਦਰ ਤਹਿਸੀਲ ਹੁਸ਼ਿਆਰਪੁਰ ਦੇ ਮੁਲਾਜਮ ਫਾਕਾ ਕੱਟਣ ਲਈ ਮਜਬੂਰ ਹਨ, ਜਿਸਦੇ ਰੋਸ ਵਜੋਂ ਫਰਦ ਕੇਂਦਰ ਦੇ ਮੁਲਾਜਮਾਂ ਨੇ ਅਣਮਿੱਥੇ ਸਮੇਂ ਦੀ ਹੜਤਾਲ ਸ਼ੁਰੂ ਕਰ ਦਿੱਤੀ ਹੈ । ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਫਰਦ ਕੇਂਦਰ ਦੇ ਮੁਲਾਜ਼ਮ ਆਗੂਆਂ ਨੇ ਦੱਸਿਆ ਕਿ ਪਿਛਲੇ 18 ਸਾਲ ਤੋਂ ਉਹ ਫਰਦ ਕੇਂਦਰ ਹੁਸ਼ਿਆਰਪੁਰ ਵਿਚ ਡਿਊਟੀ ਨਿਭਾਅ ਰਹੇ ਹਨ। ਫਰਦ ਕੇਂਦਰ ਦਾ ਠੇਕਾ ਪ੍ਰਾਈਵੇਟ ਕੰਪਨੀ ਕੋਲ ਸੀ ਜੋ ਕਿ ਅਕਤੂਬਰ 2024 ਨੂੰ ਖਤਮ ਹੋ ਚੁੱਕਾ ਹੈ। ਇਸ ਦੌਰਾਨ ਵੀ ਫਰਦ ਕੇਂਦਰ ਮੁਲਾਜਮ ਆਪਣੀ ਡਿਊਟੀ ਕਰਦੇ ਆ ਰਹੇ।ਓਨਾਂ ਦੱਸਿਆ ਕਿ ਪਿਛਲੇ ਦੋ ਮਹੀਨੇ ਤੋਂ ਤਨਖਾਹ ਨਾ ਮਿਲਣ ਕਰਕੇ ਫਰਦ ਕੇਂਦਰ ਮੁਲਾਜ਼ਮ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ ਅਤੇ ਆਰਥਿਕ ਤੰਗੀ ਦਾ ਸ਼ਿਕਾਰ ਹਨ। ਇਨਾਂ ਆਗੂਆਂ ਨੇ ਦੱਸਿਆ ਕਿ ਕੰਪਨੀ ਦੇ ਦਬਾਅ ਹੇਠ ਅਫਸਰ ਸਹਿਬਾਨਾਂ ਵਲੋਂ ਹੜਤਾਲ ਖਤਮ ਕਰਨ ਲਈ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਓਨਾਂ ਕਿਹਾ ਕਿ ਜੇਕਰ ਸਰਕਾਰ ਨੇ ਸਾਡੀਆਂ ਮੁਸ਼ਕਲਾਂ ਦਾ ਹੱਲ ਨਾ ਕੀਤਾ ਅਤੇ ਪਿਛਲੇ ਮਹੀਨਿਆਂ ਦੀ ਤਨਖਾਹ ਤੁਰੰਤ ਜਾਰੀ ਨਾ ਕੀਤੀ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਹਰਪ੍ਰੀਤ ਸਿੰਘ, ਜ਼ੋਰਾਵਰ ਸਿੰਘ, ਜੀਵਨ ਕੁਮਾਰ, ਬੰਦਨਾ, ਸਾਹਿਲ ਮਹਿਤਾ, ਪੁਨੀਤ ਕੁਮਾਰ, ਮੋਨਿਕਾ, ਧਰਮਿੰਦਰ, ਦੀਪਕ ਆਦਿ ਹਾਜਰ ਸਨ।







ਪੀਰ ਬਾਬਾ ਕਾਹਨੇ ਸ਼ਾਹ ਦੇ ਸਲਾਨਾ ਸੱਭਿਆਚਾਰ ਮੇਲੇ ਦੌਰਾਨ ਪਿੰਡ ਹਮੀਰਾ ਵਿਖੇ ਪ੍ਰਸਿੱਧ ਗਾਇਕਾ ਮਨੀ ਗਿੱਲ ਨੂੰ ਸਨਮਾਨਿਤ ਕਰਦੇ ਹੋਏ ਮਨਜੀਤ ਮਾਨ ਸੂਬਾ ਪ੍ਰਧਾਨ, ਬਾਬਾ ਵਿਜੇ ਕੁਮਾਰ,ਸੁਖਵਿੰਦਰ ਸੋਹੀ

(ਤਸਵੀਰ ਸੁਖੀਜਾ)

# ਫੂਡ ਸੇਫ਼ਟੀ ਟੀਮ ਨੇ ਚੈਕਿੰਗ ਦੌਰਾਨ ਖਾਣ-ਪੀਣ ਵਾਲੇ ਪਦਾਰਥਾਂ ਦੇ 8 ਸੈਂਪਲ ਭਰੇ

**ਜਲੰਧਰ**

ਖਾਣ-ਪੀਣ ਵਾਲੇ ਪਦਾਰਥਾਂ ਵਿੱਚ ਮਿਲਾਵਟ ਨੂੰ ਰੋਕਣ ਲਈ ਚੁੱਕੇ ਜਾ ਰਹੇ ਕਦਮਾਂ ਦੀ ਲੜੀ ਤਹਿਤ ਫੂਡ ਸੇਫ਼ਟੀ ਟੀਮ ਜਲੰਧਰ ਵੱਲੋਂ ਕਮਿਸ਼ਨਰ ਫੂਡ ਅਤੇ ਡਰੱਗ ਐਡਮਿਨੀਸਟ ?ਰੇਸ਼ਨ ਦਿਲਰਾਜ ਸਿੰਘ ਦੀਆਂ ਹਦਾਇਤਾਂ 'ਤੇ ਅੱਜ ਵੱਖ-ਵੱਖ ਇਲਾਕਿਆਂ ਵਿੱਚ ਨਿਰੀਖਣ ਦੌਰਾਨ ਖਾਣ-ਪੀਣ ਵਾਲੇ ਪਦਾਰਥਾਂ ਦੇ 8 ਸੈਂਪਲ ਭਰੇ ਗਏ।

ਸਹਾਇਕ ਕਮਿਸ਼ਨਰ ਫੂਡ ਹਰਜੋਤ ਪਾਲ ਸਿੰਘ ਅਤੇ ਫੂਡ ਸੇਫਟੀ ਅਫ਼ਸਰ ਰਾਸ਼ੂ ਮਹਾਜਨ ਦੀ ਨਿਗਰਾਨੀ ਹੇਠ ਫੂਡ ਟੀਮ ਵੱਲੋਂ ਭੋਗਪੁਰ, ਕਿਸ਼ਨਗੜ੍ਹ ਅਤੇ ਸਰਮਸਤਪੁਰ ਇਲਾਕਿਆਂ ਵਿੱਚ ਖਾਧ ਪਦਾਰਥਾਂ ਨਾਲ ਸਬੰਧਤ ਅਦਾਰਿਆਂ ਦਾ ਨਿਰੀਖਣ ਕੀਤਾ ਗਿਆ ਅਤੇ ਅਗਲੇਰੀ ਜਾਂਚ ਲਈ ਆਟਾ, ਸਰ੍ਹੋਂ ਦਾ ਤੇਲ, ਗ੍ਰੇਵੀ, ਕਾਲਾ ਨਮਕ, ਪਾਨ ਮਸਾਲਾ, ਅੰਜੀਰ, ਬੇਸਨ ਸਮੇਤ ਖਾਣ-ਪੀਣ ਵਾਲੀਆਂ ਵਸਤੂਆਂ ਦੇ ਕੁੱਲ 8 ਨਮੂਨੇ ਲਏ ਗਏ। ਇਸ ਦੌਰਾਨ ਖਾਧ ਪਦਾਰਥ ਵੇਚਣ ਵਾਲਿਆਂ ਨੂੰ ਆਪਣੀ ਸਾਲਾਨਾ ਆਮਦਨ ਅਨੁਸਾਰ ਫੂਡ ਸੇਫਟੀ ਐਕਟ ਅਧੀਨ ਲਾਇਸੈਂਸ ਪ੍ਰਾਪਤ ਕਰਨ ਲਈ ਜਾਗਰੂਕ ਵੀ ਕੀਤਾ ਗਿਆ।



# ਸਿਹਤ ਕੇਂਦਰ ਰਾਮਪੁਰ ਵਿਖੇ ਮਲੇਰੀਆ ਜਾਗਰੂਕਤਾ ਕੈਂਪ ਲਗਾਇਆ

## ਬੁਖਾਰ, ਮਾਦਾ ਐਨਾਫਲੀਜ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਅਤੇ ਖੜੇ ਪਾਣੀ ਉੱਪਰ ਪਲਦਾ ਹੈ




**ਦੋਰਾਹਾ, ਲਾਲ ਸਿੰਘ ਮਾਂਗਟ**

ਸਿਵਲ ਸਰਜਨ ਲੁਧਿਆਣਾ ਡਾਕਟਰ ਰਮਨਦੀਪ ਕੌਰ ਅਤੇ ਸੀਨੀਅਰ ਮੈਡੀਕਲ ਅਫਸਰ ਪਾਇਲ ਡਾਕਟਰ ਹਰਵਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਲੇਰੀਆ ਜਾਗਰੂਕਤਾ ਕੈਂਪ ਸਿਹਤ ਕੇਂਦਰ ਰਾਮਪੁਰ ਸੀ ਐਚ ਸੀ ਪਾਇਲ ਵਿਖੇ ਸਿਹਤ ਸੁਪਰਵਾਈਜ਼ਰ ਸੁਖਮਿੰਦਰ ਵੱਲੋਂ ਲਗਾਇਆ ਗਿਆ ਡਾਕਟਰ ਹਰਵਿੰਦਰ ਸਿੰਘ ਐਸਐਮ ਓ ਪਾਇਲ ਵੱਲੋਂ ਦੱਸਿਆ ਗਿਆ ਕਿ ਸਿਹਤ ਵਿਭਾਗ ਵੱਲੋਂ ਹਰ ਸਾਲ ਮਹੀਨਾ ਜੂਨ ਐਂਟੀ ਮਲੇਰੀਆ ਦੇ ਤੌਰ ਤੇ ਮਨਾਇਆ ਜਾਂਦਾ ਹੈ ਜਿਸ ਦੌਰਾਨ ਹਰ ਪਿੰਡ ਅਤੇ ਸ਼ਹਿਰਾ ਵਿੱਚ ਜਾਗਰੂਕਤਾ ਕੈਂਪ ਲਗਾਏ ਜਾਂਦੇ ਹਨ ਭੱਠੇ, ਫੈਕਟਰੀਆਂ, ਸਲੱਮ ਏਰੀਆ ਚ ਫੀਵਰ ਸਰਵੇ ਕਰਾਇਆ ਜਾਂਦਾ ਹੈ ।ਕੈਂਪ ਦੌਰਾਨ ਸਿਹਤ ਸੁਪਰਵਾਈਜ਼ਰ ਸੁਖਮਿੰਦਰ ਸਿੰਘ ਵੱਲੋਂ ਦੱਸਿਆ ਗਿਆ ਕਿ ਇਹ ਬੁਖਾਰ ਮਾਦਾ ਐਨਾਫਲੀਜ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਅਤੇ ਖੜੇ ਪਾਣੀ ਉੱਪਰ ਪਲਦਾ ਹੈ ਇਸ ਦੇ ਲੱਛਣ ਤੇਜ ਬੁਖਾਰ ਕਾਂਬਾ ਲੱਗਣਾ ਠੰਡ ਲੱਗਣੀ ਉਲਟੀਆਂ ਸਿਰ ਦਰਦ ਅਤੇ ਬੁਖਾਰ ਉਤਰਨ ਤੋਂ ਬਾਅਦ ਥਕਾਵਟ ਤੇ ਕਮਜ਼ੋਰੀ ਹੋਣਾ ਆਦਿ ਹਨ ਬਚਆ ਲਾਈ ਹਰ ਸ਼ੁੱਕਰਵਾਰ ਕੂਲਰ ਫ਼ਰਿੱਜ ਗਮਲੇ ਟਾਇਰ ਆਦਿ ਵਿੱਚ ਪਾਣੀ ਦੀ ਨਿਕਾਸੀ ਯਕੀਨੀ ਬਣਾਈ ਜਾਵੇ ਸੌਣ ਸਮੇਂ ਮੱਛਰਦਾਨੀ ਅਤੇ ਮੱਛਰ ਭਜਾਉ ਕਰੀਮਾ ਦਾ ਇਸਤੇਮਾਲ ਕੀਤਾ ਜਾਵੇ ਇਸ ਦਾ ਇਲਾਜ ਅਤੇ ਟੈਸਟ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਹੁੰਦਾ ਹੈ ਕੋਈ ਬੁਖਾਰ ਮਲੇਰੀਆ ਹੋ ਸਕਦਾ ਹੈ ਤੁਰੰਤ ਨੇੜੇ ਦੇ ਸਿਹਤ ਕੇਂਦਰ ਤੋਂ ਜਾਂਚ ਕਰਵਾਈ ਜਾਵੇ। ਕੈਂਪ ਦੌਰਾਨ ਚਰਨਜੀਤ ਕੌਰ ਐਲ ਐਚ ਵੀ, ਖੁਸ਼ਹਾਲ ਸਿੰਘ, ਨੀਤੂ ਸਟਾਫ ਨਰਸ, ਲਵਪ੍ਰੀਤ ਕੌਰ, ਸੀਐਚ ਓ ਗੁਰਦੀਪ ਸਿੰਘ, ਸੁਪਿੰਦਰ ਕੌਰ ਅਤੇ ਆਸਾ ਵਰਕਰਾਂ ਨੇ ਭਾਗ ਲਿਆ ।

# ਸ਼ਹੀਦ-ਏ-ਆਜਮ ਸ. ਭਗਤ ਸਿੰਘ ਫੁੱਟਬਾਲ ਕਲੱਬ ਵੱਲੋਂ ਗੜ੍ਹਸ਼ੰਕਰ ਵਿਖੇ ਸਮਰ ਕੈਂਪ ਦੀ ਸ਼ੁਰੂਆਤ

## ਸਕੁਐਡਰਨ ਲੀਡਰ ਸੁਰਜੀਤ ਸਿੰਘ ਸੀਹਰਾ ਨੇ ਕੀਤਾ ਉਦਘਾਟਨ

**ਗੜ੍ਹਸ਼ੰਕਰ /ਰਾਕੇਸ਼ ਕੁਮਾਰ**

ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਮਕਸਦ ਨਾਲ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਸ਼ਹੀਦ-ਏ-ਆਜਮ ਸ.ਭਗਤ ਸਿੰਘ ਫੁੱਟਬਾਲ ਕਲੱਬ ਵੱਲੋਂ ਗੜ੍ਹਸ਼ੰਕਰ ਵਿਖੇ ਤੀਸਰੇ ਸਮਰ ਫੁੱਟਬਾਲ ਕੋਚਿੰਗ ਕੈਂਪ ਦੀ ਸ਼ੁਰੂਆਤ ਕੀਤੀ ਗਈ। ਐਨ.ਆਰ.ਆਈ ਸੀਹਰਾ ਪਰਿਵਾਰ ਦੇ ਵਿਸ਼ੇਸ਼ ਸਹਿਯੋਗ ਨਾਲ ਲਗਾਏ ਇਸ ਤੀਜੇ ਸਮਰ ਕੈਂਪ ਦਾ ਉਦਘਾਟਨ ਸੁਰਜੀਤ ਸਿੰਘ ਸੀਹਰਾ ਵਲੋਂ ਮੋਹਤਬਰਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ। ਇਸ ਮੌਕੇ ਕਲੱਬ ਦੇ ਪ੍ਰਧਾਨ ਐਡਵੋਕੇਟ ਜਸਵੀਰ ਸਿੰਘ ਰਾਏ ਨੇ ਦੱਸਿਆ ਕਿ ਨਸ਼ਿਆਂ ਤੋਂ ਬੱਚਿਆਂ ਨੂੰ ਦੂਰ ਰੱਖਣ ਦੇ ਉਦੇਸ਼ ਨਾਲ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਵੀ ਕਲੱਬ ਵੱਲੋਂ ਛੋਟੇ ਬੱਚਿਆਂ ਲਈ ਤੀਸਰਾ ਸਮਰ ਕੈਂਪ ਲਗਾਇਆ ਗਿਆ ਹੈ ਜੋ ਕਿ 2 ਜੂਨ ਤੋਂ 30 ਜੂਨ ਤੱਕ ਗੌਰਮਿੰਟ ਸੀਨੀਅਰ ਸੈਕੰਡਰੀ ਸਕੂਲ ਗੜ੍ਹਸ਼ੰਕਰ ਦੀ ਫੁੱਟਬਾਲ ਗਰਾਉਂਡ ਵਿਖੇ ਚੱਲੇਗਾ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ 7 ਸਾਲ ਤੋਂ 17 ਸਾਲ ਤੱਕ ਦੇ ਬੱਚਿਆਂ ਨੂੰ ਫੁੱਟਬਾਲ ਕੋਚਾਂ ਵੱਲੋਂ ਰੋਜਾਨਾ ਸ਼ਾਮ ਸਾਢੇ ਪੰਜ ਵਜੇ ਤੋਂ ਸ਼ਾਮ ਸਾਢੇ 7 ਵਜੇ ਤੱਕ ਫੁੱਟਬਾਲ ਦੀ ਮੁਫਤ ਟਰੇਨਿੰਗ ਦਿੱਤੀ ਜਾਵੇਗੀ ਅਤੇ ਟਰੇਨਿੰਗ ਲੈਣ ਵਾਲੇ ਬੱਚਿਆਂ ਨੂੰ ਰੋਜਾਨਾ ਰਿਫਰੈਸ਼ਮੈਂਟ ਵੀ ਦਿੱਤੀ ਜਾਵੇਗੀ। ਇਸ ਮੌਕੇ ਉਨ੍ਹਾਂ ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਅਪਣੇ ਬੱਚਿਆਂ ਨੂੰ ਪਾਣੀ ਦੀ ਬੋਤਲ ਨਾਲ ਦੇਕੇ ਭੇਜਣ ਅਤੇ ਬੱਚਿਆਂ ਨੂੰ ਲਿਆਉਣ-ਲਿਜਾਉਣ ਦੀ ਜੁਮੇਵਾਰੀ ਮਾਪਿਆਂ ਦੀ ਹੋਵੇਗੀ। ਇਸ ਮੌਕੇ ਸੁਰਜੀਤ ਸਿੰਘ ਸੀਹਰਾ, ਐਡਵੋਕੇਟ ਜਸਵੀਰ ਸਿੰਘ ਰਾਏ, ਰਜਿੰਦਰ ਛਾਬਲਾ, ਸੁਨੀਲ ਗੋਲਡੀ, ਸਤਨਾਮ ਸਿੰਘ ਪਾਰੋਵਾਲ, ਰਮਨ ਬੰਗਾ, ਅਵਤਾਰ ਸਿੰਘ ਸੀਹਰਾ, ਕੇਵਲ ਸਿੰਘ, ਰਾਜਪਾਲ ਹੈਪੀ, ਸੀਪਰੀਅਨ, ਰੋਹਿਤ ਰਾਣਾ, ਲਖਵੀਰ ਸਿੰਘ, ਬਲਵੀਰ ਸਿੰਘ ਸੀਹਰਾ, ਦਵਿੰਦਰ ਸਿੰਘ, ਸੁਰਿੰਦਰ ਸਿੰਘ ਬੜਪੱਗਾ, ਪਰਮਜੀਤ ਸਿੰਘ ਬੱਬਰ, ਸਰਵਣ ਸਿੰਘ, ਸਤਿੰਦਰ ਸਿੰਘ (ਕੋਚ), ਮੈਡਮ ਮਮਤਾ ਅਤੇ ਪਰਮਜੀਤ ਪੰਮਾ ਆਦਿ ਹਾਜ਼ਰ ਸਨ।



# ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਹਲਕੇ ਦੇ ਪਿੰਡਾਂ ਨੂੰ ਵੰਡੇ ਸੋਲਰ ਸਿਸਟਮ

**ਗੜ੍ਹਸ਼ੰਕਰ /ਰਾਕੇਸ਼ ਕੁਮਾਰ**

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਹਲਕੇ ਦੇ ਪਿੰਡਾਂ ਦੀ ਤਰੱਕੀ ਅਤੇ ਉਨ੍ਹਾਂ ਨੂੰ ਵਾਤਾਵਰਨ ਅਨੁਕੂਲ ਉਰਜਾ ਪ੍ਰਣਾਲੀਆਂ ਨਾਲ ਲੈਸ ਕਰਨ ਦੀ ਦਿਸ਼ਾ ਵਿਚ ਇਕ ਹੋਰ ਮਹੱਤਵਪੂਰਨ ਕਦਮ ਉਠਾਇਆ ਗਿਆ ਹੈ। ਇਸ ਤਹਿਤ ਹਲਕੇ ਦੇ ਵੱਖ-ਵੱਖ ਪਿੰਡਾਂ ਵਿਚ ਸੋਲਰ ਸਿਸਟਮ ਸੌਂਪਣ ਦੀ ਪ੍ਰਕਿਰਿਆ ਨੂੰ ਸ਼ੁਰੂ ਕੀਤੀ ਗਈ ਹੈ।ਇਹ ਸੋਲਰ ਸਿਸਟਮ ਪਿੰਡਾਂ ਚਾਹਲਪੁਰ, ਚਾਂਦਸੂ ਜੱਟਾਂ, ਦਦਿਆਲ, ਮਜਾਰਾ ਡਿੰਗਰੀਆਂ, ਮੋਣੋਵਾਲ, ਰਾਏਪੁਰ ਗੁਜਰਾਂ, ਸਮੁੰਦੜਾ ਖਾਸ, ਸਤਨੌਰ, ਵਾਹਿਦਪੁਰ ਅਤੇ ਪੱਦੀ ਖੁਤੀ ਨੂੰ ਦਿੱਤੇ ਗਏ। ਇਸ ਪਿੰਡਾਂ ਦੀਆਂ ਪੰਚਾਇਤਾਂ ਦੇ ਨੁਮਾਇੰਦਿਆਂ ਨੇ ਡਿਪਟੀ ਸਪੀਕਰ ਰੌੜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਪਿੰਡਾਂ ਦੇ ਲੋਕਾਂ ਨੂੰ ਨਾ ਸਿਰਫ ਆਧੁਨਿਕ ਢਾਂਚਾ ਉਪਲਬੱਧ ਹੋ ਰਿਹਾ ਹੈ। ਸਗੋਂ ਬਿਜਲੀ ਬੱਚਤ ਅਤੇ ਵਾਤਾਵਰਨ ਸੁਰੱਖਿਆ ਦੀ ਲਹਿਰ ਨੂੰ ਵੀ ਉਤਸ਼ਾਹ ਮਿਲ ਰਿਹਾ ਹੈ। ਇਸ ਮੌਕੇ ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਸੂਰਜ ਦੀ ਊਰਜਾ ਵਰਗੀ ਨਵੀਨ ਅਤੇ ਸਾਫ਼ ਊਰਜਾ ਪ੍ਰਣਾਲੀ ਵਰਤਣਾ ਸਾਡੀ ਆਉਣ ਵਾਲੀ ਪੀੜ੍ਹੀ ਦੀ ਸੁਰੱਖਿਆ ਲਈ ਲਾਜ਼ਮੀ ਹੈ। ਇਹ ਸੋਲਰ ਪ੍ਰੋਜੈਕਟ ਸਿਰਫ ਬਿਜਲੀ ਦਾ ਬਦਲ ਨਹੀਂ, ਸਗੋਂ ਪਿੰਡਾਂ ਨੂੰ ਆਤਮ ਨਿਰਭਰ ਬਣਾਉਣ ਦੀ ਯੋਜਨਾ ਦਾ ਹਿੱਸਾ ਹੈ। ਇਹ ਸਿਸਟਮ ਪਿੰਡਾਂ ਦੀਆਂ ਗ੍ਰਾਮ ਪੰਚਾਇਤਾਂ, ਜਨਤਕ ਥਾਵਾਂ ਅਤੇ ਸਮਾਜਿਕ ਸੇਵਾਵਾਂ ਵਿਚ ਵਰਤੋਂ ਲਈ ਸਹਾਇਕ ਹੋਣਗੇ।




# ਸਾਹਿਤ ਸੁਰ ਸੰਗਮ ਸਭਾ ਇਟਲੀ ਦੀ ਇਕੱਤਰਤਾ ਵਿੱਚ ਗੀਤ ਸੰਗੀਤ ਤੇ ਕਵਿਤਾਵਾਂ ਨੇ ਛੋਹੀਆਂ ਸਿਖਰਾਂ

## ਪੰਜਾਬੀ ਪਰਚੇ ਸੁਰਤਿ ਅਤੇ ਮੰਤਵ ਸਮੇਤ ਵਣਜਾਰਾ ਬੇਦੀ ਵਾਰੇ ਲਿਖੀ ਆਲੋਚਨਾਤਮਿਕ ਪੁਸਤਕ ਕੀਤੀ ਲੋਕ ਅਰਪਣ

**ਨੋਵੇਲਾਰਾ - ਇਟਲੀ**

ਪਿਛਲੇ ਦਿਨੀਂ ਸਾਹਿਤ ਸੁਰ ਸੰਗਮ ਸਭਾ ਇਟਲੀ ਵੱਲੋਂ ਸ਼ਾਂਤੀ ਸਦਭਾਵਨਾ ਤੇ ਸ਼ਹਾਦਤ ਨੂੰ ਸਮਰਪਿਤ , ਨੋਵੇਲਾਰਾ ਇਟਲੀ ਵਿਖੇ ਸਾਹਿਤਕ ਇਕੱਤਰਤਾ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸਾਹਿਤ ਸੁਰ ਸੰਗਮ ਸਭਾ ਇਟਲੀ ਦੇ ਅਹੁਦੇਦਾਰਾਂ, ਮੈਂਬਰਾਂ ਅਤੇ ਪਰਿਵਾਰਾਂ ਸਮੇਤ ਬੱਚਿਆਂ ਨੇ ਵੀ ਬਾਖੂਬ ਹਾਜਰੀ ਲਵਾਈ ।



ਜੌਹਲ ਰੈਸਟੋਰੈਂਟ ਨੋਵੇਲਾਰਾ ਇਟਲੀ ਵਿਖੇ ਰੱਖੇ ਇਸ ਸਮਾਗਮ ਦੀ ਸ਼ੁਰੂਆਤ ਸਭਾ ਦੇ ਪ੍ਰਧਾਨ ਬਿੰਦਰ ਕੋਲੀਆਂਵਾਲ ਵਲੋਂ ਸਭ ਨੂੰ ਜੀ ਆਇਆਂ ਕਹਿੰਦਿਆਂ , ਅੱਜ ਦੇ ਸਮਾਗਮ ਦਾ ਮਨੋਰਥ ਅਤੇ ਸਭਾ ਦੇ ਕਾਰਜਾਂ ਦਾ ਜ਼ਿਕਰ ਕਰਦਿਆਂ ਕੀਤੀ ਅਤੇ ਸਭਾ ਦੇ ਸਰਪ੍ਰਸਤ ਬਲਵਿੰਦਰ ਸਿੰਘ ਚਾਹਲ ਦੇ ਭੂਆ ਜੀ ਦੇ ਅਚਾਨਕ ਸਦੀਵੀਂ ਵਿਛੋੜੇ ਦੇ ਸੋਗ ਸਮਾਚਾਰ ਨੂੰ ਵੀ ਸਾਂਝਾ ਕੀਤਾ। ਇਸ ਇਕੱਤਰਤਾ ਵਿੱਚ ਸ਼ਾਮਿਲ ਹੋਏ ਲੇਖਕਾਂ ਵਿੱਚ ਰਾਣਾ ਅਠੌਲਾ, ਸਿੱਕੀ ਝੱਜੀ ਪਿੰਡ ਵਾਲਾ, ਜਸਵਿੰਦਰ ਕੌਰ ਮਿੰਟੂ, ਕਰਮਜੀਤ ਕੌਰ ਰਾਣਾ, ਰਾਜੂ ਹਠੂਰੀਆ , ਪ੍ਰੋਫੈਸਰ ਜਸਪਾਲ ਸਿੰਘ, ਭੁਪਿੰਦਰ ਸਿੰਘ , ਦਲਜਿੰਦਰ ਰਹਿਲ ,ਬਿੰਦਰ ਕੋਲੀਆਂਵਾਲ, ਗੁਰਮੀਤ ਸਿੰਘ ਮੱਲ੍ਹੀ ਅਤੇ ਹੋਰਨਾਂ ਵੱਲੋਂ ਬਖੂਬੀ ਹਾਜਰੀ ਲਗਵਾਈ ਗਈ। ਗੀਤਾਂ ਦੀ ਪੇਸ਼ਕਾਰੀ ਵਿੱਚ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਇਟਲੀ ਵੱਸਦੇ ਪੰਜਾਬੀ ਕਲਾਕਾਰ ਮਨਜੀਤ ਸ਼ਾਲ੍ਹਾਪੁਰੀ ਅਤੇ ਮਹਿਕਪ੍ਰੀਤ ਸਿੰਘ ਮੱਲ੍ਹੀ ਨੇ ਧਾਰਮਿਕ ਅਤੇ ਸੱਭਿਆਚਾਰਕ ਗੀਤ ਸੁਣਾ ਕੇ ਸਰੋਤਿਆਂ ਦੀ ਖ਼ੂਬ ਵਾਹ ਵਾਹ ਖੱਟੀ। ਇਸ ਇਕੱਤਰਤਾ ਵਿੱਚ ਸਭਾ ਦੇ ਮੈਂਬਰਾਂ ਤੇ ਅਹੁਦੇਦਾਰਾਂ ਤੋਂ ਇਲਾਵਾ ਪ੍ਰੀਵਾਰਾਂ ਅਤੇ ਬੱਚਿਆਂ ਦੀ ਸ਼ਮੂਲੀਅਤ ਸਮਾਗਮ ਦੀ ਪ੍ਰਾਪਤੀ ਰਹੀ ਜਿਨ੍ਹਾਂ ਸਮਾਗਮ ਨੂੰ ਅੰਤ ਤੱਕ ਸੁਣਿਆ ਤੇ ਸਰਾਹਿਆ। ਜਿਨ੍ਹਾਂ ਵਿੱਚ ਬਲਵਿੰਦਰ ਕੌਰ ,ਹਰਮੀਤ ਸਿੰਘ ਢੋਟ ,ਪ੍ਰਭਦੀਪ ਕੌਰ ਢੋਟ, ਜਸਬੀਰ ਕੌਰ ਮੱਲ੍ਹੀ, ਰਵਨੀਤ ਕੌਰ , ਪ੍ਰਿੰਸ ਗੈਵਿਨ ਸਿੰਘ ਬੱਲ ਅਤੇ ਪਿਆਰੀ ਬੇਟੀ ਗੁਰਲੀਨ ਕੌਰ ਵਿਸ਼ੇਸ਼ ਤੌਰ ਤੇ ਸ਼ਾਮਿਲ ਸਨ।

ਇਹ ਵੀ ਜ਼ਿਕਰਯੋਗ ਹੈ ਕਿ ਇਸ ਸਾਹਿਤਕ ਸਮਾਗਮ ਵਿੱਚ ਜੇ. ਡੀ ਧਨੋਆ ਪ੍ਰੋਡਕਸ਼ਨ ਵੱਲੋਂ ਪੇਸ਼ ਗੁਰਮੀਤ ਸਿੰਘ ਮੱਲ੍ਹੀ ਦਾ ਲਿਖਿਆ ਤੇ ਸ਼ਿਵਾਨੀ ਮਨਗੋਤਰਾ ਦਾ ਗਾਇਆ ਗੀਤ "ਜ਼ਿੰਦਗੀ ਮੇਰੀ " ਦਾ ਪੋਸਟਰ "ਵਿਸ਼ਾਲ ਬਿਆਸ ਦੁਆਰਾ ਸੰਪਾਦਿਤ ਪੰਜਾਬੀ ਪਰਚਾ "ਮੰਤਵ " ਮਿਆਰੀ ਪੰਜਾਬੀ ਪਰਚੇ " ਸੁਰਤਿ " ਦੇ ਤੀਜੇ ਅੰਕ ਸਮੇਤ ਡਾ ਸਿਮਰਨ ਕੌਰ ਸੇਠੀ ਅਤੇ ਡਾ ਮਨਪ੍ਰੀਤ ਕੌਰ ਧਾਲੀਵਾਲ ਵੱਲੋਂ ਸੰਪਾਦਿਤ ਪੁਸਤਕ ਵਣਜਾਰਾ ਬੇਦੀ ਲੋਕ ਅਰਪਣ ਕੀਤੀਆਂ ਗਈਆਂ। ਅੰਤ ਵਿੱਚ ਸਮਾਗਮ ਦੇ ਸੰਚਾਲਕ ਦਲਜਿੰਦਰ ਰਹਿਲ ਵੱਲੋਂ ਸਾਰਿਆਂ ਦਾ ਧੰਨਵਾਦ ਕਰਦਿਆਂ ਭਵਿੱਖ ਵਿੱਚ ਹੋਰ ਵੀ ਸਾਹਿਤਕ ਤੇ ਸੱਭਿਆਚਾਰ ਸਮਾਗਮ ਕਰਵਾਏ ਜਾਣ ਦੀ ਸਭਾ ਵੱਲੋਂ ਵਚਨਬੱਧਤਾ ਦੁਹਰਾਈ।

# ਪਟਿਆਲਾ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਦੇ ਅੱਠ ਵਿਦਿਆਰਥੀ ਜੇ.ਈ.ਈ. ਐਡਵਾਂਸ ਪ੍ਰੀਖਿਆ ਛਾਏ

▲ ਜ਼ਿਲ੍ਹਾ ਸਿੱਖਿਆ ਅਫ਼ਸਰ ਸੰਜੀਵ ਸ਼ਰਮਾ ਤੇ ਡਿਪਟੀ ਡੀਈਓ ਡਾ. ਰਵਿੰਦਰਪਾਲ ਸ਼ਰਮਾ ਨੇ ਸਫਲ ਵਿਦਿਆਰਥੀਆਂ ਨੂੰ ਦਿੱਤੀਆਂ ਵਧਾਈਆਂ

▲ ਜੇ.ਈ.ਈ. ਐਡਵਾਂਸ ਪ੍ਰੀਖਿਆ 'ਚ ਸਫਲ ਹੋਏ ਵਿਦਿਆਰਥੀ ਹੋਰਨਾ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਬਣਨਗੇ : ਸੰਜੀਵ ਸ਼ਰਮਾ

**ਪਟਿਆਲਾ/ਅਮਨ ਸਿੱਧੂ ਮੱਲੇਵਾਲ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਚੱਲ ਰਹੀ ਸਿੱਖਿਆ ਨੀਤੀ ਦੇ ਠੋਸ ਨਤੀਜੇ ਹੁਣ ਨਜ਼ਰ ਆਉਣ ਲੱਗੇ ਹਨ। ਜ਼ਿਲ੍ਹਾ ਪਟਿਆਲਾ ਦੇ ਸਰਕਾਰੀ ਸਕੂਲਾਂ ਦੇ ਅੱਠ ਹੋਣਹਾਰ ਵਿਦਿਆਰਥੀਆਂ ਨੇ ਪ੍ਰਸਿੱਧ ਤੇ ਔਖੀ ਮੰਨੀ ਜਾਣ ਵਾਲੀ ਜੇ.ਈ.ਈ ਐਡਵਾਂਸ ਮੁਕਾਬਲਾ ਪ੍ਰੀਖਿਆ ਵਿੱਚ ਸਫਲ ਹੋ ਕੇ ਜ਼ਿਲ੍ਹੇ ਦਾ ਨਾਂ ਰੌਸ਼ਨ ਕੀਤਾ ਹੈ।

ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਸੰਜੀਵ ਸ਼ਰਮਾ ਨੇ ਸਫਲ ਵਿਦਿਆਰਥੀਆਂ, ਉਹਨਾਂ ਦੇ ਮਾਪਿਆਂ, ਅਧਿਆਪਕਾਂ ਅਤੇ ਸਕੂਲ ਮੁਖੀਆਂ ਨੂੰ ਮੁਬਾਰਕਾਂ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਲਿਆਏ ਗਏ ਸੁਧਾਰਾਂ, ਸਕੂਲਾਂ ਵਿੱਚ ਸਿੱਖਿਆ ਗੁਣਵੱਤਾ ਵਿੱਚ ਹੋਏ ਨਿਰੰਤਰ ਵਾਧੇ ਅਤੇ ਅਧਿਆਪਕਾਂ ਦੀ ਲਗਾਤਾਰ ਮਿਹਨਤ ਦਾ ਨਤੀਜਾ ਹੈ।



ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਸਮੇਂ-ਸਿਰ ਰਹਿਨੁਮਾਈ, ਪ੍ਰੇਰਨਾ ਅਤੇ ਅਗਵਾਈ ਨਾਲ ਜਿੱਥੇ ਉਹਨਾਂ ਵਿੱਚ ਖ਼ੁਦ ਉਤੇ ਭਰੋਸਾ ਵਧਿਆ, ਉੱਥੇ ਹੀ ਸਿੱਖਿਆ ਵਿਭਾਗ ਨੇ ਵੀ ਹਰੇਕ ਪੱਧਰ 'ਤੇ ਉਹਨਾਂ ਦੀ ਸਹਾਇਤਾ ਕੀਤੀ। ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਰਵਿੰਦਰਪਾਲ ਸ਼ਰਮਾ ਨੇ ਵੀ ਵਿਦਿਆਰਥੀਆਂ ਦੀ ਇਸ ਉਪਲਬਧੀ ਨੂੰ ਉਨ੍ਹਾਂ ਦੀ ਲਗਨ, ਸੱਚੀ ਨਿਸ਼ਠਾ ਅਤੇ ਦ੍ਰਿੜ੍ਹ ਨਿਸ਼ਚੇ ਦਾ ਨਤੀਜਾ ਦੱਸਿਆ।

ਸਫਲ ਵਿਦਿਆਰਥੀਆਂ ਵਿੱਚ ਮੈਰੀਟੋਰੀਅਸ ਸਕੂਲ ਪਟਿਆਲਾ ਤੋਂ ਹਰਕਿਰਨ ਦਾਸ, ਹਰਵਿੰਦਰ, ਜਸ਼ਨਦੀਪ ਸਿੰਘ ਅਤੇ ਅਦਿੱਤਿਆ, ਸਕੂਲ ਆਫ਼ ਐਮੀਨੈਂਸ ਸਮਾਣਾ ਤੋਂ ਅਰਸ਼ਦੀਪ, ਸਰਕਾਰੀ ਕੋ ਐਡ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਤੋਂ ਗੁਰਲੀਨ ਕੌਰ ਅਤੇ ਪ੍ਰਭਪ੍ਰੀਤ ਅਤੇ ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ ਪਟਿਆਲਾ ਤੋਂ ਵਿਦਾਂਸ਼ ਸ਼ਾਮਲ ਹਨ। ਇਹ ਸਾਰੇ ਵਿਦਿਆਰਥੀ ਸਰਕਾਰੀ ਸਕੂਲਾਂ ਵਿੱਚੋਂ ਹੋ ਕੇ ਆਉਣ ਵਾਲੇ ਉਹ ਸਿਤਾਰੇ ਹਨ, ਜਿਨ੍ਹਾਂ ਨੇ ਸਾਬਤ ਕਰ ਦਿੱਤਾ ਕਿ ਕਾਮਯਾਬੀ ਲਈ ਸਿਰਫ਼ ਆਰਥਿਕ ਰੁਝਾਨ ਨਹੀਂ, ਸਹੀ ਮਾਰਗ ਦਰਸ਼ਨ ਅਤੇ ਲਗਨ ਜ਼ਰੂਰੀ ਹੁੰਦੀ ਹੈ। ਜ਼ਿਲ੍ਹਾ ਨੋਡਲ ਅਫ਼ਸਰ -ਕਮ- ਸਹਾਇਕ ਡਾਇਰੈਕਟਰ ਜਸਵਿੰਦਰ ਕੌਰ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੱਤੀਆਂ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਦੀ ਇਹ ਕਾਮਯਾਬੀ ਦੱਸਦੀ ਹੈ ਕਿ ਜੇਕਰ ਅਧਿਆਪਕ ਅਤੇ ਵਿਦਿਆਰਥੀ ਦੋਹਾਂ ਆਪਣੀ ਭੂਮਿਕਾ ਨਿਭਾਉਣ, ਤਾਂ ਕੋਈ ਵੀ ਮੁਸ਼ਕਿਲ ਨਹੀਂ ਰਹਿੰਦੀ।

ਇਸ ਮੌਕੇ ਪ੍ਰਿੰਸੀਪਲ ਮਨਦੀਪ ਕੌਰ ਅੰਟਾਲ ਸਕੰਸਸਸ ਓਲਡ ਪੁਲਿਸ ਲਾਈਨ ਸਕੂਲ, ਪ੍ਰਿੰਸੀਪਲ ਰਮਨਦੀਪ ਕੌਰ ਸਸਸਸ ਕਲਿਆਣ, ਸੰਦੀਪ ਕੁਮਾਰ ਸਸਸਸ ਝਾਂਸਲਾ ਅਤੇ ਜ਼ਿਲ੍ਹਾ ਨੋਡਲ ਇੰਚਾਰਜ ਦੌਲਤ ਰਾਮ ਲੈਕਚਰਾਰ ਫਿਜ਼ਿਕਸ ਸਸਸਸ ਘਨੌਰ, ਰਾਜਿੰਦਰ ਸਿੰਘ ਚਾਨੀ ਜ਼ਿਲ੍ਹਾ ਮੀਡੀਆ ਕੋਆਰਡੀਨੇਟਰ ਪਟਿਆਲਾ ਨੇ ਵੀ ਵਧਾਈਆਂ ਦਿੱਤੀਆਂ।

ਇਸ ਸਫਲਤਾ ਨੇ ਸਿੱਖਿਆ ਵਿਭਾਗ ਦੇ ਉਨ੍ਹਾਂ ਯਤਨਾਂ ਨੂੰ ਹੋਰ ਮਜ਼ਬੂਤੀ ਦਿੱਤੀ ਹੈ, ਜੋ ਸਕੂਲਾਂ ਨੂੰ ਮਾਪਦੰਡਾਂ ਅਨੁਸਾਰ ਵਿਕਸਤ ਕਰਕੇ ਹਰ ਇੱਕ ਵਿਦਿਆਰਥੀ ਨੂੰ ਰੌਸ਼ਨ ਭਵਿੱਖ ਵੱਲ ਲੈ ਜਾਣ ਲਈ ਕੀਤੇ ਜਾ ਰਹੇ ਹਨ। ਜੇ.ਈ.ਈ ਐਡਵਾਂਸ ਵਿੱਚ ਪਾਸ ਹੋਏ ਇਹ ਵਿਦਿਆਰਥੀ ਹੁਣ ਦੇਸ਼ ਦੇ ਪ੍ਰਮੁੱਖ ਇੰਜੀਨੀਅਰਿੰਗ ਸੰਸਥਾਨਾਂ ਵਿੱਚ ਦਾਖ਼ਲਾ ਲੈਣ ਦੇ ਯੋਗ ਹੋ ਗਏ ਹਨ, ਜੋ ਕਿ ਸਿਰਫ਼ ਉਹਨਾਂ ਲਈ ਹੀ ਨਹੀਂ, ਸਗੋਂ ਪੂਰੇ ਪੰਜਾਬ ਲਈ ਮਾਣ ਵਾਲੀ ਗੱਲ ਹੈ। ਸਰਕਾਰੀ ਸਕੂਲਾਂ ਦੀ ਇਹ ਕਾਮਯਾਬੀ ਬਾਕੀ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਬਣੇਗੀ।

## ਪਟਿਆਲਾ ਜ਼ਿਲ੍ਹੇ 'ਚ ਟਰੈਕਟਰਾਂ/ਮੋਟਰਸਾਈਕਲ ਤੇ ਹੋਰ ਸੰਦਾਂ 'ਤੇ ਖਤਰਨਾਕ ਸਟੰਟ ਆਯੋਜਿਤ ਕਰਨ 'ਤੇ ਪਾਬੰਦੀ ਦੇ ਹੁਕਮ ਜਾਰੀ

**ਪਟਿਆਲਾ/ਅਮਨ ਸਿੱਧੂ ਮੱਲੇਵਾਲ**

ਵਧੀਕ ਜ਼ਿਲ੍ਹਾ ਮੈਜਿਸਟਰੇਟ ਇਸ਼ਾ ਸਿੰਗਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਪਟਿਆਲਾ ਜ਼ਿਲ੍ਹੇ ਦੀ ਹਦੂਦ ਅੰਦਰ ਟਰੈਕਟਰਾਂ/ਮੋਟਰਸਾਈਕਲ ਅਤੇ ਸਬੰਧਤ ਸੰਦਾਂ ਦੇ ਖਤਰਨਾਕ ਪ੍ਰਦਰਸ਼ਨ ਸਟੰਟ ਆਯੋਜਿਤ ਕਰਨ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 3 ਅਗਸਤ 2025 ਤੱਕ ਲਾਗੂ ਰਹਿਣਗੇ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਤੋਂ ਪ੍ਰਾਪਤ ਹੋਏ ਪੱਤਰ ਤਹਿਤ ਰਾਜ ਵਿੱਚ ਬੀਤੇ ਸਮੇਂ ਕੁਝ ਘਟਨਾਵਾਂ ਵਾਪਰੀਆਂ ਹਨ, ਜਿਨ੍ਹਾਂ ਵਿੱਚ ਟਰੈਕਟਰਾਂ ਅਤੇ ਸਬੰਧਤ ਸੰਦਾਂ ਦੇ ਖਤਰਨਾਕ ਪ੍ਰਦਰਸ਼ਨ/ਸਟੰਟ ਦੌਰਾਨ ਨੌਜਵਾਨ ਦੀ ਮੌਤ ਵੀ ਹੋ ਗਈ ਹੈ। ਇਸ ਲਈ ਟਰੈਕਟਰਾਂ ਅਤੇ ਸਬੰਧਤ ਸੰਦਾਂ ਦੇ ਖਤਰਨਾਕ ਪ੍ਰਦਰਸ਼ਨ/ਸਟੰਟ ਨੂੰ ਆਯੋਜਿਤ ਕਰਨ ਤੇ ਪਾਬੰਦੀ ਲਗਾਉਣ ਦੀ ਜ਼ਰੂਰਤ ਹੈ।

## ਪਟਿਆਲਾ ਜ਼ਿਲ੍ਹੇ 'ਚ ਜੇਲ੍ਹਾਂ ਦੇ ਖੇਤਰ ਅਤੇ ਜੇਲ੍ਹਾਂ ਦੇ ਆਲੇ ਦੁਆਲੇ 500 ਮੀਟਰ ਖੇਤਰ ਨੋ ਡਰੋਨ ਜ਼ੋਨ ਐਲਾਨਿਆ

**ਪਟਿਆਲਾ/ਅਮਨ ਸਿੱਧੂ ਮੱਲੇਵਾਲ**

ਵਧੀਕ ਜ਼ਿਲ੍ਹਾ ਮੈਜਿਸਟਰੇਟ ਇਸ਼ਾ ਸਿੰਗਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਪਟਿਆਲਾ ਜ਼ਿਲ੍ਹੇ ਵਿੱਚ ਜੇਲ੍ਹਾਂ ਦੇ ਖੇਤਰ ਅਤੇ ਜੇਲ੍ਹਾਂ ਦੇ ਆਲੇ ਦੁਆਲੇ 500 ਮੀਟਰ ਖੇਤਰ ਨੂੰ ਨੋ ਡਰੋਨ ਜ਼ੋਨ ਐਲਾਨਿਆ ਹੈ। ਇਹ ਹੁਕਮ 3 ਅਗਸਤ 2025 ਤੱਕ ਲਾਗੂ ਰਹਿਣਗੇ ਤੇ ਉਲੰਘਣਾ ਕਰਨ ਵਾਲੇ ਵਿਅਕਤੀ ਦੇ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਡਾਇਰੈਕਟਰ ਜਨਰਲ ਪੁਲਿਸ ਪੰਜਾਬ ਦੇ ਜਾਰੀ ਪੱਤਰ ਮੁਤਾਬਕ ਡਰੋਨ ਜਨਤਕ ਡੋਮੇਨ ਵਿੱਚ ਤੇਜ਼ੀ ਨਾਲ ਪ੍ਰਸਿੱਧ ਅਤੇ ਅਸਾਨੀ ਨਾਲ ਪਹੁੰਚਣਯੋਗ ਬਣ ਗਏ ਹਨ, ਜੋ ਸੰਭਾਵੀ ਸੁਰੱਖਿਆ ਉਲੰਘਣਾਵਾਂ ਅਤੇ ਧਮਕੀਆਂ ਬਾਰੇ ਚਿੰਤਾਵਾਂ ਪੈਦਾ ਕਰਦੀਆਂ ਹਨ। ਜੇਲ੍ਹਾਂ ਦੇ ਨੇੜੇ ਡਰੋਨਾਂ ਦੀ ਅਣਅਧਿਕਾਰਤ ਨਿਗਰਾਨੀ ਲਈ, ਨਸ਼ੀਲੇ ਪਦਾਰਥਾਂ (ਮੋਬਾਇਲ, ਨਸ਼ੀਲੇ ਪਦਾਰਥਾਂ, ਹਥਿਆਰਾਂ ਆਦਿ) ਦੀ ਤਸਕਰੀ ਲਈ, ਭੱਜਣ ਦੀਆਂ ਕੋਸ਼ਿਸ਼ਾਂ ਦੀ ਸਹੂਲਤ ਲਈ ਅਤੇ ਇੱਥੋਂ ਤੱਕ ਕਿ ਰਾਜ ਦੀ ਪ੍ਰਭੂਸੱਤਾ ਨੂੰ ਚੁਨੌਤੀ ਦੇਣ ਦੇ ਉਦੇਸ਼ ਨਾਲ ਅੱਤਵਾਦੀ ਹਮਲਿਆਂ ਲਈ ਵੀ ਸੰਭਾਵਿਤ ਦੁਰਵਰਤੋਂ ਨੂੰ ਨਕਾਰਿਆਂ ਨਹੀਂ ਜਾ ਸਕਦਾ। ਜੇਲ੍ਹਾਂ ਦੇ ਨੇੜੇ ਅਜਿਹੀਆਂ ਅਣਅਧਿਕਾਰਤ ਡਰੋਨ ਉਡਾਣਾਂ ਇੱਕ ਗੰਭੀਰ ਖ਼ਤਰਾ ਪੈਦਾ ਕਰਦੀਆਂ ਹਨ, ਜਿਸ ਨਾਲ ਜੇਲ੍ਹਾਂ ਨੂੰ ਸੁਰੱਖਿਆ ਉਲੰਘਣਾਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜੇਲ੍ਹਾਂ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਜੇਲ੍ਹਾਂ ਦੇ ਖੇਤਰ ਅਤੇ ਜੇਲ੍ਹਾਂ ਦੇ ਆਲੇ ਦੁਆਲੇ 500 ਮੀਟਰ ਖੇਤਰ ਨੂੰ ਨੋ ਡਰੋਨ ਜ਼ੋਨ ਐਲਾਨਣ ਜ਼ਰੂਰੀ ਹੈ।

## ਅਧਿਆਪਕ ਤੇ ਹਾਊਸ ਕੀਪਿੰਗ ਦੀਆਂ ਅਸਾਮੀਆਂ ਲਈ ਪਲੇਸਮੈਂਟ ਕੈਂਪ 4 ਜੂਨ ਨੂੰ

**ਪਟਿਆਲਾ/ਅਮਨ ਸਿੱਧੂ ਮੱਲੇਵਾਲ**

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਡਿਪਟੀ ਡਾਇਰੈਕਟਰ ਮੇਜਰ ਹਰਪ੍ਰੀਤ ਸਿੰਘ ਮਾਨਸ਼ਾਹੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਿਤੀ 4 ਜੂਨ ਨੂੰ ਸਵੇਰੇ 10 ਵਜੇ ਖ਼ਾਲਸਾ ਇੰਟਰਪ੍ਰਾਈਜ਼ਜ਼ 'ਚ ਹਾਊਸ ਕੀਪਿੰਗ ਦੀਆਂ 100 ਅਸਾਮੀਆਂ ਤੇ ਜੀ.ਸੀ.ਐਮ ਕਾਨਵੈਂਟ ਸਕੂਲ ਕਡਿਆਲ ਵਿਖੇ ਪੋਸਟ ਗਰੈਜੂਏਟ ਟੀਚਰ ਕਾਮਰਸ ਦੀਆਂ ਦੋ ਅਸਾਮੀਆਂ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਉਨ੍ਹਾਂ ਇਸ ਸਬੰਧੀ ਵਿਸਥਾਰਪੂਰਵਕ ਵੇਰਵੇ ਦਿੰਦਿਆਂ ਦੱਸਿਆ ਕਿ ਹਾਊਸ ਕੀਪਿੰਗ ਦੀ ਅਸਾਮੀ ਲਈ ਵਿੱਦਿਆ ਯੋਗਤਾ ਪੰਜਵੀਂ ਪਾਸ ਉਮਰ 18 ਸਾਲ ਤੋਂ ਵੱਧ ਲਈ ਮਹਿਲ ਅਤੇ ਪੁਰਸ਼ ਅਪਲਾਈ ਕਰ ਸਕਦੇ ਹਨ। ਇਸੇ ਤਰ੍ਹਾਂ ਪੋਸਟ ਗਰੈਜੂਏਟ ਟੀਚਰ ਕਾਮਰਸ ਦੀ ਅਸਾਮੀ ਲਈ ਬੀ.ਏ., ਐਮ.ਏ., ਐਮ.ਐਸ.ਸੀ., ਬੀ.ਕਾਮ, ਐਮ ਕਾਮ ਅਤੇ ਬੀ.ਐਡ ਹੋਣੀ ਲਾਜ਼ਮੀ ਹੈ। ਇਸ ਲਈ ਉਮਰ 20 ਤੋਂ 45 ਸਾਲ ਦੀ ਹੈ। ਮੇਜਰ ਹਰਪ੍ਰੀਤ ਸਿੰਘ ਮਾਨਸ਼ਾਹੀਆ ਨੇ ਦੱਸਿਆ ਕਿ ਉਕਤ ਦੋਵੇਂ ਅਸਾਮੀ ਲਈ ਪਲੇਸਮੈਂਟ 'ਚ ਭਾਗ ਲੈਣ ਲਈ ਉਮੀਦਵਾਰ ਆਪਣੀ ਯੋਗਤਾ ਦੇ ਸਾਰੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਫੋਟੋਕਾਪੀਆਂ ਅਤੇ ਰਜਿਊਮੇ ਨਾਲ ਲੈ ਕੇ ਮਿਤੀ 4 ਜੂਨ ਨੂੰ ਸਵੇਰੇ 10 ਵਜੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਲਾਕ-ਡੀ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਨੇੜੇ ਸੇਵਾ ਕੇਂਦਰ ਪਟਿਆਲਾ ਵਿਖੇ ਆ ਸਕਦੇ ਹਨ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਸੰਪਰਕ ਨੰਬਰ 98776-10877 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਅਕਾਲੀ ਦਲ ਲੁਧਿਆਣਾ 'ਚ 24000 ਏਕੜ ਜ਼ਮੀਨ ਐਕਵਾਇਰ ਕਰਨ ਦਾ ਵਿਰੋਧ ਚ ਪਿੰਡ ਪੱਧਰ 'ਤੇ ਲਗਾਏਗਾ ਕੈਂਪ

ਐਕਵਾਇਰ ਕਰਨ ਦੇ ਵਿਰੋਧ ਵਿਚ ਲੋਕਾਂ ਤੋਂ ਹਲਫੀਆ ਬਿਆਨ ਇਕੱਠੇ ਕਰਾਂਗੇ

**ਖੰਨਾ /ਲੁਧਿਆਣਾ, ਲਾਲ ਸਿੰਘ ਮਾਂਗਟ**

ਸ਼੍ਰੋਮਣੀ ਅਕਾਲੀ ਦਲ ਲੁਧਿਆਣਾ ਜ਼ਿਲ੍ਹੇ ਵਿਚ ਪਿੰਡ ਪੱਧਰ 'ਤੇ ਕੈਂਪ ਲਗਾ ਕੇ ਆਮ ਆਦਮੀ ਪਾਰਟੀ (ਆਪ) ਸਰਕਾਰ ਵੱਲੋਂ ਅਰਬਨ ਅਸਟੇਟ ਦੇ ਨਾਂ 'ਤੇ 24000 ਏਕੜ ਜ਼ਮੀਨ ਐਕਵਾਇਰ ਕਰਨ ਦਾ ਵਿਰੋਧ ਕਰੇਗਾ। ਇਥੇ ਇਸ ਸਬੰਧ ਵਿਚ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅਕਾਲੀ ਦਲ ਦੇ ਲੋਕ ਸਭਾ ਹਲਕਾ ਇੰਚਾਰਜ ਰਣਜੀਤ ਸਿੰਘ ਢਿੱਲੋਂ, ਜਸਕਰਨ ਸਿੰਘ ਦਿਓਲ ਅਤੇ ਹੋਰ ਆਗੂਆਂ ਨੇ? ਕਿਹਾ ਕਿ ਅਕਾਲੀ ਦਲ ਸਰਕਾਰ ਵੱਲੋਂ ਜ਼ਮੀਨ ਐਕਵਾਇਰ ਕਰਨ ਦੇ ਵਿਰੋਧ ਵਿਚ ਲੋਕਾਂ ਤੋਂ ਹਲਫੀਆ ਬਿਆਨ ਇਕੱਠੇ ਕਰੇਗਾ। ਉਹਨਾਂ ਕਿਹਾ ਕਿ



ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਇਸ ਮਾਮਲੇ 'ਤੇ ਵਿਸ਼ਾਲ ਧਰਨਾ ਲਗਾਉਣ ਤੋਂ ਬਾਅਦ ਸਰਕਾਰ ਜ਼ਮੀਨ ਐਕਵਾਇਰ ਕਰਨ ਦੀ ਨੀਤੀ ਵਿਚ ਵੱਡੀਆਂ ਤਬਦੀਲੀਆਂ ਕਰਨ ਲਈ ਮਜਬੂਰ ਹੋਈ ਹੈ ਅਤੇ ਇਹ ਗੱਲ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਕੱਲ੍ਹ ਪ੍ਰਵਾਨ ਕੀਤੀ ਤਜਵੀਜ਼ ਵਿਚ ਦਿਸਦੀ ਹੈ।

ਉਹਨਾਂ ਕਿਹਾ ਕਿ ਆਪ ਸਰਕਾਰ ਕੋਲੋਨਾਈਜ਼ਰਾਂ ਤੇ ਬਿਲਡਰਾਂ ਦੀ ਮਦਦ ਵਾਸਤੇ ਇਹ ਜ਼ਮੀਨ ਐਕਵਾਇਰ ਕਰਨ ਵਾਸਤੇ ਪੱਬਾਂ ਭਾਰ ਹੈ। ਉਹਨਾਂ ਕਿਹਾ ਕਿ ਇਸ ਤਜਵੀਜ਼ਸ਼ੁਦਾ ਨੀਤੀ ਵਿਚ ਕਿਸਾਨਾਂ ਨੂੰ ਸਭ ਤੋਂ ਵੱਡਾ ਨੁਕਸਾਨ ਹੋ ਰਿਹਾ ਹੈ ਅਤੇ ਉਹਨਾਂ ਨੂੰ ਜ਼ਮੀਨ ਦੀ ਮਾਰਕੀਟ ਕੀਮਤ ਵੀ ਨਹੀਂ ਮਿਲ ਰਹੀ।

ਉਹਨਾਂ ਕਿਹਾ ਕਿ ਅਕਾਲੀ ਦਲ ਜ਼ਮੀਨ ਐਕਵਾਇਰ ਕਰਨ ਦਾ ਪੁਰਜ਼ੋਰ ਵਿਰੋਧ ਕਰੇਗਾ ਅਤੇ ਯਕੀਨੀ ਬਣਾਵੇਗਾ ਕਿ ਕਿਸਾਨਾਂ ਨੂੰ ਉਹਨਾਂ ਦੀ ਜ਼ਮੀਨ ਦੇਣ ਲਈ ਮਜਬੂਰ ਨਾ ਕੀਤਾ ਜਾਵੇ। ਉਹਨਾਂ ਕਿਹਾ ਕਿ ਸ਼ਰਾਬ ਦੇ ਵਪਾਰ ਵਾਂਗੂ ਆਪ ਸਰਕਾਰ ਇਸ ਜ਼ਮੀਨ ਐਕਵਾਇਰ ਕਰਨ ਦੇ ਪ੍ਰਾਜੈਕਟ ਰਾਹੀਂ ਪ੍ਰਾਪਰਟੀ ਡੀਲਰਾਂ ਨੂੰ ਲਾਭ ਦੇਣਾ ਚਾਹੁੰਦੀ ਹੈ ਪਰ ਸੂਬੇ ਦੇ ਲੋਕ ਇਸ ਪ੍ਰਾਜੈਕਟ ਦੇ ਖਿਲਾਫ ਲਾਮਬੱਧ ਹੋਣੇ ਸ਼ੁਰੂ ਹੋ ਗਏ ਹਨ। ਉਹਨਾਂ ਕਿਹਾ ਕਿ ਇਹ ਸਰਕਾਰ ਲੋਕ ਵਿਰੋਧੀ ਖਾਸ ਤੌਰ 'ਤੇ ਕਿਸਾਨ ਵਿਰੋਧੀ ਸਾਬਤ ਹੋ ਰਹੀ ਹੈ।

ਉਹਨਾਂ ਐਲਾਨ ਕੀਤਾ ਕਿ ਇਸ ਮਾਮਲੇ 'ਤੇ ਸਰਕਾਰ ਦੇ ਖਿਲਾਫ ਵੱਡੀ ਲੋਕ ਲਹਿਰ ਆਰੰਭ ਕੀਤੀ ਜਾਵੇਗੀ

## ਪੀ.ਐਚ.ਸੀ. ਬੂਥਗੜ੍ਹ ਵਿਖੇ ਆਸ਼ਾ ਵਰਕਰਾਂ ਦੀ ਸਿਖਲਾਈ ਹੋਈ



**ਮੋਹਾਲੀ/ ਅਸ਼ੋਕ ਜੋਸ਼ੀ**

ਸਰਕਾਰੀ ਸਿਹਤ ਸੰਸਥਾਵਾਂ ਵਿਚ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਦੇ ਵਿਸਤਾਰ ਦੇ ਮੰਤਵ ਨਾਲ ਪ੍ਰਾਇਮਰੀ ਹੈਲਥ ਸੈਂਟਰ ਬੂਥਗੜ੍ਹ ਵਿਖੇ 5 ਦਿਨਾਂ ਦੀ ਸਿਖਲਾਈ ਕਰਵਾਈ ਗਈ, ਜਿਸ ਵਿਚ ਆਸ਼ਾ ਵਰਕਰਾਂ ਨੇ ਹਿੱਸਾ ਲਿਆ। ਹਸਪਤਾਲ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਅਲਕਜੋਤ ਕੌਰ ਨੇ ਦੱਸਿਆ ਕਿ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸ਼ੁਰੂ ਹੋਈ ਇਸ ਸਿਖਲਾਈ ਦੌਰਾਨ ਸਿਹਤ ਕਾਮਿਆਂ ਨੂੰ ਵਿਸ਼ੇਸ਼ ਤੌਰ 'ਤੇ ਮਾਨਸਿਕ ਸਿਹਤ ਅਤੇ ਬਜ਼ੁਰਗਾਂ ਦੀ ਦੇਖਭਾਲ ਆਦਿ ਵਿਸ਼ਿਆ ਬਾਰੇ ਪੜ੍ਹਾਇਆ ਗਿਆ। ਉਨ੍ਹਾਂ ਕਿਹਾ ਕਿ ਮਾਨਸਿਕ ਰੋਗ ਅਜੋਕੇ ਦੌਰ 'ਚ ਵੱਡੀ ਸਿਹਤ ਸਮੱਸਿਆ ਵਜੋਂ ਉਭਰ ਰਹੇ ਹਨ, ਜੋ ਸਿਹਤ ਪੇਸ਼ੇਵਰਾਂ ਅਤੇ ਸਿਹਤ ਕਾਮਿਆਂ ਲਈ ਵੱਡੀ ਚੁਨੌਤੀ ਵੀ ਬਣ ਰਹੇ ਹਨ। ਜ਼ਮੀਨੀ ਪੱਧਰ 'ਤੇ ਕੰਮ ਕਰ ਰਹੀਆਂ ਆਸ਼ਾ ਵਰਕਰਾਂ ਨੂੰ ਮਾਨਸਿਕ ਰੋਗਾਂ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਬਾਰੇ ਵਿਆਪਕ ਜਾਣਕਾਰੀ ਹੋਣਾ ਬਹੁਤ ਜ਼ਰੂਰੀ ਹੈ। ਇਸੇ ਤਰ੍ਹਾਂ ਅਜਿਹੇ ਬਜ਼ੁਰਗਾਂ ਦੀ ਵੀ ਗਿਣਤੀ ਵੱਧ ਰਹੀ ਹੈ, ਜਿਹੜੇ ਕਿਸੇ ਨਾ ਕਿਸੇ ਬੀਮਾਰੀ ਤੋਂ ਪੀੜਤ ਹਨ ਅਤੇ ਸਹੀ ਤੇ ਸੁਚੱਜੀ ਦੇਖਭਾਲ ਅਤੇ ਇਲਾਜ ਦੇ ਹੱਕਦਾਰ ਹਨ। ਉਨ੍ਹਾਂ ਕਿਹਾ ਕਿ ਸਿਖਲਾਈ ਦੌਰਾਨ ਇਨ੍ਹਾਂ ਵਿਸ਼ਿਆਂ ਤੋਂ ਇਲਾਵਾ ਹੋਰ ਅਹਿਮ ਵਿਸ਼ੇ ਵੀ ਛੋਹੇ ਗਏ ਜਿਨ੍ਹਾਂ ਬਾਰੇ ਸਿਹਤ ਕਾਮਿਆਂ ਦਾ ਜਾਗਰੂਕ ਹੋਣਾ ਅਤਿਅੰਤ ਜ਼ਰੂਰੀ ਹੈ। ਇਸ ਮੌਕੇ ਟਰੇਨਰ ਬਲਜਿੰਦਰ ਸੈਣੀ ਅਤੇ ਕਰਮਜੀਤ ਕੌਰ ਮੌਜੂਦ ਰਹੇ।

## ਪੰਜਾਬ ਸਰਕਾਰ ਵੱਲੋਂ ਦਲਿਤ ਪਰਿਵਾਰਾਂ ਦੇ 68 ਕਰੋੜ ਰੁਪਏ ਦੇ ਕਰਜ਼ੇ ਮੁਆਫ਼ : ਮੋਹਿੰਦਰ ਭਗਤ

**ਜਲੰਧਰ**

ਅੱਜ ਪੰਜਾਬ ਵਿਧਾਨ ਸਭਾ ਵਿੱਚ ਹੋਈ ਕੈਬਨਿਟ ਮੀਟਿੰਗ ਦੌਰਾਨ ਪੰਜਾਬ ਸਰਕਾਰ ਨੇ ਦਲਿਤ ਭਾਈਚਾਰੇ ਲਈ ਕਰਜ਼ਾ ਮੁਆਫ਼ੀ ਦਾ ਐਲਾਨ ਕੀਤਾ ਹੈ। ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਇਸ ਐਲਾਨ ਦਾ ਸਵਾਗਤ ਕਰਦਿਆਂ ਕਿਹਾ ਕਿ ਇਸ ਨਾਲ 4 ਹਜ਼ਾਰ ਤੋਂ ਵੱਧ ਪਰਿਵਾਰਾਂ ਨੂੰ ਰਾਹਤ ਮਿਲੇਗੀ। ਉਨ੍ਹਾਂ ਦੱਸਿਆ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਮੰਗਲਵਾਰ ਨੂੰ ਲਗਭਗ 68 ਕਰੋੜ ਰੁਪਏ ਦੀ ਕਰਜ਼ਾ ਮੁਆਫ਼ੀ ਦਾ ਐਲਾਨ ਕੀਤਾ ਹੈ। ਇਸ ਤਹਿਤ ਐੱਸ.ਸੀ. ਲੈਂਡ ਡਿਵੈਲਪਮੈਂਟ ਐਂਡ ਫਾਈਨਾਂਸ ਕਾਰਪੋਰੇਸ਼ਨ ਤੋਂ ਕਰਜ਼ਾ ਲੈਣ ਵਾਲੇ ਲਗਭਗ 4727 ਦਲਿਤ ਪਰਿਵਾਰਾਂ ਨੂੰ ਲਾਭ ਮਿਲੇਗਾ। ਜਾਣਕਾਰੀ ਮੁਤਾਬਕ, ਇਹ ਕਰਜ਼ਾ ਡਿਫਾਲਟ ਹੋ ਚੁੱਕਾ ਸੀ। ਕੁੱਲ 68 ਕਰੋੜ ਰੁਪਏ ਦੀ ਕਰਜ਼ਾ ਮੁਆਫ਼ੀ ਵਿੱਚ 30 ਕਰੋੜ ਮੂਲਧਨ, 22 ਕਰੋੜ ਵਿਆਜ ਅਤੇ 15 ਕਰੋੜ ਰੁਪਏ ਪੀਨਲ ਇੰਟਰੇਸਟ ਸ਼ਾਮਲ ਹਨ। ਇਹ ਕਰਜ਼ਾ ਮੁਆਫ਼ੀ ਮਾਰਚ 2020 ਤੱਕ ਦੇ ਕਰਜ਼ਿਆਂ ਲਈ ਲਾਗੂ ਕੀਤੀ ਗਈ ਹੈ। ਸ੍ਰੀ ਭਗਤ ਨੇ ਦੱਸਿਆ ਕਿ ਪੰਜਾਬ ਦੇ ਵਿੱਤ ਮੰਤਰੀ ਸ੍ਰੀ ਹਰਪਾਲ ਸਿੰਘ ਚੀਮਾ ਨੇ 2025-26 ਦੇ ਬਜਟ ਵਿੱਚ ਹੀ ਇਸ ਕਰਜ਼ਾ ਮਾਫੀ ਲਈ ਬਜਟ ਦਾ ਇੰਤਜ਼ਾਮ ਕਰ ਦਿੱਤਾ ਸੀ, ਪਰ ਇਸ ਦੀ ਅਧਿਕਾਰਕ ਘੋਸ਼ਣਾ ਅੱਜ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ 2020 ਤੋਂ ਬਾਅਦ ਕਰਜ਼ਾ ਲੈਣ ਵਾਲਿਆਂ ਨਾਲ ਵੀ ਸੰਵੇਦਨਸ਼ੀਲਤਾ ਨਾਲ ਪੇਸ਼ ਆਇਆ ਜਾਵੇਗਾ। ਸ੍ਰੀ ਭਗਤ ਨੇ ਕਿਹਾ ਕਿ ਇਹ ਦਲਿਤ ਪਰਿਵਾਰ ਵਾਸਤਵਿਕ ਪਰੇਸ਼ਾਨੀ ਕਾਰਨ ਕਰਜ਼ਾ ਅਦਾ ਨਹੀਂ ਕਰ ਸਕੇ। ਦੱਸਣਯੋਗ ਹੈ ਕਿ ਇਸ ਕਰਜ਼ੇ ਦੀ ਰਿਕਵਰੀ ਦਰ 84 ਫੀਸਦੀ ਸੀ, ਜੋ ਕਿ ਘੱਟ ਨਹੀਂ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਹਮੇਸ਼ਾ ਦਲਿਤ ਭਾਈਚਾਰੇ ਦੇ ਹਿੱਤਾਂ ਦੀ ਰਾਖੀ ਲਈ ਤਹਿ ਦਿਲੋਂ ਤਤਪਰ ਰਹੀ ਹੈ ਅਤੇ ਅੱਗੇ ਵੀ ਰਹੇਗੀ।



## 6 ਜੂਨ ਨੂੰ ਲੈ ਕੇ ਸੁਰੱਖਿਆ ਕਾਰਨਾਂ ਕਰਕੇ ਸ਼ਿਵ ਸੇਨਾ ਟਕਸਾਲੀ ਦੇ ਰਾਸ਼ਟਰੀ ਪ੍ਰਧਾਨ ਬ੍ਰਿਜ ਮੋਹਨ ਸੂਰੀ ਅਤੇ ਯੂਵਾ ਵਿੰਗ ਪ੍ਰਧਾਨ ਸਾਈਂ ਅੰਸ਼ ਸੂਰੀ ਹਾਊਸ ਅਰੇਸਟ, ਨਿਵਾਸ ਅਤੇ ਦਫ਼ਤਰ 'ਤੇ ਸਖ਼ਤ ਸੁਰੱਖਿਆ

6 ਜੂਨ ਨੂੰ ਲੈ ਕੇ ਪੰਜਾਬ ਵਿਚ ਬਣ ਰਹੇ ਸੰਭਾਵਤ ਤਣਾਅਪੂਰਨ ਹਾਲਾਤਾਂ ਦੇ ਮੱਦੇਨਜ਼ਰ ਪ੍ਰਸ਼ਾਸਨ ਨੇ ਇੱਕ ਵੱਡਾ ਏਹਤਿਆਤੀ ਕਦਮ ਚੁੱਕਿਆ ਹੈ। ਸ਼ਿਵ ਸੇਨਾ ਟਕਸਾਲੀ ਦੇ ਰਾਸ਼ਟਰੀ ਪ੍ਰਧਾਨ ਬ੍ਰਿਜ ਮੋਹਨ ਸੂਰੀ ਅਤੇ ਯੂਵਾ ਵਿੰਗ ਦੇ ਪ੍ਰਧਾਨ ਸਾਈਂ ਅੰਸ਼ ਸੂਰੀ ਨੂੰ ਘਰਾਂ ਵਿੱਚ ਨਜ਼ਰਬੰਦ (ਹਾਊਸ ਅਰੇਸਟ) ਕਰ ਦਿੱਤਾ ਗਿਆ ਹੈ।

ਪ੍ਰਸ਼ਾਸਨ ਅਤੇ ਖੁਫੀਆ ਏਜੰਸੀਆਂ ਨੂੰ ਲਗਾਤਾਰ ਇਨਪੁਟ ਮਿਲ ਰਹੇ ਸਨ ਕਿ ਕੁਝ ਅਸਾਮਾਜਿਕ ਅਤੇ ਉਗਰਵਾਦੀ ਤੱਤ 6 ਜੂਨ ਨੂੰ ਲੈ ਕੇ ਮਾਹੌਲ ਵਿਗਾੜਣ ਦੀ ਕੋਸ਼ਿਸ਼ ਵਿਚ ਹਨ। ਇਨ੍ਹਾਂ ਇਨਪੁਟਸ ਦੇ ਅਧਾਰ 'ਤੇ ਸੂਰੀ ਪਰਿਵਾਰ ਦੀ ਸੁਰੱਖਿਆ ਨੂੰ ਪ੍ਰਾਥਮਿਕਤਾ ਦਿੰਦਿਆਂ ਇਹ ਕਦਮ ਚੁੱਕਿਆ ਗਿਆ ਹੈ।

ਉਲੇਖਣਯੋਗ ਹੈ ਕਿ ਖਾਲਿਸਤਾਨੀ ਆਤੰਕਵਾਦੀਆਂ ਵੱਲੋਂ ਸੂਰੀ ਪਰਿਵਾਰ ਨੂੰ ਲਗਾਤਾਰ ਜਾਨ ਤੋਂ ਮਾਰਣ ਦੀਆਂ ਧਮਕੀਆਂ ਮਿਲ ਰਹੀਆਂ ਹਨ। ਇਨ੍ਹਾਂ ਧਮਕੀਆਂ ਦੇ ਮੱਦੇਨਜ਼ਰ ਹੁਣ ਤੱਕ ਦੋ ਖਾਲਿਸਤਾਨੀ ਆਤੰਕੀਆਂ ਨੂੰ ਗ੍ਰਿਫਤਾਰ ਵੀ ਕੀਤਾ ਜਾ ਚੁੱਕਾ ਹੈ, ਜੋ ਸੂਰੀ ਪਰਿਵਾਰ 'ਤੇ ਹਮਲਾ ਕਰਨ ਦੀ ਸਾਜ਼ਿਸ਼ ਰਚ ਰਹੇ ਸਨ। ਇਹ ਵੀ ਵਿਸ਼ੇਸ਼ ਤੌਰ 'ਤੇ ਉਲੇਖਣਯੋਗ ਹੈ ਕਿ ਬ੍ਰਿਜ ਮੋਹਨ




ਸੂਰੀ ਦੇ ਨਿਵਾਸ ਨੂੰ ਸੁਰੱਖਿਆ ਮੱਦੇਨਜ਼ਰ ਨੈੱਟ ਜਾਲ ਨਾਲ ਢੱਕਿਆ ਗਿਆ ਹੈ, ਤਾਂ ਜੋ ਕੋਈ ਵੀ ਵਿਸਫੋਟਕ ਸਮੱਗਰੀ ਜਾਂ ਗ੍ਰੇਨੇਡ ਅੰਦਰ ਨਾ ਸੁੱਟਿਆ ਜਾ ਸਕੇ। ਇਹ ਸੁਰੱਖਿਆ ਪ੍ਰਬੰਧ ਕਿਸੇ ਵੀ ਆਤੰਕੀ ਹਮਲੇ ਨੂੰ ਨਾਕਾਮ ਬਣਾਉਣ ਦੇ ਨਿਰਦੇਸ਼ ਨਾਲ ਕੀਤੇ ਗਏ ਹਨ। ਸਿਰਫ ਇੱਥੇ ਤੱਕ ਹੀ ਨਹੀਂ, ਬ੍ਰਿਜ ਮੋਹਨ ਸੂਰੀ ਦੇ ਨਿਵਾਸ ਅਤੇ ਦਫ਼ਤਰ ਉੱਤੇ ਭਾਰੀ ਪੁਲਿਸ ਬਲ ਤਾਇਨਾਤ ਕੀਤਾ ਗਿਆ ਹੈ। ਇਲਾਕੇ 'ਚ ਸੀਸੀਟੀਵੀ ਕੈਮਰਿਆਂ ਰਾਹੀਂ ਨਿਗਰਾਨੀ ਕੀਤੀ ਜਾ ਰਹੀ ਹੈ, ਅਤੇ ਸੁਰੱਖਿਆ ਬਲਾਂ ਨੂੰ ਸਖ਼ਤ ਨਿਰਦੇਸ਼ ਦਿੱਤੇ ਗਏ ਹਨ ਕਿ ਕਿਸੇ ਵੀ ਸ਼ੱਕੀ ਗਤੀਵਿਧੀ ਤੇ ਤੁਰੰਤ ਕਾਰਵਾਈ ਕੀਤੀ ਜਾਵੇ। ਸਰੋਤਾਂ ਦੇ ਮੁਤਾਬਕ, ਸੁਰੱਖਿਆ ਏਜੰਸੀਆਂ ਨੇ ਕਿਹਾ ਹੈ ਕਿ ਬ੍ਰਿਜ ਮੋਹਨ ਸੂਰੀ ਅਤੇ ਸਾਈਂ ਅੰਸ਼ ਸੂਰੀ ਦੀ ਜਾਨ ਨੂੰ ਗੰਭੀਰ ਖ਼ਤਰਾ ਹੈ, ਅਤੇ ਇਹ ਅੰਦਾਜ਼ਾ ਲਗਾਇਆ ਗਿਆ ਹੈ ਕਿ ਕੁਝ ਆਤੰਕੀ ਤੱਤ ਕਿਸੇ ਵੱਡੀ ਘਟਨਾ ਨੂੰ ਅੰਜਾਮ ਦੇਣ ਦੀ ਫਿਰਾਕ 'ਚ ਹਨ।

ਸ਼ਿਵ ਸੇਨਾ ਟਕਸਾਲੀ ਵੱਲੋਂ ਇਸ ਕਾਰਵਾਈ ਨੂੰ ਲੋਕਤੰਤਰ ਵਿਰੋਧੀ ਦੱਸਦਿਆਂ ਕਿਹਾ ਗਿਆ ਹੈ ਕਿ ਇਹ ਹਿੰਦੂ ਆਗੂਆਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਹੈ।

ਪਰਸ਼ਾਸਨ ਨੇ ਸਪਸ਼ਟ ਕੀਤਾ ਹੈ ਕਿ ਇਹ ਫੈਸਲਾ ਪੂਰੀ ਤਰ੍ਹਾਂ ਜਨਤਾ ਦੀ ਸੁਰੱਖਿਆ, ਕਾਨੂੰਨ-ਵਿਵਸਥਾ ਨੂੰ ਕਾਇਮ ਰੱਖਣ ਅਤੇ ਕਿਸੇ ਵੀ ਆਤੰਕੀ ਸਾਜ਼ਿਸ਼ ਨੂੰ ਅਸਫਲ ਕਰਨ ਲਈ ਲਿਆ ਗਿਆ ਹੈ। ਇਸ ਵੇਲੇ ਪੰਜਾਬ ਰਾਜ ਵਿੱਚ ਹਾਈ ਅਲਰਟ ਜਾਰੀ ਕਰ ਦਿੱਤਾ ਗਿਆ ਹੈ, ਸੰਵੇਦਨਸ਼ੀਲ ਇਲਾਕਿਆਂ 'ਚ ਫਲੈਗ ਮਾਰਚ ਹੋ ਰਹੇ ਹਨ, ਅਤੇ ਸੁਰੱਖਿਆ ਏਜੰਸੀਆਂ ਪੂਰੀ ਤਰ੍ਹਾਂ ਚੌਕਸ ਹਨ

## ਡੇਅਰੀ ਉੱਦਮ ਸਿਖਲਾਈ ਕੋਰਸ 9 ਜੂਨ ਤੋਂ ਸ਼ੁਰੂ- ਵਰਿਆਮ ਸਿੰਘ

**ਅੰਮ੍ਰਿਤਸਰ /ਅਰਵਿੰਦਰ ਵੜੈਚ**

ਕੈਬਨਿਟ ਮੰਤਰੀ ਟ ?ਰਾਂਸਪੋਰਟ ਵਿਭਾਗ ਅਤੇ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ, ਗੁਰਮੀਤ ਸਿੰਘ ਖੁਡੀਆਂ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ, ਪੰਜਾਬ ਕੁਲਦੀਪ ਸਿੰਘ ਜੱਸੋਵਾਲ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਵਰਿਆਮ ਸਿੰਘ, ਇੰਚਾਰਜ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ, ਵੇਰਕਾ ਦੀ ਰਹਿਨੁਮਾਈ ਹੇਠ ਡੇਅਰੀ ਫਾਰਮਰਾਂ ਨੂੰ ਚਾਰ ਹਫਤੇ ਡੇਅਰੀ ਉੱਦਮ ਸਿਖਲਾਈ ਕੋਰਸ 9 ਜੂਨ 2025 ਤੋਂ 08 ਜੁਲਾਈ 2025 ਤੱਕ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ, ਵੇਰਕਾ ਵਿਖੇ ਚਲਾਇਆ ਜਾ ਰਿਹਾ ਹੈ । ਉਨਾਂ ਦੱਸਿਆ ਕਿ ਡੇਅਰੀ ਉੱਦਮ ਸਿਖਲਾਈ ਸਬੰਧੀ ਕੌਂਸਲਿੰਗ 4 ਜੂਨ 2025 ਨੂੰ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ ਵੇਰਕਾ ਵਿਖੇ ਰੱਖੀ ਗਈ ਹੈ, ਜਿਸ ਵਿੱਚ ਦੁੱਧ ਤੋਂ ਦੁੱਧ ਪਦਾਰਥ ਬਣਾਉਣ, ਡੇਅਰੀ ਫਾਰਮ ਦਾ ਪ੍ਰਬੰਧ ,ਦੁਧਾਰੂ ਪਸ਼ੂਆਂ ਦੀ ਨਸਲ ਸੁਧਾਰ, ਅਤੇ ਸੰਤੁਲਿਤ ਪਸ਼ੂ ਖੁਰਾਕ ਸਬੰਧੀ, ਆਧੁਨਿਕ ਤਕਨੀਕ ਨਾਲ ਟ ?ਰੇਨਿੰਗ ਦਿੱਤੀ ਜਾ ਰਹੀ ਹੈ। ਇਸ ਸਿਖਲਾਈ ਲਈ ਜਿਲਾ ਅੰਮ੍ਰਿਤਸਰ ਦੇ ਚਾਹਵਾਨ ਡੇਅਰੀ ਫਾਰਮਰ 4 ਜੂਨ 2025 ਨੂੰ ਦਸਵੀਂ ਜਾਂ ਵਾਰਵੀਂ ਦਾ ਸਰਟੀਫਿਕੇਟ ਅਧਾਰ ਕਾਰਡ ਸਮੇਤ ਪਾਸਪੋਰਟ ਸਾਈਜ ਫੋਟੋ ਲੈ ਕੇ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ, ਵੇਰਕਾ ਵਿਖੇ ਸਵੇਰੇ 9.00 ਵਜੇ ਕਾਉਂਸਲਿੰਗ ਲਈ ਹਾਜਰ ਹੋਣ । ਟ ?ਰੇਨਿੰਗ ਲਈ ਜਨਰਲ ਕੈਟਾਗਰੀ ਦੇ ਫਾਰਮਰਾਂ ਲਈ ਫੀਸ 5000/- ਰੁਪਏ ਹੈ ਅਤੇ ਅਨੁਸੂਚਿਤ ਜਾਤੀ ਦੇ ਫਾਰਮਰਾਂ ਲਈ 4000/- ਰੁਪਏ ਹੈ। ਇਸ ਸਬੰਧੀ ਨਿਰਧਾਰਤ ਪ੍ਰੋਫਾਰਮੇ ਲਈ ਦਫਤਰ ਡਿਪਟੀ ਡਾਇਰੈਕਟਰ ਡੇਅਰੀ, ਵੇਰਕਾ ਤੋਂ ਪ੍ਰਾਪਤ ਕੀਤੇ ਜਾ ਸਕਦੇ ਹਨ । ਵਧੇਰੇ ਜਾਣਕਾਰੀ ਲਈ ਚਾਹਵਾਨ ਮੋਬਾਇਲ ਨੰ. 8872918300 ਅਤੇ 9465725610 ਤੇ ਸੰਪਰਕ ਕੀਤਾ ਜਾ ਸਕਦਾ ਹੈ।



## ਪੰਚਾਇਤ ਵਿਭਾਗ ਨੇ ਝੰਜੇੜੀ ਵਿੱਚ 191 ਏਕੜ ਸ਼ਾਮਲਾਤ ਜ਼ਮੀਨ ਦਾ ਲਿਆ ਕਬਜ਼ਾ

**ਮੋਹਾਲੀ/ਅਸ਼ੋਕ ਜੋਸ਼ੀ**

ਪੰਜਾਬ ਸਰਕਾਰ ਦੀ ਸ਼ਾਮਲਾਤ (ਪੰਚਾਇਤ) ਜ਼ਮੀਨ ਨੂੰ ਗੈਰ-ਕਾਨੂੰਨੀ ਕਬਜ਼ਿਆਂ ਤੋਂ ਮੁਕਤ ਕਰਨ ਲਈ ਚੱਲ

**ਭਾਰੀ ਪੁਲਿਸ ਬਲਾਂ ਦੀ ਮੌਜੂਦਗੀ ਅਤੇ ਡਿਊਟੀ ਮੈਜਿਸਟਰੇਟਾਂ ਨੇ ਸ਼ਾਂਤੀਪੂਰਨ ਕਰਵਾਈ ਨੂੰ ਯਕੀਨੀ ਬਣਾਇਆ**

ਰਹੀ ਮੁਹਿੰਮ ਦੇ ਤਹਿਤ ਇੱਕ ਮਹੱਤਵਪੂਰਨ ਘਟਨਾਕ੍ਰਮ ਵਿੱਚ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਪੰਜਾਬ ਨੇ ਅੱਜ ਜ਼ਿਲ੍ਹਾ ਐਸ ਏ ਐਸ ਨਗਰ ਦੇ ਪਿੰਡ ਝੰਜੇੜੀ ਵਿੱਚ 191 ਏਕੜ ਕੀਮਤੀ ਸ਼ਾਮਲਾਟ ਜ਼ਮੀਨ ਦਾ ਸਫਲਤਾਪੂਰਵਕ ਕਬਜ਼ਾ ਲੈ ਲਿਆ ਅਤੇ ਸਾਰੀ ਕਾਨੂੰਨੀ ਪ੍ਰਕਿਰਿਆ ਪੂਰੀ ਕਰਨ ਤੋਂ ਬਾਅਦ ਇਸਨੂੰ ਰਸਮੀ ਤੌਰ 'ਤੇ ਗ੍ਰਾਮ ਪੰਚਾਇਤ ਝੰਜੇੜੀ ਨੂੰ ਸੌਂਪ ਦਿੱਤਾ। ਜ਼ਮੀਨ ਦੀ ਬਾਜ਼ਾਰੀ ਕੀਮਤ ਲਗਭਗ 2,000 ਕਰੋੜ ਰੁਪਏ ਹੋਣ ਦਾ




ਅਨੁਮਾਨ ਲਾਇਆ ਜਾਂਦਾ ਹੈ।

ਜਾਣਕਾਰੀ ਦਿੰਦੇ ਹੋਏ, ਡਿਪਟੀ ਕਮਿਸ਼ਨਰ ਸ਼੍ਰੀਮਤੀ ਕੋਮਲ ਮਿੱਤਲ ਨੇ ਦੱਸਿਆ ਕਿ ਕਬਜ਼ੇ ਦੀ ਕਾਰਵਾਈ ਅੱਜ ਸਵੇਰੇ ਦੋ ਡਿਊਟੀ ਮੈਜਿਸਟ ?ਰੇਟਾਂ - ਸ਼੍ਰੀਮਤੀ ਦਿਵਿਆ ਪੀ, ਐਸ ਡੀ ਐਮ ਖਰੜ, ਅਤੇ ਸ਼੍ਰੀ ਅਮਿਤ ਗੁਪਤਾ, ਐਸ ਡੀ ਐਮ ਡੇਰਾਬੱਸੀ ਦੀ ਮੌਜੂਦਗੀ ਵਿੱਚ ਕੀਤੀ ਗਈ। ਇਸ ਕਾਰਵਾਈ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਐਸ ਪੀ (ਹੈੱਡਕੁਆਰਟਰ) ਰਮਨਦੀਪ ਸਿੰਘ ਅਤੇ ਐਸ ਪੀ (ਦਿਹਾਤੀ) ਮਨਪ੍ਰੀਤ ਸਿੰਘ ਦੀ ਨਿਗਰਾਨੀ ਹੇਠ ਭਾਰੀ ਗਿਣਤੀ ਵਿੱਚ ਪੁਲਿਸ ਫੋਰਸ ਤਾਇਨਾਤ ਕੀਤੀ ਗਈ ਸੀ।

ਵਿਭਾਗ ਵੱਲੋਂ ਇਸ ਕਾਰਵਾਈ ਦੀ ਅਗਵਾਈ ਕਰਨ ਵਾਲੇ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ (ਡੀ ਡੀ ਪੀ ਓ) ਬਲਜਿੰਦਰ ਸਿੰਘ ਗਰੇਵਾਲ ਨੇ ਦੱਸਿਆ ਕਿ ਵਿਭਾਗ ਦੇ ਪੰਚਾਇਤੀ ਜ਼ਮੀਨ ਦੇ ਕੁਲੈਕਟਰ ਸ੍ਰੀ ਅਮਰਿੰਦਰ ਸਿੰਘ ਚੌਹਾਨ ਵੱਲੋਂ 25 ਅਪ੍ਰੈਲ, 2025 ਨੂੰ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ 4 ਫਰਵਰੀ, 2025 ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਕਬਜ਼ਾ ਵਾਰੰਟ ਜਾਰੀ ਕੀਤਾ ਗਿਆ ਸੀ।

ਡੀ ਡੀ ਪੀ ਓ ਗਰੇਵਾਲ ਨੇ ਅੱਗੇ ਕਿਹਾ ਕਿ ਇਸ ਕਾਰਵਾਈ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨਾ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਪੰਜਾਬ ਦੇ ਪ੍ਰਸ਼ਾਸਕੀ ਸਕੱਤਰ ਸ੍ਰੀ ਅਜੀਤ ਬਾਲਾਜੀ ਜੋਸ਼ੀ ਅਤੇ ਵਿਭਾਗ ਦੇ ਡਾਇਰੈਕਟਰ ਸ੍ਰੀ ਉਮਾ ਸ਼ੰਕਰ ਗੁਪਤਾ ਦੇ ਨਿਰਦੇਸ਼ਾਂ ਹੇਠ ਸੰਭਵ ਹੋਇਆ। ਐਸ ਏ ਐਸ ਨਗਰ ਦੇ ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ, ਸੀਨੀਅਰ ਪੁਲਿਸ ਸੁਪਰਡੈਂਟ ਸ. ਹਰਮਨਦੀਪ ਸਿੰਘ ਹਾਂਸ ਅਤੇ ਵਧੀਕ ਡਿਪਟੀ ਕਮਿਸ਼ਨਰ (ਦਿਹਾਤੀ ਵਿਕਾਸ) ਸ੍ਰੀਮਤੀ ਸੋਨਮ ਚੌਧਰੀ ਵੱਲੋਂ ਪੂਰਾ ਸਹਿਯੋਗ ਦਿੱਤਾ ਗਿਆ।

ਇਸ ਜ਼ਮੀਨ 'ਤੇ ਲਗਭਗ 105 ਧਿਰਾਂ ਵੱਲੋਂ ਨਾਜਾਇਜ਼ ਕਬਜ਼ਾ ਕੀਤਾ ਹੋਇਆ ਸੀ।

ਜ਼ਮੀਨ ਖਾਲੀ ਹੋਣ ਤੋਂ ਬਾਅਦ, ਗ੍ਰਾਮ ਪੰਚਾਇਤ ਝੰਜੇੜੀ ਦੇ ਪ੍ਰਸ਼ਾਸਕ ਸ਼੍ਰੀ ਅਮਿਤ ਕੁਮਾਰ ਨੂੰ ਅਧਿਕਾਰਤ ਕਬਜ਼ਾ ਸੌਂਪ ਦਿੱਤਾ ਗਿਆ।

ਇਸ ਮੌਕੇ 'ਤੇ ਮੌਜੂਦ ਪ੍ਰਮੁੱਖ ਅਧਿਕਾਰੀਆਂ ਵਿੱਚ ਮਹਿਕਮੀਤ ਸਿੰਘ, ਬੀ ਡੀ ਪੀ ਓ ਖਰੜ, ਅਤੇ ਗੁਰਵਿੰਦਰ ਕੌਰ, ਤਹਿਸੀਲਦਾਰ ਖਰੜ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਪੁਲਿਸ ਵਿਭਾਗ ਅਤੇ ਮਾਲ ਵਿਭਾਗ ਦਾ ਸਟਾਫ ਸ਼ਾਮਲ ਸਨ।

ਡੀ ਡੀ ਪੀ ਓ ਗਰੇਵਾਲ ਨੇ ਚਿਤਾਵਨੀ ਦੇ ਲਹਿਜ਼ੇ ਚ ਕਿਹਾ ਕਿ ਵਿਭਾਗ ਵੱਲੋਂ ਨਾਜਾਇਜ਼ ਕਬਜ਼ੇ ਚੋਂ ਛੁਡਵਾਈ ਗਈ ਇਸ ਜ਼ਮੀਨ ਚ ਕਿਸੇ ਵੀ ਤਰ੍ਹਾਂ ਦੀ ਘੁਸਪੈਠ ਦੀ ਕੋਸ਼ਿਸ਼ ਨਾਲ ਕਾਨੂੰਨ ਅਨੁਸਾਰ ਸਖ਼ਤੀ ਨਾਲ ਨਜਿੱਠਿਆ ਜਾਵੇਗਾ।

# ਪੰਜਾਬ ਸਰਕਾਰ ਦੀ ਨਿਵੇਕਲੀ ਪਹਿਲ: 'ਸੀ.ਐਮ.ਦੀ ਯੋਗਸ਼ਾਲਾ' ਪ੍ਰੋਗਰਾਮ ਦੇ ਸਫ਼ਲਤਾਪੂਰਵਕ ਦੋ ਸਾਲ ਪੂਰੇ

## ਜਲੰਧਰ ਜ਼ਿਲ੍ਹੇ 'ਚ ਯੋਗ ਕ੍ਰਾਂਤੀ ਦਾ ਵਿਸਥਾਰ, 155 ਕਲਾਸਾਂ 'ਚ 5000 ਭਾਗੀਦਾਰ ਲੈ ਰਹੇ ਸਿਖ਼ਲਾਈ

**ਜਲੰਧਰ**

ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਸੀ.ਐਮ.ਦੀ ਯੋਗਸ਼ਾਲਾ' ਪ੍ਰੋਗਰਾਮ ਨੇ ਸੂਬਾ ਵਾਸੀਆਂ ਦੀ ਸਿਹਤ ਅਤੇ ਭਲਾਈ ਨੂੰ ਨਵੀਂ ਦਿਸ਼ਾ ਪ੍ਰਦਾਨ ਕੀਤੀ ਹੈ। ਇਸ ਪ੍ਰੋਗਰਾਮ ਤਹਿਤ ਪੂਰੇ ਪੰਜਾਬ ਵਿੱਚ 3000 ਤੋਂ ਜ਼ਿਆਦਾ ਮੁਫ਼ਤ ਯੋਗ ਕਲਾਸਾਂ ਚਲਾਈਆਂ ਜਾ ਰਹੀਆਂ ਹਨ। ਇਹ ਕਲਾਸਾਂ ਸਵੇਰ ਤੋਂ ਸ਼ਾਮ ਤੱਕ ਨਿਯਮਿਤ ਰੂਪ ਵਿੱਚ ਲਗਾਈਆਂ ਜਾਂਦੀਆਂ ਹਨ ਅਤੇ ਹਜ਼ਾਰਾਂ ਲੋਕਾਂ ਦੇ ਜੀਵਨ ਵਿੱਚ ਸਕਰਾਤਮਕ ਤਬਦੀਲੀ ਲਿਆ ਰਹੀਆਂ ਹਨ।





ਪ੍ਰੋਗਰਾਮ ਦੇ ਜ਼ਿਲ੍ਹਾ ਕੋਆਰਡੀਨੇਟਰ ਜਤਿਨ ਕੁਮਾਰ ਨੇ ਦੱਸਿਆ ਕਿ ਜਲੰਧਰ ਵਿੱਚ ਰੋਜ਼ਾਨਾ 155 ਤੋਂ ਜ਼ਿਆਦਾ ਯੋਗ ਕਲਾਸਾਂ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ 5000 ਤੋਂ ਜ਼ਿਆਦਾ ਭਾਗੀਦਾਰ ਹਿੱਸਾ ਲੈ ਕੇ ਮਾਨਸਿਕ ਅਤੇ ਸਰੀਰਕ ਤੰਦਰੁਸਤੀ ਦਾ ਲਾਭ ਪ੍ਰਾਪਤ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਜਲੰਧਰ ਵਿਖੇ ਇਹ ਪ੍ਰੋਗਰਾਮ ਦੂਜੇ ਪੜਾਅ ਵਿੱਚ ਸ਼ੁਰੂ ਕੀਤਾ ਗਿਆ ਸੀ ਅਤੇ ਇਸ ਮਹੀਨੇ 20 ਜੂਨ ਨੂੰ ਇਸਦੇ ਵੀ 2 ਸਾਲ ਮੁਕੰਮਲ ਹੋ ਜਾਣਗੇ।

ਕਰੀਅਰ ਦੇ ਨਵੇਂ ਰਾਹ : 'ਡਿਪਲੋਮਾ ਇਨ ਮੈਡੀਟੇਸ਼ਨ ਐਂਡ ਯੋਗ ਸਾਇੰਸ'

ਪੰਜਾਬ ਸਰਕਾਰ ਵੱਲੋਂ ਕੇਵਲ ਯੋਗ ਕਲਾਸਾਂ ਹੀ ਨਹੀਂ ਚਲਾਈਆਂ ਜਾ ਰਹੀਆਂ ਬਲਕਿ ਨੌਜਵਾਨਾਂ ਨੂੰ ਯੋਗ ਦੇ ਖੇਤਰ ਵਿੱਚ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਵੀ ਵਚਨਬੱਧ ਹੈ। ਇਸੇ ਦਿਸ਼ਾ ਵਿੱਚ ਕਦਮ ਪੁੱਟਦਿਆਂ ਸੂਬੇ ਭਰ ਵਿੱਚ ਸੈਟੇਲਾਈਟ ਸੈਂਟਰਾਂ ਰਾਹੀਂ 'ਡਿਪਲੋਮਾ ਇਨ ਮੈਡੀਟੇਸ਼ਨ ਐਂਡ ਯੋਗ ਸਾਇੰਸ' ਨਾਮ ਨਾਲ ਇਕ ਸਾਲਾ ਕੋਰਸ ਸ਼ੁਰੂ ਕੀਤਾ ਗਿਆ ਹੈ।

ਇਹ ਡਿਪਲੋਮਾ ਨਵੀਂ ਸਿੱਖਿਆ ਨੀਤੀ ਮੁਤਾਬਕ ਟ ?ਰਾਈਮੈਸਟਰ 'ਤੇ ਅਧਾਰਿਤ ਹੈ, ਜਿਸ ਵਿੱਚ ਤਿੰਨ ਪੜ੍ਹਾਵਾਂ ਵਿੱਚ ਪੜ੍ਹਾਈ ਕਰਵਾਈ ਜਾਂਦੀ ਹੈ। ਡਿਪਲੋਮਾ ਦਾ ਪਹਿਲਾ ਟ ?ਰਾਈਮੈਸਟਰ ਸਫ਼ਲਤਾ ਪੂਰਵਕ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਫੀਲਡ ਵਿੱਚ ਕਲਾਸਾਂ ਲਗਾਉਣ ਦਾ ਮੌਕਾ ਦਿੱਤਾ ਜਾਂਦਾ ਹੈ, ਜਿਸ ਨਾਲ ਉਹ ਵਿਵਹਾਰਿਕ ਅਨੁਭਵ ਪ੍ਰਾਪਤ ਕਰ ਸਕਣ। ਇਸ ਦੌਰਾਨ ਸਰਕਾਰ ਵੱਲੋਂ ਉਨ੍ਹਾਂ ਨੂੰ 8000 ਰੁਪਏ ਪ੍ਰਤੀ ਮਹੀਨਾ ਮਾਨਭੇਟਾ ਵੀ ਦਿੱਤਾ ਜਾਂਦਾ ਹੈ।

ਜਲੰਧਰ ਜ਼ਿਲ੍ਹੇ ਵਿਚ ਇਹ ਡਿਪਲੋਮਾ ਕੋਰਸ ਮਲਟੀ ਸਕਿੱਲ ਡਿਵੈਲਪਮੈਂਟ ਸੈਂਟਰ, ਲੈਦਰ ਕੰਪਲੈਕਸ ਵਿੱਚ ਸਫ਼ਲਤਾ ਪੂਰਵਕ ਚਲਾਇਆ ਜਾ ਰਿਹਾ ਹੈ। ਇਸ ਦੇ ਪਹਿਲੇ ਬੈਚ ਦੇ ਵਿਦਿਆਰਥੀਆਂ ਨੇ ਆਪਣਾ ਪਹਿਲਾ ਟ ?ਰਾਈਮੈਸਟਰ ਮੁਕੰਮਲ ਕਰ ਲਿਆ ਹੈ ਅਤੇ ਮੌਜੂਦਾ ਸਮੇਂ ਉਹ ਫੀਲਡ ਵਿੱਚ ਕਲਾਸਾਂ ਵੀ ਲੈ ਰਹੇ ਹਨ।

ਉਨ੍ਹਾਂ ਦੱਸਿਆ ਕਿ ਜਲੰਧਰ ਵਿੱਚ ਇਸ ਯੋਗ ਕ੍ਰਾਂਤੀ ਨੂੰ ਸਫ਼ਲ ਬਣਾਉਣ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦਾ ਸ਼ਲਾਘਾਯੋਗ ਯੋਗਦਾਨ ਹੈ। ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ, ਵਧੀਕ ਡਿਪਟੀ ਕਮਿਸ਼ਨਰ ਜਸਬੀਰ ਸਿੰਘ ਅਤੇ ਉਨ੍ਹਾਂ ਦੀ ਪੂਰੀ ਟੀਮ ਇਸ ਲੋਕ ਭਲਾਈ ਯੋਜਨਾ ਨੂੰ ਪੂਰੀ ਦ੍ਰਿੜਤਾ ਨਾਲ ਅੱਗੇ ਵਧਾ ਰਹੀ ਹੈ। ਉਨ੍ਹਾਂ ਦੇ ਅਣਥੱਕ ਯਤਨਾਂ ਨਾਲ ਜਿਥੇ ਇਹ ਯੋਜਨਾ ਸਫ਼ਲ ਰਹੀ ਹੈ ਉਥੇ ਲੋਕਾਂ ਦੇ ਜੀਵਨ ਵਿੱਚ ਸਥਾਈ ਪਰਿਵਰਤਨ ਲਿਆਉਣ ਵਿੱਚ ਵੀ ਸਮਰੱਥ ਰਹੀ ਹੈ।

ਜ਼ਿਲ੍ਹਾ ਕੋਆਰਡੀਨੇਟਰ ਨੇ ਅੱਗੇ ਦੱਸਿਆ ਕਿ ਜ਼ਿਲ੍ਹਾ ਵਾਸੀ ਇਸ ਸਬੰਧੀ ਵਧੇਰੇ ਜਾਣਕਾਰੀ ਲਈ ਪੰਜਾਬ ਸਰਕਾਰ ਵੱਲੋਂ ਜਾਰੀ ਨੰਬਰ 7669 400 500 ?'ਤੇ ਮਿਸ ਕਾਲ ਦੇ ਕੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ। ਇਸ ਤੋਂ ਇਲਾਵਾ ਵੈਬਸਾਈਟ https://cmdiyogshala.punjab.gov.in ਤੋਂ ਵੀ ਜਾਣਕਾਰੀ ਹਾਸਲ ਕੀਤੀ ਜਾ ਸਕਦੀ ਹੈ।

## ਆਈ.ਟੀ.ਆਈ.ਲੋਹੀਆਂ ਖਾਸ ਵਿਖੇ ਆਰਜ਼ੀ ਤੌਰ 'ਤੇ ਗੈਸਟ ਫੈਕਲਟੀ ਇੰਸਟਰਕਟਰ ਦੀ ਭਰਤੀ ਲਈ ਅਰਜ਼ੀਆਂ ਦੀ ਮੰਗ

**ਜਲੰਧਰ**

ਇੰਸਟੀਚਿਊਟ ਮੈਨੇਜਮੈਂਟ ਕਮੇਟੀ ਸਰਕਾਰੀ ਉਦਯੋਗਿਕ ਸਿਖ਼ਲਾਈ ਸੰਸਥਾ ਲੋਹੀਆਂ ਖਾਸ ਵਲੋਂ ਸੈਸ਼ਨ 2024-25 ਲਈ ਆਰਜ਼ੀ ਤੌਰ 'ਤੇ ਟਰੇਡ ਪਲੰਬਰ ਅਤੇ ਮਕੈਨਿਕ ਇਲੈਕਟ੍ਰਿਕ ਵੀਹਕਲ ਦੀ ਇਕ-ਇਕ ਅਸਾਮੀ 'ਤੇ ਗੈਸਟ ਫੈਕਲਟੀ ਇੰਸਟ ?ਰਕਟਰ ਦੀ ਭਰਤੀ ਲਈ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ।

ਇਸ ਸਬੰਧੀ ਸਰਕਾਰੀ ਆਈ.ਟੀ.ਆਈ ਲੋਹੀਆਂ ਖਾਸ ਦੇ ਪ੍ਰਿੰਸੀਪਲ ਜਸਮਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਮੀਦਵਾਰਾਂ ਨੂੰ ਉੱਕਾ-ਪੁੱਕਾ 15000 ਰੁਪਏ ਪ੍ਰਤੀ ਮਹੀਨਾ ਮਾਣ ਭੇਟਾ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਯੋਗਤਾ ਅਤੇ ਤਜਰਬੇ ਲਈ ਵੈਬਸਾਈਟ https:/dgt.gov.in/cts_details 'ਤੇ ਦੇਖੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਉਮੀਦਵਾਰ ਆਪਣੇ ਬਿਨੈਪੱਤਰ ਆਈ.ਟੀ.ਆਈ. ਲੋਹੀਆਂ ਖਾਸ ਵਿਖੇ 15 ਜੂਨ 2025 ਤੱਕ ਡਾਕ/ਦਸਤੀ ਜਾਂ ਈ-ਮੇਲ itilohian@gmail.com ਰਾਹੀਂ ਜਮ ?ਹਾ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਸੀ.ਆਈ.ਟੀ.ਐਸ. ਯੋਗਤਾ ਰੱਖਣ ਵਾਲਿਆਂ ਨੂੰ ਪਹਿਲ ਦਿੱਤੀ ਜਾਵੇਗੀ। ਉਨ੍ਹਾਂ ਅੱਗੇ ਦੱਸਿਆ ਕਿ ਇਸ ਸਬੰਧੀ ਇੰਟਰਵਿਊ 20 ਜੂਨ 2025 ਨੂੰ ਸਵੇਰੇ 11 ਵਜੇ ਸਰਕਾਰੀ ਆਈ.ਟੀ.ਆਈ.ਲੋਹੀਆਂ ਖਾਸ ਵਿਖੇ ਹੋਵੇਗੀ। ਉਮੀਦਵਾਰ ਆਪਣੀ ਵਿਦਿਅਕ ਯੋਗਤਾ ਅਤੇ ਤਜਰਬੇ ਦੇ ਅਸਲ ਸਰਟੀਫਿਕੇਟ ਸਮੇਤ ਤਸਦੀਕਸ਼ੁਦਾ ਕਾਪੀਆ ਨਾਲ ਲੈ ਕੇ ਆਉਣ। ਇਸ ਸਬੰਧੀ ਵਧੇਰੇ ਜਾਣਕਾਰੀ ਲਈ 94174-10589 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਚੋਣ ਕਮਿਸ਼ਨ ਵੋਟਿੰਗ ਪ੍ਰਤੀਸ਼ਤਤਾ ਰਿਪੋਰਟ ਸਾਂਝੀ ਕਰਨ ਦੀ ਪ੍ਰਕਿਰਿਆ ਨੂੰ ਕਰੇਗਾ ਅਪਗ੍ਰੇਡ - ਸਿਬਿਨ ਸੀ

**ਚੰਡੀਗੜ੍ਹ**

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਹੈ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਹੁਣ ਵੋਟਿੰਗ ਪ੍ਰਤੀਸ਼ਤਤਾ ਦੇ ਅਨੁਮਾਨਿਤ ਰੁਝਾਨਾਂ ਬਾਰੇ ਸਮੇਂ ਸਿਰ ਅਪਡੇਟ ਪ੍ਰਦਾਨ ਕਰਨ ਲਈ ਇੱਕ ਸੁਚਾਰੂ, ਤਕਨਾਲੋਜੀ-ਅਧਾਰਤ ਪ੍ਰਣਾਲੀ ਸ਼ੁਰੂ ਕੀਤੀ ਜਾ ਰਹੀ ਹੈ। ਇਹ ਨਵੀਂ ਪ੍ਰਕਿਰਿਆ ਪਹਿਲਾਂ ਦੇ ਮੈਨੂਅਲ ਰਿਪੋਰਟਿੰਗ ਤਰੀਕਿਆਂ ਨਾਲ ਜੁੜੇ ਸਮੇਂ ਦੇ ਅੰਤਰ ਨੂੰ ਕਾਫ਼ੀ ਹੱਦ ਤੱਕ ਘੱਟ ਕਰੇਗੀ। ਇਹ ਪਹਿਲਕਦਮੀ ਕਮਿਸ਼ਨ ਦੀ ਸਮੇਂ ਸਿਰ ਲੋਕ ਸੰਪਰਕ ਦੀ ਵਚਨਬੱਧਤਾ ਨਾਲ ਮੇਲ ਖਾਂਦੀ ਹੈ, ਜਿਸ 'ਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵੱਲੋਂ ਕਈ ਵਾਰੀ ਜ਼ੋਰ ਦਿੱਤਾ ਗਿਆ ਹੈ।



ਚੋਣ ਨਿਯਮ 1961 ਦੇ ਨਿਯਮ 49ਐਸ ਦੇ ਕਾਨੂੰਨੀ ਢਾਂਚੇ ਅਧੀਨ, ਪ੍ਰੀਜ਼ਾਈਡਿੰਗ ਅਫਸਰ (ਪੀ.ਆਰ.ਓ.) ਵੱਲੋਂ ਪੋਲਿੰਗ ਏਜੰਟਾਂ ਨੂੰ ਫਾਰਮ 17ਸੀ ਜਾਰੀ ਕਰਨਾ ਲਾਜ਼ਮੀ ਹੁੰਦਾ ਹੈ, ਜਿਸ ਵਿੱਚ ਕਿੰਨੇ ਵੋਟ ਪਏ, ਇਸ ਦੀ ਜਾਣਕਾਰੀ ਹੁੰਦੀ ਹੈ। ਇਹ ਏਜੰਟ ਉਮੀਦਵਾਰਾਂ ਵੱਲੋਂ ਨਾਮਜ਼ਦ ਕੀਤੇ ਜਾਂਦੇ ਹਨ ਅਤੇ ਪੋਲਿੰਗ ਸਟੇਸ਼ਨ 'ਤੇ ਮੌਜੂਦ ਹੁੰਦੇ ਹਨ। ਹਾਲਾਂਕਿ ਇਹ ਕਾਨੂੰਨੀ ਲੋੜ ਅਜੇ ਵੀ ਬਦਲੀ ਨਹੀਂ ਹੈ ਪਰ ਵੋਟਰ ਟਰਨਆਊਟ ਐਪ ਨੂੰ ਅੱਪਡੇਟ ਕਰਨ ਦੀ ਪ੍ਰਕਿਰਿਆ, ਜੋ ਕਿ ਲੋਕਾਂ ਨੂੰ ਅਨੁਮਾਨਿਤ ਵੋਟਰ ਮਤਦਾਨ ਪ੍ਰਤੀਸ਼ਤ ਦੇ ਰੁਝਾਨਾਂ ਬਾਰੇ ਸੂਚਿਤ ਕਰਨ ਲਈ ਇੱਕ ਸੁਵਿਧਾਜਨਕ ਵਿਧੀ ਵਜੋਂ ਵਿਕਸਤ ਹੋਈ ਸੀ, ਨੂੰ ਹੁਣ ਹੋਰ ਤੇਜ਼ ਅਤੇ ਸੁਚੱਜਾ ਬਣਾਇਆ ਜਾ ਰਿਹਾ ਹੈ। ਇਸ ਨਵੀਂ ਪਹਿਲਕਦਮੀ ਦੇ ਤਹਿਤ, ਹਰੇਕ ਪੋਲਿੰਗ ਸਟੇਸ਼ਨ ਦੇ ਪ੍ਰੀਜ਼ਾਈਡਿੰਗ ਅਫਸਰ (ਪੀ.ਆਰ.ਓ.) ਹੁਣ ਪੋਲਿੰਗ ਵਾਲੇ ਦਿਨ ਹਰ ਦੋ ਘੰਟਿਆਂ ਬਾਅਦ ਨਵੇਂ ਈਸੀਆਈ ਨੈਟ ਐਪ 'ਤੇ ਵੋਟਰ ਮਤਦਾਨ ਨੂੰ ਸਿੱਧਾ ਦਰਜ ਕਰਨਗੇ ਤਾਂ ਜੋ ਅਨੁਮਾਨਿਤ ਵੋਟਿੰਗ ਰੁਝਾਨਾਂ ਦੇ ਅੱਪਡੇਟ ਵਿੱਚ ਸਮੇਂ ਦੇ ਅੰਤਰ ਨੂੰ ਘਟਾਇਆ ਜਾ ਸਕੇ। ਇਹ ਜਾਣਕਾਰੀ ਆਪਣੇ ਆਪ ਹਲਕਾ ਪੱਧਰ 'ਤੇ ਇਕੱਠੀ ਹੋ ਜਾਵੇਗੀ। ਅਨੁਮਾਨਿਤ ਵੋਟਿੰਗ ਪ੍ਰਤੀਸ਼ਤ ਦੇ ਰੁਝਾਨ ਪਹਿਲਾਂ ਵਾਂਗ ਹਰ ਦੋ ਘੰਟਿਆਂ ਬਾਅਦ ਪ੍ਰਕਾਸ਼ਿਤ ਹੁੰਦੇ ਰਹਿਣਗੇ। ਖ਼ਾਸ ਗੱਲ ਇਹ ਹੈ ਕਿ ਵੋਟਿੰਗ ਸਮਾਪਤ ਹੋਣ ਤੋਂ ਬਾਅਦ, ਪੋਲਿੰਗ ਸਟੇਸ਼ਨ ਛੱਡਣ ਤੋਂ ਪਹਿਲਾਂ, ਪੀ.ਆਰ.ਓ. ਵਲੋਂ ਈਸੀਆਈ ਨੈਟ 'ਚ ਡਾਟਾ ਦਰਜ ਕੀਤਾ ਜਾਵੇਗਾ, ਜਿਸ ਨਾਲ ਰੁਝਾਨ ਦੀ ਅੱਪਡੇਟ ਦੇਰੀ ਤੋਂ ਬਚੇਗੀ ਅਤੇ ਪੋਲਿੰਗ ਦੇ ਅਨੁਮਾਨਿਤ ਪ੍ਰਤੀਸ਼ਤ ਸੰਖਿਆਵਾਂ ਹਲਕਾ ਪੱਧਰ 'ਤੇ ਵੋਟਰ ਟਰਨਆਊਟ ਐਪ 'ਚ ਉਪਲਬਧ ਹੋਣਗੀਆਂ, ਜੋ ਕਿ ਨੈਟਵਰਕ ਕਨੈਕਟਿਵਟੀ ਦੇ ਅਧੀਨ ਹੋਵੇਗਾ। ਜਿੱਥੇ ਮੋਬਾਈਲ ਨੈਟਵਰਕ ਉਪਲਬਧ ਨਹੀਂ ਹੋਵੇਗਾ, ਉੱਥੇ ਡਾਟਾ ਆਫਲਾਈਨ ਦਰਜ ਕਰਕੇ ਕਨੈਕਟਿਵਟੀ ਮਿਲਣ ਉਪਰੰਤ ਸਿੰਕ ਕੀਤਾ ਜਾ ਸਕੇਗਾ। ਇਹ ਅੱਪਡੇਟ ਹੋਇਆ ਵੋਟਿੰਗ ਟਰਨਆਊਟ ਐਪ ਹੁਣ ਬਿਹਾਰ ਚੋਣਾਂ ਤੋਂ ਪਹਿਲਾਂ ਈਸੀਆਈ ਨੈਟ ਦਾ ਅਟੁੱਟ ਹਿੱਸਾ ਬਣ ਜਾਵੇਗਾ। ਪਹਿਲਾਂ, ਵੋਟਰ ਟਰਨਆਉਟ ਡਾਟਾ ਸੈਕਟਰ ਅਧਿਕਾਰੀਆਂ ਵੱਲੋਂ ਹੱਥੀਂ ਇਕੱਠਾ ਕੀਤਾ ਜਾਂਦਾ ਸੀ ਅਤੇ ਰੀਟਰਨਿੰਗ ਅਫਸਰਾਂ ਤੱਕ ਫੋਨ, ਐਸ.ਐਮ.ਐਸ ਜਾਂ ਮੈਸੇਜਿੰਗ ਐਪਸ ਰਾਹੀਂ ਭੇਜਿਆ ਜਾਂਦਾ ਸੀ।

## ਚੰਡੀਗੜ੍ਹ 'ਚ 25 ਗੈਰ-ਕਾਨੂੰਨੀ ਦੁਕਾਨਾਂ 'ਤੇ ਚੱਲਿਆ ਬੁਲਡੋਜਰ, ਕਾਰੋਬਾਰੀ ਨਿਰਾਸ਼

**ਚੰਡੀਗੜ੍ਹ** - ਚੰਡੀਗੜ੍ਹ ਦੇ ਪਿੰਡ ਮਲੋਇਆ 'ਚ ਮੰਗਲਵਾਰ ਸਵੇਰੇ ਪ੍ਰਸ਼ਾਸਨ ਦੀ ਟੀਮ ਭਾਰੀ ਪੁਲਿਸ ਬਲ ਦੇ ਨਾਲ ਮੌਕੇ 'ਤੇ ਪਹੁੰਚੀ ਤੇ 25 ਗੈਰ-ਕਾਨੂੰਨੀ ਦੁਕਾਨਾਂ ਨੂੰ ਢਾਹ ਦਿੱਤਾ। ਇਸ ਦੌਰਾਨ ਉੱਥੇ ਦੁਕਾਨਦਾਰ ਵੀ ਮੌਜੂਦ ਸਨ। ਕਈ ਸਾਲਾਂ ਤੋਂ ਦੁਕਾਨਦਾਰੀ ਕਰ ਰਹੇ ਕਾਰੋਬਾਰੀਆਂ ਦਾ ਕਹਿਣਾ ਹੈ ਕਿ ਉਨ੍ਹਾਂ ਦਾ ਹੁਣ ਗੁਜ਼ਾਰਾ ਕਰਨਾ ਮੁਸ਼ਕਿਲ ਹੋ ਜਾਵੇਗਾ। ਕਾਰਵਾਈ ਦੇ ਦੌਰਾਨ ਤਹਿਸੀਲਦਾਰ, ਥਾਣਾ ਮਲੋਇਆ ਦੇ ਇੰਚਾਰਜ ਇੰਸਪੈਕਟਰ ਜਸਬੀਰ ਸਿੰਘ ਸਮੇਤ ਹੋਰ ਅਧਿਕਾਰੀ ਮੌਕੇ 'ਤੇ ਮੌਜੂਦ ਰਹੇ। ਕਾਰਵਾਈ ਤੋਂ ਪਹਿਲਾਂ ਪੂਰਾ ਮਲੋਇਆ ਪਿੰਡ ਦੀ ਬਿਜਲੀ ਕੱਟ ਦਿੱਤੀ ਗਈ। ਮੌਕੇ 'ਤੇ ਮੌਜੂਦ ਇੱਕ ਦੁਕਾਨਦਾਰ ਨੇ ਕਿਹਾ ਕਿ ਜਦੋਂ ਉਹ ਮਲੋਇਆ ਆਏ ਸਨ ਤਾਂ ਇੱਕ ਛੋਟੇ ਬੱਚੇ ਸਨ। ਉਨ੍ਹਾਂ ਨੇ ਇੱਥੇ ਇੱਕ ਛੋਟੀ ਮੀਟ ਸ਼ਾਪ ਖੋਲ੍ਹੀ ਸੀ ਤੇ ਉਸ ਦੇ ਸਹਾਰੇ ਹੀ ਪਰਿਵਾਰ ਦਾ ਗੁਜ਼ਾਰਾ ਕਰ ਰਹੇ ਸਨ, ਹੁਣ ਦੁਕਾਨ ਟੁੱਟਣ ਤੋਂ ਬਾਅਦ ਉਨ੍ਹਾਂ ਦੀ ਰੋਜ਼ੀ-ਰੋਟੀ 'ਤੇ ਸੰਕਟ ਆ ਗਿਆ ਹੈ।

**ਪਹਿਲੇ ਹੀ ਜਾਰੀ ਕਰ ਦਿੱਤਾ ਗਿਆ ਸੀ ਨੋਟਿਸ**

ਪ੍ਰਸ਼ਾਸਨ ਦੇ ਵੱਲੋਂ ਦੱਸਿਆ ਗਿਆ ਕਿ ਦੁਕਾਨਦਾਰਾਂ ਨੂੰ ਪਹਿਲੇ ਵੀ ਕਈ ਵਾਰ ਨੋਟਿਸ ਦਿੱਤੇ ਗਏ ਸਨ। ਹਾਲ ਹੀ 'ਚ ਇੱਕ ਹੋਰ ਨੋਟਿਸ 3 ਜੂਨ ਨੂੰ ਜਾਰੀ ਕੀਤਾ ਗਿਆ ਸੀ ਤਾਂ ਕਿ ਉਹ ਆਪਣੀਆਂ ਦੁਕਾਨਾਂ ਹਟਾ ਲੈਣ, ਪਰ ਤੈਅ ਸਮੇਂ 'ਤੇ ਦੁਕਾਨਾਦਾਰਾਂ ਨੇ ਆਪਣੀਆਂ ਦੁਕਾਨਾਂ ਨਹੀਂ ਚੁੱਕੀਆਂ। ਅਜਿਹੇ 'ਚ ਮੰਗਲਵਾਰ ਨੂੰ ਪ੍ਰਸ਼ਾਸਨ ਜੇਸੀਬੀ ਲੈ ਕੇ ਪਹੁੰਚਿਆ ਤੇ ਦੁਕਾਨਾਂ ਨੂੰ ਤੋੜਨ ਦੀ ਕਾਰਵਾਈ ਸ਼ੁਰੂ ਕੀਤੀ।

**ਪ੍ਰਸ਼ਾਸਨ 'ਤੇ ਭੇਦਭਾਵ ਦਾ ਆਰੋਪ**

ਕਾਰਵਾਈ ਤੋਂ ਬਾਅਦ ਦੁਕਾਨਦਾਰਾਂ ਨੂੰ ਨਿਰਾਸ਼ ਦੇਖਿਆ ਗਿਆ। ਉਨ੍ਹਾਂ ਦਾ ਕਹਿਣਾ ਹੈ ਕਿ ਸਿਰਫ਼ ਮਲੋਇਆ 'ਚ ਹੀ ਗੈਰ-ਕਾਨੂੰਨੀ ਨਿਰਮਾਣ ਹੀ ਕਿਉਂ ਨਜ਼ਰ ਆਉਂਦਾ ਹੈ।

## XUV ਤੇ ਮੋਟਰਸਾਈਕਲ ਦੀ ਜ਼ਬਰਦਸਤ ਟੱਕਰ 'ਚ 2 ਨੌਜਵਾਨਾਂ ਦੀ ਮੌਤ, ਖੰਗੂੜਾ ਕੱਟ 'ਤੇ ਹੋਇਆ ਭਿਆਨਕ ਹਾਦਸਾ

**ਫਗਵਾੜਾ** : ਫਗਵਾੜਾ-ਚੰਡੀਗੜ੍ਹ ਬਾਈਪਾਸ 'ਤੇ ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਦੀ ਮੌਤ ਹੋ ਗਈ। ਜਾਣਕਾਰੀ ਮਿਲਦੇ ਸਾਰ ਹੀ ਥਾਣਾ ਸਦਰ ਪੁਲਿਸ ਵਲੋਂ ਮੌਕੇ 'ਤੇ ਪਹੁੰਚ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ। ਮੌਕੇ 'ਤੇ ਪਹੁੰਚੇ ਏਐੱਸਆਈ ਬਿੰਦਰਪਾਲ ਨੇ ਦੱਸਿਆ ਕਿ ਚੰਡੀਗੜ੍ਹ ਬਾਈਪਾਸ ਖੰਗੂੜਾ ਕੱਟ 'ਤੇ ਐਕਸਯੂਵੀ ਗੱਡੀ ਅਤੇ ਮੋਟਰਸਾਈਕਲ ਦੀ ਜ਼ਬਰਦਸਤ ਟੱਕਰ ਹੋ ਗਈ ਜਿਸ ਕਾਰਨ ਉਨ੍ਹਾਂ ਵਲੋਂ ਸਮੇਤ ਪੁਲਿਸ ਪਾਰਟੀ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਦੱਸਿਆ ਕਿ ਸਿਵਲ ਹਸਪਤਾਲ ਤੋਂ ਮਿਲੀ ਸੂਚਨਾ ਅਨੁਸਾਰ



ਮੋਟਰਸਾਈਕਲ ਸਵਾਰ ਦੋਵੇਂ ਨੌਜਵਾਨਾਂ ਦੀ ਮੌਤ ਹੋ ਗਈ ਜਿਨ੍ਹਾਂ ਵਿਚੋਂ ਇਕ ਨੌਜਵਾਨ ਦੀ ਪਛਾਣ ਬਲਜਿੰਦਰ ਸਿੰਘ ਪੁੱਤਰ ਸੁੱਚਾ ਸਿੰਘ ਵਾਸੀ ਮਹਿਤਪੁਰ ਬਲਾਚੌਰ ਵਜੋਂ ਹੋਈ ਤੇ ਦੂਸਰੇ ਦੀ ਪਛਾਣ ਮੌਕੇ 'ਤੇ ਨਹੀਂ ਹੋ ਸਕੀ। ਉਨ੍ਹਾਂ ਦੱਸਿਆ ਕਿ ਗੱਡੀ ਚਾਲਕ ਦੀ ਪਛਾਣ ਸਤਨਾਮ ਸਿੰਘ ਪੁੱਤਰ ਲਛਮਣ ਸਿੰਘ ਵਾਸੀ ਰਾਏਪੁਰ ਫਰਾਲਾ ਵਜੋਂ ਹੋਈ ਪੁਲਿਸ ਵਲੋਂ ਗੱਡੀ ਅਤੇ ਮੋਟਰਸਾਈਕਲ ਕਬਜੇ ਚ ਲੈ ਕੇ ਅਗਲੀ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ।

## ਆਸਟਰੇਲੀਆਈ ਪੁਲਿਸ ਨੇ ਇੱਕ ਪੰਜਾਬੀ ਨੂੰ ਕੁੱਟਿਆ,ਡਿੱਗਣ ਕਾਰਨ ਸਿਰ ਵਿੱਚ ਲੱਗੀ ਸੱਟ

**ਆਸਟਰੇਲੀਆ:** ਆਸਟ ?ਰੇਲੀਆ ਦੇ ਐਡੀਲੇਡ ਸ਼ਹਿਰ ਵਿੱਚ ਕਥਿਤ ਪੁਲਿਸ ਬੇਰਹਿਮੀ ਦਾ ਸ਼ਿਕਾਰ ਹੋਏ 42 ਸਾਲਾ ਪੰਜਾਬ ਦੇ ਗੌਰਵ ਕੁੰਡੀ ਜ਼ਿੰਦਗੀ ਅਤੇ ਮੌਤ ਵਿਚਕਾਰ ਲੜਾਈ ਲੜ ਰਹੇ ਹਨ। ਗੌਰਵ ਇਸ ਸਮੇਂ ਰਾਇਲ ਐਡੀਲੇਡ ਹਸਪਤਾਲ ਵਿੱਚ ਲਾਈਫ ਸਪੋਰਟ ਸਿਸਟਮ 'ਤੇ ਹੈ ਅਤੇ ਡਾਕਟਰਾਂ ਦੇ ਅਨੁਸਾਰ, ਉਸਦੇ ਦਿਮਾਗ ਅਤੇ ਗਰਦਨ ਦੀਆਂ ਨਸਾਂ ਵਿੱਚ ਗੰਭੀਰ ਸੱਟਾਂ ਲੱਗੀਆਂ ਹਨ। ਗੌਰਵ ਦੀ ਪਤਨੀ ਅੰਮ੍ਰਿਤਪਾਲ ਕੌਰ ਦੇ ਅਨੁਸਾਰ, ਇਹ ਘਟਨਾ ਐਡੀਲੇਡ ਦੇ ਪੂਰਬੀ ਉਪਨਗਰਾਂ ਵਿੱਚ ਪੇਨੇਹੈਮ ਰੋਡ 'ਤੇ ਵਾਪਰੀ ਜਦੋਂ ਪੁਲਿਸ ਨੇ ਉਨ੍ਹਾਂ ਨੂੰ ਸੜਕ 'ਤੇ ਰੋਕਿਆ। ਅੰਮ੍ਰਿਤਪਾਲ ਨੇ ਦੱਸਿਆ ਕਿ ਪੁਲਿਸ ਨੇ ਗੌਰਵ ਨੂੰ ਜ਼ਮੀਨ 'ਤੇ ਸੁੱਟ ਦਿੱਤਾ ਅਤੇ ਉਸਦਾ ਸਿਰ ਕਾਰ 'ਤੇ ਅਤੇ ਫਿਰ ਸੜਕ 'ਤੇ ਮਾਰਿਆ। ਉਸਨੇ ਪਹਿਲਾਂ ਘਟਨਾ ਦੀ ਵੀਡੀਓ ਬਣਾਉਣੀ ਸ਼ੁਰੂ ਕੀਤੀ, ਪਰ ਜਦੋਂ ਇੱਕ ਅਧਿਕਾਰੀ ਗੌਰਵ ਦੀ ਛਾਤੀ 'ਤੇ ਗੋਡੇ ਟੇਕਣ ਲੱਗਾ ਤਾਂ ਉਹ ਡਰ ਗਈ। ਗੌਰਵ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਕਿਹਾ ਕਿ ਉਸਦਾ ਦਿਮਾਗ ਪੂਰੀ ਤਰ੍ਹਾਂ ਖਰਾਬ ਹੋ ਗਿਆ ਹੈ। ਡਾਕਟਰਾਂ ਨੇ ਕਿਹਾ ਕਿ "ਜੇ ਉਸਦਾ ਦਿਮਾਗ ਕੰਮ ਕਰਦਾ ਹੈ ਤਾਂ ਸ਼ਾਇਦ ਉਸਨੂੰ ਹੋਸ਼ ਆ ਜਾਵੇਗਾ, ਨਹੀਂ ਤਾਂ ਨਹੀਂ। ਗੌਰਵ ਕੁੰਡੀ ਦੋ ਬੱਚਿਆਂ ਦਾ ਪਿਤਾ ਹੈ। ਪੁਲਿਸ ਨੇ ਸੋਚਿਆ ਕਿ ਗੌਰਵ ਆਪਣੀ ਪਤਨੀ ਪ੍ਰਤੀ ਹਿੰਸਕ ਸੀ ਅੰਮ੍ਰਿਤਪਾਲ ਨੇ ਸਵੀਕਾਰ ਕੀਤਾ ਕਿ ਗੌਰਵ ਉਸ ਸਮੇਂ ਸ਼ਰਾਬੀ ਹਾਲਤ ਵਿੱਚ ਸੀ, ਪਰ ਉਸਦਾ ਦਾਅਵਾ ਹੈ ਕਿ ਘਰੇਲੂ ਹਿੰਸਾ ਵਰਗੀ ਕੋਈ ਚੀਜ਼ ਨਹੀਂ ਸੀ।

## ਪਿੰਡ ਭਾਈ ਬਖ਼ਤੌਰ 'ਚ 'ਪਿੰਡ ਵਿਕਾਊ ਹੈ' ਦੇ ਪੋਸਟਰ ਲਾਉਣ ਵਾਲੇ ਨੌਜਵਾਨ ਨੇ ਪੁਲਿਸ 'ਤੇ ਲਾਏ ਸੀ ਧਮਕਾਉਣ ਦੇ ਆਰੋਪ ,SHO ਨੂੰ ਕੀਤਾ ਲਾਈਨ ਹਾਜ਼ਰ

**ਬਠਿੰਡਾ** - ਜ਼ਿਲ੍ਹਾ ਬਠਿੰਡਾ ਦੇ ਪਿੰਡ ਭਾਈ ਬਖਤੌਰ ਵਿਖੇ ਨੌਜਵਾਨ ਲਖਬੀਰ ਸਿੰਘ ਨੂੰ ਧਮਕਾਉਣ ਦੇ ਮਾਮਲੇ ਵਿੱਚ ਥਾਣਾ ਕੋਟ ਫੱਤਾ ਦੇ SHO ਨੂੰ ਲਾਈਨ ਹਾਜ਼ਰ ਕੀਤਾ ਗਿਆ ਹੈ। ਲਖਬੀਰ ਸਿੰਘ ਨੇ ਬੀਤੀ ਰਾਤ ਸੋਸ਼ਲ ਮੀਡੀਆ 'ਤੇ ਲਾਈਵ ਹੋ ਕੇ SHO ਮਨੀਸ਼ ਕੁਮਾਰ 'ਤੇ ਧਮਕਾਉਣ ਦੇ ਆਰੋਪ ਲਾਏ ਸੀ। ਲਖਬੀਰ ਸਿੰਘ ਨੇ ਆਪਣੀ ਚਾਰ ਮਹੀਨੇ ਦੀ ਧੀ ਨੂੰ ਗੋਦ ਵਿੱਚ ਲੈ ਕੇ ਭਾਵਕ ਹੁੰਦਿਆਂ ਬਠਿੰਡਾ ਪੁਲਿਸ 'ਤੇ ਗੰਭੀਰ ਦੋਸ਼ ਲਾਏ ਹਨ ,ਜਿਸ ਤੋਂ ਬਾਅਦ SSP ਬਠਿੰਡਾ ਅਮਨੀਤ ਕੋਂਡਲ ਨੇ SHO ਖਿਲਾਫ਼ ਵੱਡੀ ਕਾਰਵਾਈ ਕਰਦਿਆਂ ਲਾਈਨ ਹਾਜ਼ਰ ਕਰ ਦਿੱਤਾ ਹੈ। ਇੱਥੇ ਦੱਸਣਾ ਬਣਦਾ ਹੈ ਕਿ ਇਹ ਨੌਬਤ 'ਚਿੱਟੇ' ਦੀ ਤਸਕਰੀ ਦੇ ਖ਼ੌਫ਼ ਕਾਰਨ ਪੈਦਾ ਹੋਈ ਹੈ। ਜਾਣਕਾਰੀ ਮੁਤਾਬਕ ਬੀਤੇ ਦਿਨੀਂ ਮਾਰੂ ਹਥਿਆਰਾਂ ਨਾਲ ਲੈਸ ਤਿੰਨ ਨੌਜਵਾਨਾਂ ਨੇ ਨਸ਼ਾ ਤਸਕਰੀ ਖ਼ਿਲਾਫ਼ ਹਿੱਕ ਡਾਹੁਣ ਵਾਲੇ, ਪਿੰਡ ਦੀ ਨਸ਼ਾ ਰੋਕੂ ਕਮੇਟੀ ਦੇ ਸਰਗਰਮ ਮੈਂਬਰ ਅਤੇ ਸਾਬਕਾ ਫ਼ੌਜੀ ਰਣਵੀਰ ਸਿੰਘ ਨੂੰ ਘੇਰ ਕੇ ਉਸ ਦੀਆਂ ਲੱਤਾਂ ਤੋੜ ਦਿੱਤੀਆਂ। ਉਹ ਇਸ ਸਮੇਂ ਬਠਿੰਡਾ ਦੇ ਹਸਪਤਾਲ 'ਚ ਜ਼ੇਰੇ ਇਲਾਜ ਹੈ। ਜਿਸ ਤੋਂ ਬਾਅਦ ਲਖਬੀਰ ਸਿੰਘ ਨੇ ਸੋਸ਼ਲ ਮੀਡੀਆ 'ਤੇ ਜਿੱਥੇ ਇਸ ਮੁੱਦੇ ਨੂੰ ਚੁੱਕਿਆ ਸੀ ,ਉੱਥੇ ਹੀ ਇਸ ਮੁੱਦੇ 'ਤੇ ਕਾਰਵਾਈ ਨਾ ਹੁੰਦਿਆਂ ਦੇਖ ਪਿੰਡ ਵਿੱਚ ਪਿੰਡ ਵਿਕਾਊ ਹੋਣ ਦਾ ਪੋਸਟਰ ਵੀ ਲਗਾਇਆ ਸੀ। ਜਿਸ ਤੋਂ ਬਾਅਦ ਬੀਤੀ ਸ਼ਾਮ ਨੂੰ ਲਖਬੀਰ ਸਿੰਘ ਨੇ ਆਪਣੇ ਸੋਸ਼ਲ ਮੀਡੀਆ 'ਤੇ ਇੱਕ ਭਾਵਕ ਵੀਡੀਓ ਪਾ ਕੇ ਥਾਣਾ ਕੋਟ ਫੱਤਾ ਮੁਖੀ 'ਤੇ ਗੰਭੀਰ ਦੋਸ਼ ਲਗਾਏ ਹਨ। ਪੁਲੀਸ ਨੇ ਇਸ ਮਾਮਲੇ ਵਿੱਚ ਤਿੰਨਾਂ ਹਮਲਾਵਰਾਂ 'ਚੋਂ ਦੋ ਨੂੰ ਵਾਰਦਾਤ 'ਚ ਵਰਤੇ ਹਥਿਆਰਾਂ ਅਤੇ ਕਾਰ ਸਮੇਤ ਕਾਬੂ ਕੀਤਾ ਹੈ। ਦੱਸ ਦੇਈਏ ਕਿ ਬੀਤੇ ਦਿਨੀਂ ਪਿੰਡ ਦੇ ਨੌਜਵਾਨ ਲਖਵੀਰ ਸਿੰਘ ਸਿੱਧੂ (ਲੱਖੀ) ਨੇ ਸੋਸ਼ਲ ਮੀਡੀਆ 'ਤੇ ਪੋਸਟ ਸਾਂਝੀ ਕੀਤੀ ਸੀ। ਜਿਸ ਵਿੱਚ ਪਿੰਡ ਦੀ ਕੰਧ 'ਤੇ ਲੱਗੇ ਹੱਥ ਲਿਖਤ ਪੋਸਟਰ 'ਤੇ ਲਿਖਿਆ 'ਸਾਡਾ ਪਿੰਡ ਵਿਕਾਊ ਹੈ'। ਲੱਖੀ ਸਿੱਧੂ ਦਾ ਕਹਿਣਾ ਹੈ ਕਿ ਪਿੰਡ 'ਚ ਬਿਨਾਂ ਰੋਕ-ਟੋਕ ਦੇ ਪਨਪ ਰਹੇ ਨਸ਼ੇ ਦੇ ਵਪਾਰ ਕਾਰਨ ਪਿੰਡ ਵਸਦੇ ਹਰ ਵਰਗ ਦੇ ਬਾਸ਼ਿੰਦੇ ਨੂੰ ਖ਼ਤਰਾ ਹੈ। ਉਸ ਨੇ ਕਿਹਾ ਕਿ ਇੱਥੋਂ ਦੇ ਹਾਲਾਤ ਉੱਤਰ ਪ੍ਰਦੇਸ਼ ਤੇ ਬਿਹਾਰ ਨਾਲੋਂ ਬਦਤਰ ਹੋ ਚੁੱਕੇ ਹਨ। ਉਸ ਨੇ ਕਿਹਾ ਕਿ ਪਿੰਡ 'ਚ ਦੋ-ਤਿੰਨ ਨਸ਼ਾ ਤਸਕਰ ਸ਼ਰੇਆਮ ਆਪਣਾ ਕਾਰੋਬਾਰ ਚਲਾਉਂਦੇ ਰਹੇ ਪਰ ਪੁਲੀਸ ਖ਼ਾਮੋਸ਼ ਹੈ।

## ਸ੍ਰੀ ਅਕਾਲ ਤਖ਼ਤ ਸਾਹਿਬ ਦਾ ਜਥੇ: ਸਰਬ ਪ੍ਰਵਾਨਤ ਹੋਵੇ: ਸਮੂੰਹ ਨਿਹੰਗ ਸਿੰਘ ਜਥੇਬੰਦੀਆਂ

### 6 ਜੂਨ ਨੂੰ ਟਕਰਾਅ ਵਾਲੀ ਸਥਿਤੀ ਨਹੀਂ ਬਨਣੀ ਚਾਹੀਦੀ

**ਅੰਮ੍ਰਿਤਸਰ**

ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀਆਂ ਨੇ ਆਪਸੀ ਵਿਚਾਰ ਵਟਾਂਦਰੇ ਉਪਰੰਤ ਫੈਸਲਾ ਲਿਆ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਜੋ ਜਥੇਦਾਰ ਸਮੁੱਚੀ ਕੌਮ ਨੂੰ ਪ੍ਰਵਾਨ ਨਹੀਂ ਉਸ ਵੱਲੋਂ ਅਕਾਲ ਤਖ਼ਤ ਸਾਹਿਬ ਤੋਂ ਘੱਲੂਘਾਰੇ ਸਮੇਂ ਕੌਮ ਦੇ ਨਾਮ ਸੰਦੇਸ਼ ਦੇਣਾ ਕਿਸੇ ਤਰ੍ਹਾਂ ਵੀ ਉਚਿਤ ਨਹੀਂ ਹੈ। ਨਿਹੰਗ ਸਿੰਘ ਜਥੇਬੰਦੀਆਂ ਇਸ ਦਾ ਡਟਵਾਂ ਵਿਰੋਧ ਕਰਨਗੀਆਂ। ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ, ਦਲਪੰਥ ਬਾਬਾ ਬਿਧੀ ਚੰਦ ਸਾਹਿਬ ਸੁਰਸਿੰਘ ਦੇ ਮੁਖੀ ਬਾਬਾ ਅਵਤਾਰ ਸਿੰਘ, ਮਿਸਲ ਸ਼ਹੀਦ ਬਾਬਾ ਦੀਪ ਸਿੰਘ ਤਰਨਾ ਦਲ ਬਾਬਾ ਬਕਾਲਾ ਦੇ ਮੁਖੀ ਬਾਬਾ ਜੋਗਾ ਸਿੰਘ, ਬਾਬਾ ਨਾਗਰ ਸਿੰਘ ਹਰੀਆਂ ਵੇਲਾਂ, ਬਾਬਾ ਮੇਜਰ ਸਿੰਘ ਸੋਢੀ ਮੁਖੀ ਦਸ਼ਮੇਸ਼ ਤਰਨਾ ਦਲ ਨੇ ਸਾਂਝੇ ਤੌਰ ਤੇ ਕਿਹਾ ਮਰਯਾਦਾ ਦੀ ਬਹਾਲੀ ਲਈ ਸਾਰੀਆਂ ਸੰਪਰਦਾਵਾਂ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਪੰਥਕ ਜਥੇਬੰਦੀਆਂ ਮੁਕੰਮਲ ਰੂਪ ਵਿੱਚ ਸਾਰੇ ਇੱਕਜੁੱਟ







ਹਨ। ਕੁਲਦੀਪ ਸਿੰਘ ਗੜਗੱਜ ਪੰਥਕ ਮਰਯਾਦਾ ਅਨੁਸਾਰ ਜਥੇਦਾਰ ਨਹੀਂ ਬਣਿਆ। ਉਸ ਨੂੰ ਕੌਮੀ ਮਾਮਲਿਆਂ ਵਿੱਚ ਸਿੱਧਾ ਦਖ਼ਲ ਦੇਣ ਦਾ ਕੋਈ ਅਧਿਕਾਰ ਨਹੀਂ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੇ ਨਿਹੰਗ ਸਿੰਘ ਮੁਖੀਆਂ ਨਾਲ ਮੀਟਿੰਗ ਕਰਕੇ ਜਥੇਦਾਰ ਸਾਹਿਬਾਨ ਸਬੰਧੀ ਜਲਦ ਸਰਬ ਪ੍ਰਵਪਤ ਬਚਨ ਦਿਤਾ ਸੀ, ਪਰ ਏਨ੍ਹਾਂ ਸਮਾਂ ਬੀਤਣ ਦੇ ਬਾਅਦ ਵੀ ਕੋਈ ਫੈਸਲਾ ਨਹੀਂ ਲਿਆ ਗਿਆ। ਉਨ੍ਹਾਂ ਕਿਹਾ ਸ਼ੋਮਣੀ ਕਮੇਟੀ ਨੂੰ ਚਲਾਉਣ ਵਾਲੇ ਸੰਗਤਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਨ। ਸੰਗਤਾਂ ਦੀਆਂ ਭਾਵਨਾਵਾਂ ਦੇ ਉਲਟ ਫੈਸਲੇ ਨਾ ਲੈਣ, ਦਿਨੋਂ ਦਿਨ ਤਖ਼ਤਾਂ ਦੀ ਮਰਯਾਦਾ ਨੂੰ ਵੀ ਢਾਹ ਲੱਗ ਰਹੀ ਹੈ। ਇਸ ਤਰ੍ਹਾਂ ਦੀ ਕਵਾਇਦ ਤੋਂ ਸ਼੍ਰੋਮਣੀ ਕਮੇਟੀ ਨੂੰ ਗੁਰੇਜ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਜਥੇਦਾਰਾਂ ਨੂੰ ਬੇਪਤੀ ਨਾਲ ਆਹੁਦਿਆਂ ਤੋਂ ਬਰਖਾਸਤ ਕਰਨਾ, ਫਿਰ ਮਰਯਾਦਾ ਦਾ ਉਲੰਘਣ ਕਰਕੇ ਸਿੱਖ ਕੌਮ ਦੀਆਂ ਭਾਵਨਾਵਾਂ ਦੇ ਉਲਟ ਜਥੇਦਾਰ ਨੂੰ ਚੋਰ ਮੋਰੀ ਸੇਵਾ ਸੌਂਪੀ ਜਾਣੀ। ਉਨ੍ਹਾਂ ਕਿਹਾ ਸਿੱਖ ਜਥੇਬੰਦੀਆਂ ਇਸ ਨੂੰ ਪ੍ਰਵਾਨਗੀ ਨਹੀਂ ਦਿੰਦੀਆਂ। ਫਿਰ ਸ਼ੋਮਣੀ ਕਮੇਟੀ ਧੱਕੇਸ਼ਾਹੀ ਨਾਲ ਉਨ੍ਹਾਂ ਨੂੰ 1984 ਦੇ ਘੱਲੂਘਾਰੇ ਦੀ 41ਵੀਂ ਵਰੇਗੰਢ ਤੇ ਸੰਦੇਸ਼ ਦੇਣ ਅਤੇ ਸ਼ਹੀਦ ਪ੍ਰੀਵਾਰਾਂ ਨੂੰ ਉਸ ਤੋਂ ਸਨਮਾਨਤ ਕਰਨ ਸਬੰਧੀ ਆਪਣੀ ਜਿੱਦ ਕਿਉਂ ਪੁੱਗਾ ਰਹੀ ਹੈ। ਉਨ੍ਹਾਂ ਕਿਹਾ ਇਹ ਇੱਕ ਤਰ੍ਹਾਂ ਦਾ ਸ਼ਹੀਦ ਸਿੰਘਾਂ ਅਤੇ ਉਨ੍ਹਾਂ ਦੇ ਵਾਰਸਾਂ ਦਾ ਨਿਰਾਦਰ ਕਰਨ ਵਾਲੀ ਕਾਰਵਾਈ ਹੈ। ਇਸ ਫੌਜੀ ਹਮਲੇ ਦੇ ਮੁਖੀ ਸ਼ਹੀਦ ਸੰਤ ਬਾਬਾ ਜਰਨੈਲ ਸਿੰਘ ਭਿੰਡਰਾਂਵਾਲਿਆ ਦੇ ਸਪੁੱਤਰ ਨੇ ਸਪੱਸ਼ਟ ਰੂਪ ਵਿੱਚ ਸਿਰਪਾਓ ਲੈਣ ਤੋਂ ਨਾਹ ਕਰ ਦਿਤੀ ਹੈ। ਉਨ੍ਹਾਂ ਕਿਹਾ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨਿਹੰਗ ਸਿੰਘਾਂ ਦੀ ਜਿੰਦਜਾਨ ਸਤਿਕਾਰਤ ਸਰਵ ਉਚ ਅਸਥਾਨ ਹਨ ਇਨ੍ਹਾਂ ਅਸਥਾਨਾਂ ਦੀ ਅਜਮਤ ਲਈ ਸਾਡੀਆਂ ਅਨੇਕਾਂ ਕੁਰਬਾਨੀਆਂ ਹਨ। ਉਨ੍ਹਾਂ ਕਿਹਾ ਏਥੇ ਅਜਿਹੀ ਕੋਈ ਟਕਰਾਅ ਵਾਲੀ ਸਥਿਤੀ ਨਹੀਂ ਬਨਣੀ ਚਾਹੀਦੀ। ਸ਼੍ਰੋਮਣੀ ਕਮੇਟੀ ਨੂੰ ਆਪਣੇ ਫੈਸਲਿਆਂ ਸਬੰਧੀ ਸਵੈਪੜਚੋਲ ਕਰਨੀ ਚਾਹੀਦੀ ਹੈ, ਉਸ ਨੂੰ ਬਾਰ ਬਾਰ ਸਿੱਖ ਭਾਵਨਾਵਾਂ ਦੇ ਉਲਟ ਵਾਲੇ ਫੈਸਲੇ ਨਹੀਂ ਲੈਣੇ ਚਾਹੀਦੇ। ਉਨ੍ਹਾਂ ਕਿਹਾ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਪਹਿਲਾਂ ਹੀ ਫੈਸਲਾ ਕੀਤਾ ਹੋਇਆ ਹੈ ਕਿ ਇਸ ਜਥੇਦਾਰ ਨੂੰ ਕੋਈ ਸਿਰਪਾਓ ਨਾ ਦਿਤਾ ਜਾ ਸਕਦਾ, ਨਾ ਲਿਆ ਜਾ ਸਕਦਾ ਹੈ। ਤਖ਼ਤਾਂ ਦੀ ਮਾਨ ਮਰਯਾਦਾ ਕਾਇਮ ਰੱਖਣੀ ਸ਼੍ਰੋਮਣੀ ਕਮੇਟੀ ਤੇ ਹਰੇਕ ਸਿੱਖ ਦਾ ਮੁੱਢਲਾ ਫ਼ਰਜ਼ ਹੈ। ਪਰ ਅੱਜ ਤਾਂ ਤਖ਼ਤਾਂ ਵਿੱਚ ਟਕਰਾਅ ਪੈਦਾ ਹੋ ਗਿਆ ਜੋ ਨਹੀਂ ਸੀ ਹੋਇਆ। ਉਨ੍ਹਾਂ ਕਿਹਾ ਸਾਡਾ ਨਿਜੀ ਤੌਰ ਤੇ ਸ਼੍ਰੋਮਣੀ ਕਮੇਟੀ ਨਾਲ ਕੋਈ ਵਿਰੋਧ ਨਹੀਂ ਹੈ ਤਖ਼ਤਾਂ ਦੀ ਆਣ ਬਾਣ ਸ਼ਾਨ ਅਤੇ ਮਰਯਾਦਾ ਪੂਰਨ ਤੌਰ ਤੇ ਬਹਾਲ ਹੋਣੀ ਚਾਹੀਦੀ ਹੈ।

## ਕੇ.ਵੀ.ਕੇ. ਮੋਹਾਲੀ ਦੁਆਰਾ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਤਹਿਤ ਜਾਗਰੂਕਤਾ ਕੈਂਪ

**ਮੋਹਾਲੀ / ਅਸ਼ੋਕ ਜੋਸ਼ੀ**

ਭਾਰਤੀ ਖੇਤੀ ਖੋਜ ਪਰਿਸ਼ਦ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲਾ, ਨਵੀਂ ਦਿੱਲੀ ਦੁਆਰਾ ਚਲਾਏ ਜਾ ਰਹੇ 15 ਦਿਨੀਂ ਦੇਸ਼ ਵਿਆਪੀ ਪਹਿਲਕਦਮੀ "ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ"ਦੇ ਛੇਵੇਂ ਦਿਨ ਅੱਜ ਪਿੰਡ ਬਰਸਾਲਪੁਰ, ਨਗਲੀਆਂ, ਮਹਿਰੌਲੀ, ਬੱਸੀ ਇੱਸੇ ਖਾਨ, ਬਨੂੜ ਅਤੇ ਮੋਟੇ ਮਾਜਰਾ ਵਿਖੇ ਕ੍ਰਿਸ਼ੀ ਵਿਗਿਆਨ ਕੇਂਦਰ, ਐਸ.ਏ.ਐਸ. ਨਗਰ (ਮੋਹਾਲੀ) ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਐਸ.ਏ.ਐਸ. ਨਗਰ ਨੇ ਡਿਪਟੀ ਡਾਇਰੈਕਟਰ, ਡਾ. ਬਲਬੀਰ ਸਿੰਘ ਖੱਦਾ ਦੀ ਅਗਵਾਈ ਹੇਠ ਜਾਗਰੂਕਤਾ ਕੈਂਪ ਲਗਾਏ ਗਏ। ਪ੍ਰੋਗਰਾਮ ਦੌਰਾਨ ਕਿਸਾਨ ਵੀਰਾਂ, ਭੈਣਾਂ ਅਤੇ ਨੌਜਵਾਨਾਂ ਨੂੰ ਸਾਉਣੀ ਰੁੱਤ ਵਿੱਚ ਬੀਜੀਆਂ ਜਾਣ ਵਾਲੀਆਂ ਫ਼ਸਲਾਂ, ਡੇਅਰੀ ਫਾਰਮ, ਬੱਕਰੀ ਪਾਲਣ, ਮੱਛੀ ਪਾਲਣ ਦੀਆਂ ਨਵੀਨਤਮ ਤਕਨੀਕਾਂ ਅਤੇ ਖੇਤੀਬਾੜੀ, ਪਸ਼ੂ ਪਾਲਣ ਅਤੇ ਸਹਾਇਕ ਧੰਦਿਆਂ ਸੰਬੰਧੀ ਭਾਰਤ ਅਤੇ ਪੰਜਾਬ ਸਰਕਾਰ ਦੀਆਂ



ਸਕੀਮਾਂ ਦੀ ਜਾਣਕਾਰੀ ਦਿੱਤੀ ਗਈ। ਡਾ. ਹਰਮੀਤ ਕੌਰ ਅਤੇ ਡਾ. ਮੁਨੀਸ਼ ਸ਼ਰਮਾ ਨੇ ਕਿਸਾਨਾਂ ਨੂੰ ਮਿੱਟੀ ਦੀ ਜਾਂਚ, ਜੈਵਿਕ ਖੇਤੀ, ਸਾਉਣੀ ਰੁੱਤ ਵਿੱਚ ਬੀਜੀਆਂ ਜਾਣ ਵਾਲੀਆਂ ਫ਼ਸਲਾਂ ਅਤੇ ਸਬਜ਼ੀਆਂ ਬਾਰੇ ਦੱਸਿਆ। ਡਾ. ਪਾਰੁਲ ਗੁਪਤਾ ਨੇ ਦੁੱਧ ਅਤੇ ਰਿਵਾਇਤੀ ਅਨਾਜਾਂ ਦੇ ਮੁੱਲ ਵਰਧਕ ਉਤਪਾਦਾਂ ਬਾਰੇ ਜਾਣਕਾਰੀ ਦਿੱਤੀ। ਡਾ. ਗੁਲਗੁਲ ਸਿੰਘ ਨੇ ਮੱਛੀ ਪਾਲਣ ਦੇ ਕਿੱਤੇ ਨੂੰ ਅਪਣਾ ਕੇ ਆਪਣੀ ਆਮਦਨ ਨੂੰ ਵਧਾਉਣ ਲਈ ਅਤੇ ਮੱਛੀ ਪਾਲਣ ਨਾਲ ਸੰਬੰਧਿਤ ਸਰਕਾਰ ਦੀਆਂ ਸਕੀਮਾਂ ਬਾਰੇ ਦੱਸਿਆ। ਡਾ. ਅਮਨਦੀਪ ਸਿੰਘ ਨੇ ਪਸ਼ੂਆਂ ਦੀ ਸਿਹਤ ਲਈ ਖੁਰਾਕ ਵਿੱਚ ਧਾਤਾਂ ਦੇ ਚੂਰੇ, ਪਸ਼ੂ ਚਾਟ ਆਦਿ ਦੀ ਮਹੱਤਤਾ ਬਾਰੇ ਦੱਸਿਆ। ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਤੋਂ ਖੇਤੀਬਾੜੀ ਵਿਕਾਸ ਅਫ਼ਸਰ ਸ. ਗੁਰਪ੍ਰੀਤ ਸਿੰਘ ਅਤੇ ਸ. ਪਰਮਿੰਦਰ ਸਿੰਘ, ਸ. ਸ਼ੁਭਕਰਮਨ ਸਿੰਘ, ਸ. ਜਸਪ੍ਰੀਤ ਸਿੰਘ, ਅਜੇ ਕੁਮਾਰ ਅਤੇ ਸ. ਸੁੱਚਾ ਸਿੰਘ ਅਤੇ ਡੇਅਰੀ ਵਿਕਾਸ ਵਿਭਾਗ ਤੋਂ ਡੇਅਰੀ ਵਿਕਾਸ ਇੰਸਪੈਕਟਰ ਸ. ਕਰਨਵੀਰ ਸਿੰਘ ਨੇ ਵਿਭਾਗ ਦੀਆਂ ਸਕੀਮਾਂ ਬਾਰੇ ਕਿਸਾਨਾਂ ਨੂੰ ਦੱਸਿਆ। ਐਫ.ਏ.ਐਸ.ਸੀ. ਦੇ ਇੰਚਾਰਜ ਡਾ. ਆਰ.ਐਸ. ਘੁੰਮਣ ਨੇ ਸਾਉਣੀ ਰੁੱਤ ਵਿੱਚ ਬੀਜੀਆਂ ਜਾਣ ਵਾਲੀਆਂ ਫ਼ਸਲਾਂ ਦੀਆਂ ਕਿਸਮਾਂ ਬਾਰੇ ਦੱਸਿਆ।